ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ

# ਆਵਾਜ਼ਿ ਕੌਮ

Awaze Qaum

(ਯੂ. ਕੇ. ਤੋਂ ਪ੍ਰਕਾਸ਼ਿਤ)

International Daily Newspaper & WEB TV

www.awazeqaumtv.com

Also On

Visit on facebook

https://www.facebook.com/awazeqaumtv/videos/194899582124531/

https://youtu.be/LQwolgxDu7I

awazeqaumtvpunjab@gmail.com

ਵੀਰਵਾਰ, 13 ਜੂਨ 2024 (ਨਾਨਕਸ਼ਾਹੀ ਸੰਮਤ : ੫੫੬, ੩੧ ਜੇਠ) ਸੰਪਾਦਕ : ਰਘਵੀਰ ਸਿੰਘ ਵਾਲਸਾਲ ਯੂ. ਕੇ., ਸੰਪਰਕ : +447458381111,+447976210161,+919729091243

## ਕੁਵੈਤ ’ਚ ਮਜ਼ਦੂਰਾਂ ਦੀ ਇਮਾਰਤ ਵਿੱਚ ਲੱਗੀ ਅੱਗ

# 40 ਭਾਰਤੀਆਂ ਦੀ ਦਰਦਨਾਕ ਮੌਤ, 50 ਤੋਂ ਵੱਧ ਲੋਕ ਹਸਪਤਾਲ ’ਚ ਭਰਤੀ

**ਕੁਵੈਤ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਕੁਵੈਤ ਵਿੱਚ ਬੁੱਧਵਾਰ ਯਾਨੀਕਿ ਅੱਜ 12 ਜੂਨ ਨੂੰ ਮਜ਼ਦੂਰਾਂ ਦੀ ਇਮਾਰਤ ਵਿੱਚ ਭਿਆਨਕ ਅੱਗ ਲੱਗ ਗਈ ਜਿਸ ਵਿੱਚ 41 ਲੋਕਾਂ ਦੇ ਮਾਰੇ ਜਾਣ ਦਾ ਖਦਸ਼ਾ ਹੈ। ਨਿਊਜ਼ ਏਜੰਸੀ ਆਈਏਐਨਐਸ ਮੁਤਾਬਕ ਮਰਨ ਵਾਲਿਆਂ ਵਿੱਚ 40 ਭਾਰਤੀ ਹੋ ਸਕਦੇ ਹਨ। ਇਸ ਦੇ ਨਾਲ ਹੀ 50 ਤੋਂ ਵੱਧ ਲੋਕਾਂ ਨੂੰ ਹਸਪਤਾਲ ’ਚ ਭਰਤੀ ਕਰਵਾਇਆ ਗਿਆ ਹੈ। ਜ਼ਖਮੀਆਂ ’ਚ ਵੱਡੀ ਗਿਣਤੀ ਭਾਰਤੀ ਮਜ਼ਦੂਰ ਹਨ। ਅਧਿਕਾਰੀਆਂ ਨੇ ਦੱਸਿਆ ਕਿ ਕੁਵੈਤ ਦੇ ਦੱਖਣੀ ਅਹਿਮਦੀ ਗਵਰਨਰੇਟ ਦੇ ਮੰਗਾਫ ਇਲਾਕੇ ’ਚ ਸਥਿਤ ਛੇ ਮੰਜ਼ਿਲਾ ਇਮਾਰਤ ਦੀ ਰਸੋਈ ’ਚ ਬੁੱਧਵਾਰ ਤੜਕੇ ਅੱਗ ਲੱਗ ਗਈ। ਦੱਸਿਆ ਜਾ ਰਿਹਾ ਹੈ ਕਿ ਇਮਾਰਤ ’ਚ ਕਰੀਬ 160 ਲੋਕ ਰਹਿੰਦੇ ਸਨ, ਜੋ ਕਿ ਉਸੇ ਕੰਪਨੀ ਦੇ ਕਰਮਚਾਰੀ ਹਨ। ਦੱਸਿਆ ਜਾ ਰਿਹਾ ਹੈ ਕਿ ਉੱਥੇ ਰਹਿਣ ਵਾਲੇ ਕਈ ਕਰਮਚਾਰੀ ਭਾਰਤੀ ਸਨ। ਕੁਵੈਤ ਸਥਿਤ ਭਾਰਤੀ ਦੂਤਾਵਾਸ ਨੇ ‘ਐਕਸ’ ’ਤੇ ਇਕ ਪੋਸਟ ਵਿਚ ਕਿਹਾ- “ਅੱਜ ਭਾਰਤੀ ਕਾਮਿਆਂ ਨਾਲ ਵਾਪਰੇ ਦੁਖਦਾਈ ਅੱਗ ਹਾਦਸੇ ਦੇ ਸੰਬੰਧ ਵਿੱਚ, ਦੂਤਾਵਾਸ ਨੇ ਇੱਕ ਐਮਰਜੈਂਸੀ ਹੈਲਪਲਾਈਨ ਨੰਬਰ ਜਾਰੀ ਕੀਤਾ ਹੈ। ਸਾਰੇ ਸਬੰਧਤਾਂ ਨੂੰ ਅਪਡੇਟ ਜਾਣਕਾਰੀ ਲਈ ਇਸ ਹੈਲਪਲਾਈਨ ਨਾਲ ਜੁੜਨ ਦੀ ਬੇਨਤੀ ਕੀਤੀ ਜਾਂਦੀ ਹੈ। ਦੂਤਾਵਾਸ ਹਰ ਸੰਭਵ ਸਹਾਇਤਾ ਪ੍ਰਦਾਨ ਕਰਨ ਲਈ ਵਚਨਬੱਧ ਹੈ।” ਭਾਰਤੀ ਕੁਵੈਤ ਦੀ ਕੁੱਲ ਆਬਾਦੀ ਦਾ 21 ਪ੍ਰਤੀਸ਼ਤ (10 ਲੱਖ) ਅਤੇ ਕਰਮਚਾਰੀਆਂ ਦਾ 30 ਪ੍ਰਤੀਸ਼ਤ (ਲਗਭਗ 9 ਲੱਖ) ਬਣਦੇ ਹਨ। ਵਿਦੇਸ਼ ਮੰਤਰੀ ਐਸ ਜੈਸ਼ੰਕਰ ਨੇ ‘ਐਕਸ’ ’ਤੇ ਇੱਕ ਪੋਸਟ ਵਿੱਚ ਕਿਹਾ, “ਕੁਵੈਤ ਸਿਟੀ ਵਿੱਚ ਅੱਗ ਦੀ ਘਟਨਾ ਦੀ ਖ਼ਬਰ ਸੁਣ ਕੇ ਬਹੁਤ ਦੁੱਖ ਹੋਇਆ। ਦੱਸਿਆ ਜਾ ਰਿਹਾ ਹੈ ਕਿ 40 ਤੋਂ ਵੱਧ ਲੋਕਾਂ ਦੀ ਮੌਤ ਹੋ ਚੁੱਕੀ ਹੈ ਅਤੇ 50 ਤੋਂ ਵੱਧ ਲੋਕ ਹਸਪਤਾਲ ਵਿੱਚ ਭਰਤੀ ਹਨ। ਸਾਡਾ ਰਾਜਦੂਤ ਮੌਕੇ ’ਤੇ ਚਲਾ ਗਿਆ ਹੈ। ਅਸੀਂ ਹੋਰ ਜਾਣਕਾਰੀ ਦੀ ਉਡੀਕ ਕਰ ਰਹੇ ਹਾਂ।” ਉਨ੍ਹਾਂ ਕਿਹਾ, “ਇਸ ਦੁਖਦਾਈ ਘਟਨਾ ਵਿੱਚ ਜਾਨ ਗੁਆਉਣ ਵਾਲਿਆਂ ਦੇ ਪਰਿਵਾਰਾਂ ਪ੍ਰਤੀ ਮੇਰੀ ਡੂੰਘੀ ਸੰਵੇਦਨਾ ਹੈ। ਮੈਂ ਜ਼ਖਮੀਆਂ ਦੇ ਜਲਦੀ ਅਤੇ ਪੂਰੀ ਤਰ੍ਹਾਂ ਠੀਕ ਹੋਣ ਦੀ ਕਾਮਨਾ ਕਰਦਾ ਹਾਂ। ਸਾਡਾ ਦੂਤਾਵਾਸ ਇਸ ਸਬੰਧ ਵਿੱਚ ਸਾਰੇ ਸਬੰਧਤਾਂ ਨੂੰ ਪੂਰੀ ਸਹਾਇਤਾ ਪ੍ਰਦਾਨ ਕਰੇਗਾ।”






## ਪੰਜਾਬ ਪੁਲਸ ’ਚ ਫਰਜ਼ੀ ਭਰਤੀ ਘੁਟਾਲੇ ਦਾ ਪਰਦਾਫ਼ਾਸ਼, ਦੋ ਪੁਲਸ ਮੁਲਾਜ਼ਮ ਗ੍ਰਿਫ਼ਤਾਰ

**ਚੰਡੀਗੜ੍ਹ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ਵਿਜੀਲੈਂਸ ਬਿਊਰੋ ਨੇ ਸੂਬੇ ਵਿੱਚ ਭ੍ਰਿਸ਼ਟਾਚਾਰ ਵਿਰੁੱਧ ਵਿੱਢੀ ਮੁਹਿੰਮ ਦੌਰਾਨ ਕਰੀਬ ਪੰਜਾਬ ਪੁਲਸ ਵਿੱਚ ਫਰਜ਼ੀ ਭਰਤੀ ਘੁਟਾਲੇ ਦਾ ਪਰਦਾਫ਼ਾਸ਼ ਕਰਦਿਆਂ 102 ਨੌਜਵਾਨਾਂ ਨੂੰ ਸੂਬਾ ਪੁਲਸ ਵਿੱਚ ਦਰਜਾ-4 ਕਰਮਚਾਰੀਆਂ ਵਜੋਂ ਭਰਤੀ ਕਰਾਉਣ ਦਾ ਝਾਂਸਾ ਦੇ ਕੇ ਕੁੱਲ 26,02,926 ਰੁਪਏ ਦੀਆਂ ਰਿਸ਼ਵਤਾਂ ਲੈਣ ਦੇ ਦੋਸ਼ ਹੇਠ ਪੰਜਾਬ ਪੁਲਸ ਦੇ ਦੋ ਹੇਠਲੇ ਮੁਲਾਜ਼ਮਾਂ ਨੂੰ ਗ੍ਰਿਫ਼ਤਾਰ ਕੀਤਾ ਹੈ। ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਤੀਜੀ ਆਈ.ਆਰ.ਬੀ. ਵਿੱਚ ਬਤੌਰ ਕਲੀਨਰ (ਗਰੇਡ-4 ਕਰਮਚਾਰੀ) ਵਜੋਂ ਤਾਇਨਾਤ ਤਰਲੋਚਨ ਪਾਲ (ਨੰ. 207/ਐੱਸ) ਨਿਵਾਸੀ ਮੁਹੱਲਾ ਬੇਗਮਪੁਰ, ਆਦਮਪੁਰ, ਜ਼ਿਲ੍ਹਾ ਜਲੰਧਰ ਅਤੇ ਪੰਜਾਬ ਪੁਲਸ ਅਕੈਡਮੀ ਫਿਲੌਰ ਵਿੱਚ ਨਾਈ (ਗ੍ਰੇਡ-4 ਵਰਕਰ) ਵਜੋਂ ਤਾਇਨਾਤ ਸਹਿ-ਮੁਲਜ਼ਮ ਸੁਰਿੰਦਰਪਾਲ (ਨੰ. 3ਬੀ) ਨਿਵਾਸੀ ਪਿੰਡ ਸੀਕਰੀ, ਨੀਲੋਖੇੜੀ, ਜ਼ਿਲ੍ਹਾ ਕਰਨਾਲ, ਹਰਿਆਣਾ ਦਾ ਰਹਿਣ ਵਾਲੇ ਵਜੋਂ ਹੋਈ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਅੱਜ ਇਥੇ ਵਿਜੀਲੈਂਸ ਬਿਊਰੋ ਦੇ ਬੁਲਾਰੇ ਨੇ ਦੱਸਿਆ ਕਿ ਉਕਤ ਦੋਵਾਂ ਮੁਲਜ਼ਮਾਂ ਨੂੰ ਪਿੰਡ ਨੰਗਲਾਂ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ ਦੇ ਵਸਨੀਕ ਸੁਰਿੰਦਰ ਸਿੰਘ ਵੱਲੋਂ ਮੁੱਖ ਮੰਤਰੀ ਦੀ ਭ੍ਰਿਸ਼ਟਾਚਾਰ ਵਿਰੋਧੀ ਐਕਸ਼ਨ ਲਾਈਨ ਪੋਰਟਲ ’ਤੇ ਦਰਜ ਕਰਵਾਈ ਗਈ ਸ਼ਿਕਾਇਤ ਦੀ ਜਾਂਚ ਉਪਰੰਤ ਗ੍ਰਿਫ਼ਤਾਰ ਕੀਤਾ ਗਿਆ ਹੈ।

## ਜਲੰਧਰ ’ਚ ਦਿਲ ਦਹਿਲਾ ਦੇਣ ਵਾਲਾ ਹਾਦਸਾ! ਵਿਆਹ ਲਈ ਸਬਜ਼ੀ ਲੈਣ ਜਾ ਰਹੇ ਪਿਉ-ਪੁੱਤ ਨੂੰ ਟਿੱਪਰ ਨੇ ਦਰੜਿਆ, ਟੁਕੜੇ-ਟੁਕੜੇ ਹੋਏ ਸਰੀਰ

**ਜਲੰਧਰ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਜਲੰਧਰ ’ਚ ਬੁੱਧਵਾਰ ਸਵੇਰੇ ਇੱਕ ਦਿਲ ਦਹਿਲਾਉਣ ਵਾਲਾ ਹਾਦਸਾ ਹੋਇਆ ਹੈ। ਇੱਥੇ ਤੇਜ਼ ਰਫਤਾਰ ਟਿੱਪਰ ਨੇ ਬਾਈਕ ਸਵਾਰ ਪਿਓ-ਪੁੱਤ ਨੂੰ ਕੁਚਲ ਦਿੱਤਾ। ਹਾਦਸਾ ਇੰਨਾ ਭਿਆਨਕ ਸੀ ਕਿ ਦੋਵਾਂ ਦੇ ਸਰੀਰ ਦੇ ਟੁਕੜੇ-ਟੁਕੜੇ ਹੋ ਗਏ। ਦੋਵਾਂ ਦੀ ਮੌਕੇ ’ਤੇ ਹੀ ਮੌਤ ਹੋ ਗਈ। ਇਹ ਹਾਦਸਾ ਨਕੋਦਰ ਰੋਡ ’ਤੇ ਖਾਲਸਾ ਸਕੂਲ ਨੇੜੇ ਵਾਪਰਿਆ। ਭਾਰਗਵ ਕੈਂਪ ਥਾਣਾ ਪੁਲਿਸ ਨੇ ਦੋਵਾਂ ਦੀਆਂ ਲਾਸ਼ਾਂ ਨੂੰ ਕਬਜ਼ੇ ’ਚ ਲੈ ਕੇ ਹਸਪਤਾਲ ਭੇਜ ਦਿੱਤਾ। ਮ੍ਰਿਤਕਾਂ ਦੀ ਪਛਾਣ ਜਸਵੀਰ ਸਿੰਘ (42) ਤੇ ਕਰਮਣ ਸਿੰਘ (16) ਵਾਸੀ ਪਿੰਡ ਹੇਰਾਂ ਵਜੋਂ ਹੋਈ ਹੈ। ਜਸਵੀਰ ਦੇ ਜੀਜਾ ਮਹਿੰਦਰ ਸਿੰਘ ਨੇ ਦੱਸਿਆ ਕਿ ਅੱਜ ਬੇਟੀ ਦਾ ਵਿਆਹ ਹੈ। ਇਸ ਲਈ ਸਬਜ਼ੀ ਲੈਣ ਲਈ ਮਕਸੂਦਾਂ ਮੰਡੀ ਜਾ ਰਹੇ ਸੀ। ਮੈਂ ਬਾਈਕ ’ਤੇ ਥੋੜ੍ਹਾ ਅੱਗੇ ਸੀ। ਦੂਜੀ ਬਾਈਕ ’ਤੇ ਜਸਵੀਰ ਤੇ ਕਰਮਨ ਆ ਰਹੇ ਸੀ। ਕੁਝ ਦੂਰ ਜਾ ਕੇ ਜਦੋਂ ਜਸਵੀਰ ਨਾ ਪਹੁੰਚਿਆ ਤਾਂ ਉਸ ਨੇ ਫੋਨ ਕੀਤਾ ਪਰ ਕਿਸੇ ਨੇ ਫੋਨ ਨਹੀਂ ਚੁੱਕਿਆ। ਫਿਰ ਉਸ ਨੇ ਪਿੰਡ ਫੋਨ ਕਰਕੇ ਕਿਹਾ ਕਿ ਜਸਵੀਰ ਤੇ ਕਰਮਣ ਫੋਨ ਨਹੀਂ ਚੁੱਕ ਰਹੇ। ਇਸ ਤੋਂ ਬਾਅਦ ਉਹ ਆਪਣੀ ਬਾਈਕ ’ਤੇ ਵਾਪਸ ਚੱਲ ਪਿਆ। ਜਦੋਂ ਖਾਲਸਾ ਸਕੂਲ ਡੰਪ ਨੇੜੇ ਪੁੱਜਾ ਤਾਂ ਉਸ ਨੂੰ ਹਾਦਸੇ ਬਾਰੇ ਪਤਾ ਲੱਗਾ। ਇਸ ਤੋਂ ਬਾਅਦ ਉਸ ਨੇ ਘਟਨਾ ਦੀ ਜਾਣਕਾਰੀ ਪਰਿਵਾਰਕ ਮੈਂਬਰਾਂ ਨੂੰ ਦਿੱਤੀ। ਘਟਨਾ ਤੋਂ ਬਾਅਦ ਮੌਕੇ ’ਤੇ ਲੋਕਾਂ ਦੀ ਭੀੜ ਇਕੱਠੀ ਹੋ ਗਈ। ਮੌਕਾ ਮਿਲਦੇ ਹੀ ਡਰਾਈਵਰ ਟਿੱਪਰ ਛੱਡ ਕੇ ਭੱਜ ਗਿਆ। ਇਸ ਤੋਂ ਬਾਅਦ ਲੋਕਾਂ ਨੇ ਪਿੱਛਾ ਕਰਕੇ ਡਰਾਈਵਰ ਨੂੰ ਕਰੀਬ ਇੱਕ ਕਿਲੋਮੀਟਰ ਦੂਰ ਫੜ ਲਿਆ। ਟਿੱਪਰ ਬਠਿੰਡਾ ਦੀ ਇੱਕ ਫਰਮ ਦਾ ਹੈ। ਪੁਲਿਸ ਨੇ ਟਿੱਪਰ ਨੂੰ ਆਪਣੇ ਕਬਜ਼ੇ ’ਚ ਲੈ ਲਿਆ ਹੈ। ਮਾਲਕ ਨੂੰ ਵੀ ਸੂਚਿਤ ਕਰ ਦਿੱਤਾ ਗਿਆ ਹੈ। ਹਾਦਸਾ ਇੰਨਾ ਦਰਦਨਾਕ ਸੀ ਕਿ ਲਾਸ਼ਾਂ ਬੁਰੀ ਤਰ੍ਹਾਂ ਕੁਚਲੀਆਂ ਗਈਆਂ। ਪਿਓ-ਪੁੱਤ ਦੀਆਂ ਲਾਸ਼ਾਂ ਦੇ ਕੁਝ ਹਿੱਸੇ ਸੜਕ ’ਤੇ ਦੂਰ ਤੱਕ ਪਏ ਸਨ। ਸੜਕ ਵੀ ਖੂਨ ਨਾਲ ਪੂਰੀ ਤਰ੍ਹਾਂ ਲਾਲ ਹੋ ਗਈ। ਪੁਲਿਸ ਨੇ ਪਹਿਲਾਂ ਸਰੀਰ ਦੇ ਸਾਰੇ ਅੰਗ ਇਕੱਠੇ ਕੀਤੇ, ਫਿਰ ਲਿਫਾਫੇ ’ਚ ਪਾ ਕੇ ਹਸਪਤਾਲ ਭੇਜ ਦਿੱਤੇ। ਜਾਂਚ ਅਧਿਕਾਰੀ ਏਐਸਆਈ ਰਘੁਵੀਰ ਸਿੰਘ ਨੇ ਦੱਸਿਆ ਕਿ ਸਵੇਰੇ ਕਰੀਬ 6.30 ਵਜੇ ਪੁਲਿਸ ਕੰਟਰੋਲ ਰੂਮ ਤੋਂ ਸੂਚਨਾ ਮਿਲੀ ਕਿ ਉਕਤ ਸਥਾਨ ’ਤੇ ਹਾਦਸਾ ਹੋ ਗਿਆ ਹੈ। ਘਟਨਾ ਵਾਲੀ ਥਾਂ ਤੋਂ ਟਿੱਪਰ ਤੇ ਮ੍ਰਿਤਕ ਦਾ ਪਲੈਟੀਨਾ ਬਾਈਕ (ਪੀਬੀ 03 ਈ 2186) ਜ਼ਬਤ ਕਰ ਲਿਆ ਗਿਆ। ਮੁਲਜ਼ਮ ਟਿੱਪਰ ਨੂੰ ਤਾਲਾ ਲਾ ਕੇ ਉਥੋਂ ਫ਼ਰਾਰ ਹੋ ਗਏ। ਇਸ ਸਬੰਧੀ ਮਾਮਲਾ ਦਰਜ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ।

## ਫਗਵਾੜਾ ਨੇੜੇ ਵੱਡੀ ਘਟਨਾ, ‘ਵੰਦੇ ਭਾਰਤ ਐਕਸਪ੍ਰੈੱਸ ਟਰੇਨ’ ’ਤੇ ਹੋਇਆ ਪਥਰਾਅ, ਦਹਿਸ਼ਤ ’ਚ ਯਾਤਰੀ



**ਫਗਵਾੜਾ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਅੰਮ੍ਰਿਤਸਰ ਤੋਂ ਦਿੱਲੀ ਲਈ ਚੱਲ ਰਹੀ ਵੰਦੇ ਭਾਰਤ ਐਕਸਪ੍ਰੈਸ ਰੇਲਗੱਡੀ 22488 ’ਤੇ ਫਗਵਾੜਾ ਨੇੜੇ ਅਣਪਛਾਤੇ ਵਿਅਕਤੀਆਂ ਵੱਲੋਂ ਪਥਰਾਅ ਕੀਤੇ ਜਾਣ ਦੀ ਸਨਸਨੀਖੇਜ਼ ਸੂਚਨਾ ਮਿਲੀ ਹੈ। ਜਾਣਕਾਰੀ ਮੁਤਾਬਕ ਟਰੇਨ ਦੇ ਸੀ-3 ਕੋਚ ’ਤੇ ਪਥਰਾਅ ਕੀਤਾ ਗਿਆ ਹੈ, ਜਿਸ ’ਚ ਦੋ ਖਿੜਕੀਆਂ ਦੇ ਸ਼ੀਸ਼ੇ ਬੁਰੀ ਤਰ੍ਹਾਂ ਨਾਲ ਨੁਕਸਾਨੇ ਗਏ। ਘਟਨਾ ਤੋਂ ਬਾਅਦ ਵੰਦੇ ਭਾਰਤ ਟਰੇਨ ’ਚ ਸਫ਼ਰ ਕਰ ਰਹੇ ਰੇਲਵੇ ਯਾਤਰੀਆਂ ’ਚ ਡਰ ਅਤੇ ਸਹਿਮ ਦਾ ਮਾਹੌਲ ਹੈ। ਰੇਲਗੱਡੀ ਦੇ ਸੀ 3 ਕੋਚ ਵਿੱਚ ਸਫ਼ਰ ਕਰ ਰਹੇ ਗੁਰੂਗ੍ਰਾਮ ਦੇ ਵਸਨੀਕ ਪੂਨਮ ਕਾਲੜਾ ਅਤੇ ਡਾਲੀ ਠੁਕਰਾਲ ਨੇ ਦੱਸਿਆ ਕਿ ਜਿਵੇਂ ਹੀ ਉਹ ਫਗਵਾੜਾ ਤੋਂ ਦਿੱਲੀ ਜਾਣ ਵਾਲੀ ਵੰਦੇ ਭਾਰਤ ਟਰੇਨ ਐਕਸਪ੍ਰੈਸ ਵਿੱਚ ਸਵਾਰ ਹੋਏ ਤਾਂ ਉਨ੍ਹਾਂ ਨੇ ਆਪਣੀ ਸੀਟ ਨੇੜੇ ਇਕ ਜ਼ੋਰਦਾਰ ਆਵਾਜ਼ ਸੁਣੀ। ਉਸ ਨੇ ਦੱਸਿਆ ਕਿ ਕੁਝ ਸਮੇਂ ਲਈ ਤਾਂ ਕਿਸੇ ਨੂੰ ਕੁਝ ਪਤਾ ਨਹੀਂ ਚਲ ਸਕਿਆ ਪਰ ਬਾਅਦ ’ਚ ਜਦੋਂ ਪੂਰੇ ਮਾਮਲੇ ਦੀ ਡੂੰਘਾਈ ਨਾਲ ਜਾਂਚ ਕੀਤੀ ਗਈ ਤਾਂ ਪਤਾ ਲੱਗਾ ਕਿ ਵੰਦੇ ਭਾਰਤ ਐਕਸਪ੍ਰੈਸ ਟਰੇਨ ਦੇ ਸੀ 3 ਕੋਚ ’ਤੇ ਬਾਹਰੋਂ ਆਏ ਅਣਪਛਾਤੇ ਵਿਅਕਤੀਆਂ ਵੱਲੋਂ ਪਥਰਾਅ ਕੀਤਾ ਗਿਆ ਸੀ। ਹਾਲਾਂਕਿ ਕੁਝ ਯਾਤਰੀਆਂ ਦਾ ਕਹਿਣਾ ਹੈ ਕਿ ਇਹ ਪੱਥਰ ਬਾਹਰੋਂ ਆਏ ਬੱਚਿਆਂ ਨੇ ਸੁੱਟੇ ਹਨ? ਜਦਕਿ ਕੁਝ ਦਾ ਕਹਿਣਾ ਹੈ ਕਿ ਇਹ ਪੱਥਰਬਾਜ਼ੀ ਸ਼ਰਾਰਤ ਨਾਲ ਕੀਤੀ ਗਈ ਹੈ। ਦੂਜੇ ਪਾਸੇ ਵੰਦੇ ਭਾਰਤ ਟਰੇਨ ’ਤੇ ਪਥਰਾਅ ਦੀ ਸੂਚਨਾ ਮਿਲਣ ਤੋਂ ਬਾਅਦ ਰੇਲਵੇ ਵਿਭਾਗ ਦੇ ਕਰਮਚਾਰੀ ਅਤੇ ਹੋਰ ਅਧਿਕਾਰੀ ਟਰੇਨ ਦੇ ਸੀ 3 ਕੋਚ ’ਤੇ ਪੁੱਜੇ ਅਤੇ ਸਾਰੀ ਘਟਨਾ ਦੀ ਜਾਣਕਾਰੀ ਹਾਸਲ ਕੀਤੀ। ਅਹਿਮ ਪਹਿਲੂ ਇਹ ਹੈ ਕਿ ਪਿਛਲੇ ਲੰਮੇ ਸਮੇਂ ਤੋਂ ਫਗਵਾੜਾ ਗੋਰਾਇਆ ਰੇਲਵੇ ਟ੍ਰੈਕ ’ਤੇ ਕਿਸੇ ਵੀ ਰੇਲ ਗੱਡੀ ’ਤੇ ਪਥਰਾਅ ਦੀ ਅਜਿਹੀ ਘਟਨਾ ਵੇਖਣ ਨੂੰ ਨਹੀਂ ਮਿਲੀ ਪਰ ਜਿਸ ਤਰ੍ਹਾਂ ਅੱਜ ਫਗਵਾੜਾ ਗੋਰਿਆਣਾ ਰੇਲਵੇ ਟ੍ਰੈਕ ’ਤੇ ਅੰਮ੍ਰਿਤਸਰ-ਦਿੱਲੀ ਵਿਚਾਲੇ ਚੱਲਦੀ ਵੰਦੇ ਭਾਰਤ ਐਕਸਪ੍ਰੈਸ ਟਰੇਨ ’ਤੇ ਪਥਰਾਅ ਕੀਤਾ ਗਿਆ, ਉਸ ਨੇ ਕਈ ਸਵਾਲ ਖੜ੍ਹੇ ਕਰ ਦਿੱਤੇ ਹਨ ਅਤੇ ਇਹ ਮਾਮਲਾ ਲਿਖੇ ਜਾਣ ਤੱਕ ਇਹ ਵੱਡੀ ਬੁਝਾਰਤ ਬਣੀ ਹੋਈ ਹੈ ਕਿ ਆਖਿਰ ਵੰਦੇ ਭਾਰਤ ਟਰੇਨ ’ਤੇ ਇਹ ਪੱਥਰਬਾਜ਼ੀ ਕਿਸ ਨੇ ਅਤੇ ਕਿਉਂ ਕੀਤੀ ਹੈ?

## ਅੰਮ੍ਰਿਤਪਾਲ ਸਿੰਘ ਦੀ ਰਿਹਾਈ ’ਤੇ ਕਸੂਤੀ ਘਿਰੀ ਭਗਵੰਤ ਮਾਨ ਸਰਕਾਰ! ਪੰਜਾਬ ਦੀ ਸਿਆਸਤ ’ਚ ਵੱਡੀ ਹਲਚਲ

**ਚੰਡੀਗੜ੍ਹ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਖਡੂਰ ਸਾਹਿਬ ਲੋਕ ਸਭਾ ਹਲਕੇ ਤੋਂ ਸੰਸਦ ਮੈਂਬਰ ਬਣੇ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਨੇ ਪੰਜਾਬ ਦੀ ਸਿਆਸਤ ਵਿੱਚ ਹੱਲਚਲ ਮਚਾ ਦਿੱਤੀ ਹੈ। ’ਵਾਰਿਸ ਪੰਜਾਬ ਦੇ’ ਜਥੇਬੰਦੀ ਦੇ ਮੁਖੀ ਅੰਮ੍ਰਿਤਪਾਲ ਸਿੰਘ ਨੇ ਲੋਕ ਸਭਾ ਚੋਣਾਂ ਵਿੱਚ ਵੱਡੀ ਲੀਡ ਨਾਲ ਜਿੱਤ ਹਾਸਲ ਕਰਕੇ ਪੰਥਕ ਕਹਾਉਣ ਵਾਲੇ ਸ਼੍ਰੋਮਣੀ ਅਕਾਲੀ ਦਲ ਤੇ ਸੱਤਾਧਿਰ ਆਮ ਆਦਮੀ ਪਾਰਟੀ ਨੂੰ ਵੱਡੀ ਸੱਟ ਮਾਰੀ ਹੈ। ਸਿਆਸੀ ਮਾਹਿਰਾਂ ਮੁਤਾਬਕ ਲੋਕ ਸਭਾ ਚੋਣਾਂ ਵਿੱਚ ਸ਼੍ਰੋਮਣੀ ਅਕਾਲੀ ਦਲ ਤੇ ਆਮ ਆਦਮੀ ਪਾਰਟੀ ਦੀ ਮਾੜੀ ਕਾਰਗੁਜਾਰੀ ਵਿੱਚ ਅੰਮ੍ਰਿਤਪਾਲ ਸਿੰਘ ਫੈਕਟਰ ਨੇ ਅਹਿਮ ਰੋਲ ਅਦਾ ਕੀਤਾ ਹੈ। ਇਹੀ ਕਾਰਨ ਹੈ ਕਿ ਚੋਣਾਂ ਤੋਂ ਤੁਰੰਤ ਬਾਅਦ ਸ਼੍ਰੋਮਣੀ ਅਕਾਲੀ ਦਲ ਨੇ ਯੂ-ਟਰਨ ਲੈਂਦਿਆਂ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਲਈ ਪੈਰਵਾਈ ਸ਼ੁਰੂ ਕਰ ਦਿੱਤੀ ਹੈ। ਦੂਜੇ ਪਾਸੇ ਸੱਤਾਧਿਰ ਆਮ ਆਦਮੀ ਪਾਰਟੀ ਹੁਣ ਕਸੂਤੀ ਘਿਰਦੀ ਨਜ਼ਰ ਆ ਰਹੀ ਹੈ। ਦਰਅਸਲ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਦੇ ਮਾਮਲੇ ਨੂੰ ਲੈ ਕੇ ਹੁਣ ਮਾਮਲਾ ਤੂਲ ਫੜਨ ਲੱਗਾ ਹੈ। ਇਸ ਸਬੰਧ ਵਿੱਚ ਅੰਮ੍ਰਿਤਪਾਲ ਸਿੰਘ ਦੇ ਮਾਪਿਆਂ ਤੇ ਹੋਰਨਾਂ ਵੱਲੋਂ ਕੇਂਦਰ ਤੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਗਈ ਕਿ ਉਨ੍ਹਾਂ ਨੂੰ ਮਿਲੇ ਲੋਕ ਫਤਵੇ ਦੇ ਮੱਦੇਨਜ਼ਰ ਅੰਮ੍ਰਿਤਪਾਲ ਸਿੰਘ ਤੇ ਉਸ ਦੇ ਸਾਥੀਆਂ ਖਿਲਾਫ ਲਾਏ ਗਏ ਐਨਐਸਏ (ਕੌਮੀ ਸੁਰੱਖਿਆ ਐਕਟ) ਨੂੰ ਖਤਮ ਕੀਤਾ ਜਾਏ ਤੇ ਉਨ੍ਹਾਂ ਦੀ ਰਿਹਾਈ ਕੀਤੀ ਜਾਵੇ। ਮੰਨਿਆ ਜਾ ਰਿਹਾ ਹੈ ਕਿ ਅਗਲੇ ਸਮੇਂ ਵਿੱਚ ਪੰਜਾਬ ਦੇ ਪੰਜ ਵਿਧਾਨ ਸਭਾ ਹਲਕਿਆਂ ਵਿੱਚ ਹੋਣ ਜਾ ਰਹੀਆਂ ਜ਼ਿਮਨੀ ਚੋਣਾਂ ਵਿੱਚ ਅੰਮ੍ਰਿਤਪਾਲ ਸਿੰਘ ਦੀ ਰਿਹਾਈ ਦਾ ਮੁੱਦਾ ਗਰਮਾ ਸਕਦਾ ਹੈ। ਗਰਮਖਿਆਲੀ ਧਿਰਾਂ ਅੰਮ੍ਰਿਤਪਾਲ ਸਿੰਘ ਦੀ ਗ੍ਰਿਫਤਾਰੀ ਤੇ ਐਨਐਸਏ ਲਾਉਣ ਲਈ ਕੇਂਦਰ ਦੇ ਨਾਲ ਹੀ ਭਗਵੰਤ ਮਾਨ ਸਰਕਾਰ ਨੂੰ ਵੀ ਬਰਾਬਰ ਜ਼ਿੰਮੇਵਾਰ ਮੰਨ ਰਹੀਆਂ ਹਨ। ਇਸ ਲਈ ਪੰਜਾਬ ਸਰਕਾਰ ਉਪਰ ਦਬਾਅ ਬਣਾਉਣਾ ਸ਼ੁਰੂ ਕੀਤਾ ਗਿਆ ਹੈ। ਮੰਗਲਵਾਰ ਨੂੰ ਅੰਮ੍ਰਿਤਪਾਲ ਸਿੰਘ ਦੇ ਮਾਤਾ ਬਲਵਿੰਦਰ ਕੌਰ, ਪਿਤਾ ਤਰਸੇਮ ਸਿੰਘ, ਚਾਚਾ ਸੁਖਚੈਨ ਸਿੰਘ ਤੇ ਬੀਬੀ ਪਰਮਜੀਤ ਕੌਰ ਖਾਲੜਾ ਨੇ ਮੀਡੀਆ ਨਾਲ ਗੱਲਬਾਤ ਕਰਦਿਆਂ ਕਿਹਾ ਕਿ ਖਡੂਰ ਸਾਹਿਬ ਲੋਕ ਸਭਾ ਹਲਕੇ ਤੋਂ ਭਾਰੀ ਵੋਟਾਂ ਨਾਲ ਜਿੱਤ ਹਾਸਲ ਕਰਨ ਦੇ ਬਾਵਜੂਦ ਅੰਮ੍ਰਿਤਪਾਲ ਸਿੰਘ ਨੂੰ ਰਿਹਾਅ ਨਹੀਂ ਕੀਤਾ ਜਾ ਰਿਹਾ। ਲੋਕਾਂ ਵੱਲੋਂ ਦਿੱਤਾ ਸਮਰਥਨ ਸਾਬਤ ਕਰਦਾ ਹੈ ਕਿ ਉਸ ਵੱਲੋਂ ਹਲਕੇ ਵਿੱਚ ਨਸ਼ਿਆਂ ਖਿਲਾਫ ਚਲਾਈ ਗਈ ਖਾਲਸਾ ਵਹੀਰ ਸਹੀ ਸੀ। ਲੋਕਾਂ ਦੀ ਭਾਵਨਾ ਨੂੰ ਧਿਆਨ ਵਿੱਚ ਰੱਖਦਿਆਂ ਸਰਕਾਰ ਨੂੰ ਉਸ ਖਿਲਾਫ ਐਨਐਸਏ ਹਟਾਉਣਾ ਚਾਹੀਦਾ ਹੈ। ਉਨ੍ਹਾਂ ਕੇਂਦਰ ਤੇ ਪੰਜਾਬ ਸਰਕਾਰ ਕੋਲੋਂ ਮੰਗ ਕੀਤੀ ਹੈ ਕਿ ਝੂਠੇ ਕੇਸ ਰੱਦ ਕਰਕੇ ਉਸ ਦੀ ਰਿਹਾਈ ਕੀਤੀ ਜਾਵੇ। ਉਨ੍ਹਾਂ ਦੱਸਿਆ ਕਿ ਇਸ ਮਾਮਲੇ ਨੂੰ ਅਮਰੀਕਾ ਵਿੱਚ ਵੀ ਉਭਾਰਿਆ ਗਿਆ ਹੈ। ਅਮਰੀਕਾ ਦੀਆਂ ਗੁਰਦੁਆਰਾ ਕਮੇਟੀਆਂ ਵੱਲੋਂ ਉਥੋਂ ਦੇ ਵਕੀਲ ਜਸਪ੍ਰੀਤ ਸਿੰਘ ਅਟਾਰਨੀ ਦੀ ਮਦਦ ਨਾਲ ਇਹ ਮਾਮਲਾ ਅਮਰੀਕੀ ਸਰਕਾਰ ਕੋਲ ਰੱਖਿਆ ਗਿਆ ਹੈ। ਇਸ ਸਬੰਧੀ ਉਹ ਅਮਰੀਕਾ ਦੀ ਉਪ ਰਾਸ਼ਟਰਪਤੀ ਕਮਲਾ ਹੈਰਿਸ ਨਾਲ ਮੁਲਾਕਾਤ ਕਰਨਗੇ ਤੇ ਮੰਗ ਪੱਤਰ ਦੇਣਗੇ।



## ਪੰਜਾਬ ਦੇ 12 ਜ਼ਿਲ੍ਹਿਆਂ ’ਚ ਯੈਲੋ ਤੇ 8 ਜ਼ਿਲ੍ਹਿਆਂ ’ਚ ਔਰੇਂਜ ਅਲਰਟ

**ਚੰਡੀਗੜ੍ਹ, 12 ਜੂਨ (ਆਵਾਜ਼ਿ ਕੌਮ ਬਿਊਰੋ)**-ਪੰਜਾਬ ’ਚ ਮੁੜ ਆਸਮਾਨੋਂ ਅੱਗ ਵਰ੍ਹਨ ਲੱਗੀ ਹੈ। ਲੋਕਾਂ ਨੂੰ ਅਗਲੇ ਚਾਰ ਦਿਨਾਂ ਤੱਕ ਭਿਆਨਕ ਗਰਮੀ ਦਾ ਸਾਹਮਣਾ ਕਰਨਾ ਪਵੇਗਾ। ਅੱਜ ਮੌਸਮ ਵਿਭਾਗ ਨੇ 12 ਜ਼ਿਲ੍ਹਿਆਂ ਲਈ ਯੈਲੋ ਅਲਰਟ ਤੇ ਅੱਠ ਜ਼ਿਲ੍ਹਿਆਂ ਲਈ ਔਰੇਂਜ ਅਲਰਟ ਜਾਰੀ ਕੀਤਾ ਹੈ। ਮੌਸਮ ਵਿਭਾਗ ਵੱਲੋਂ ਪਠਾਨਕੋਟ, ਗੁਰਦਾਸਪੁਰ, ਅੰਮ੍ਰਿਤਸਰ, ਤਰਨ ਤਾਰਨ, ਕਪੂਰਥਲਾ, ਜਲੰਧਰ, ਫ਼ਿਰੋਜ਼ਪੁਰ, ਮੋਗਾ, ਪਟਿਆਲਾ, ਮੋਹਾਲੀ, ਮਲੇਰਕੋਟਲਾ ਤੇ ਫਤਿਹਗੜ੍ਹ ਲਈ ਹੀਟ ਵੇਵ ਦਾ ਯੈਲੋ ਅਲਰਟ ਜਾਰੀ ਕੀਤਾ ਗਿਆ ਹੈ। ਜਦਕਿ ਸੰਗਰੂਰ, ਮਾਨਸਾ, ਬਰਨਾਲਾ, ਲੁਧਿਆਣਾ, ਬਠਿੰਡਾ, ਮੁਕਤਸਰ, ਫਰੀਦਕੋਟ, ਫਾਜ਼ਿਲਕਾ ਲਈ ਔਰੇਂਜ ਅਲਰਟ ਜਾਰੀ ਕੀਤਾ ਗਿਆ ਹੈ। 13 ਜੂਨ ਨੂੰ ਵੀ ਲਗਪਗ ਅਜਿਹਾ ਹੀ ਮੌਸਮ ਰਹੇਗਾ। ਪਿਛਲੇ 24 ਘੰਟਿਆਂ ਵਿੱਚ ਤਾਪਮਾਨ ਵਿੱਚ 1.0 ਡਿਗਰੀ ਦਾ ਵਾਧਾ ਹੋਇਆ ਹੈ। ਅੱਜ ਤਾਪਮਾਨ ਵਿੱਚ ਹੋਰ ਵਾਧਾ ਹੋਣ ਦੀ ਸੰਭਾਵਨਾ ਹੈ। ਸੂਬੇ ਦੇ ਸਾਰੇ ਜ਼ਿਲ੍ਹਿਆਂ ਵਿੱਚ ਵੱਧ ਤੋਂ ਵੱਧ ਤਾਪਮਾਨ ਹੁਣ 40 ਡਿਗਰੀ ਨੂੰ ਪਾਰ ਕਰ ਗਿਆ ਹੈ। ਮੰਗਲਵਾਰ ਨੂੰ ਪਠਾਨਕੋਟ ਸਭ ਤੋਂ ਗਰਮ ਰਿਹਾ। ਇੱਥੇ ਤਾਪਮਾਨ 46.9 ਡਿਗਰੀ ਦਰਜ ਕੀਤਾ ਗਿਆ। ਮੌਸਮ ਵਿਭਾਗ ਮੁਤਾਬਕ ਆਉਣ ਵਾਲੇ ਦਿਨਾਂ ਵਿੱਚ ਤਾਪਮਾਨ ਵਿੱਚ ਚਾਰ ਡਿਗਰੀ ਦਾ ਵਾਧਾ ਹੋ ਸਕਦਾ ਹੈ। ਇਸ ਮੌਸਮ ’ਚ ਹੀਟ ਸਟ੍ਰੋਕ ਦਾ ਖਤਰਾ ਵੱਧ ਜਾਂਦਾ ਹੈ। ਇਸ ਦੇ ਨਾਲ ਹੀ ਕਮਜ਼ੋਰ ਲੋਕਾਂ ਨੂੰ ਜ਼ਿਆਦਾ ਦੇਖਭਾਲ ਦੀ ਲੋੜ ਹੁੰਦੀ ਹੈ। ਸਿਹਤ ਮਾਹਿਰਾਂ ਮੁਤਾਬਕ ਜਿੰਨਾ ਹੋ ਸਕੇ ਘਰ ਦੇ ਅੰਦਰ ਹੀ ਰਹਿਣਾ ਚਾਹੀਦਾ ਹੈ। ਮੌਸਮ ਵਿਭਾਗ ਮੁਤਾਬ ਮੰਗਲਵਾਰ ਨੂੰ ਪੰਜਾਬ ਵਿੱਚ ਪਠਾਨਕੋਟ ਸਭ ਤੋਂ ਗਰਮ ਰਿਹਾ। ਇੱਥੇ ਤਾਪਮਾਨ 46.9 ਡਿਗਰੀ ਦਰਜ ਕੀਤਾ ਗਿਆ। ਇਸ ਤੋਂ ਬਾਅਦ ਬਠਿੰਡਾ ਵਿੱਚ 45.9 ਡਿਗਰੀ ਤੇ ਅੰਮ੍ਰਿਤਸਰ ਵਿੱਚ 45.1 ਡਿਗਰੀ ਤਾਪਮਾਨ ਦਰਜ ਕੀਤਾ ਗਿਆ। ਲੁਧਿਆਣਾ 44.3, ਪਟਿਆਲਾ 44.5, ਫਰੀਦਕੋਟ 43.0, ਗੁਰਦਾਸਪੁਰ 44.0, ਫਤਿਹਗੜ੍ਹ ਸਾਹਿਬ 43.0, ਫ਼ਿਰੋਜ਼ਪੁਰ 43.6, ਮੁਹਾਲੀ 43.2, ਰੋਪੜ 42.2 ਡਿਗਰੀ ਤਾਪਮਾਨ ਦਰਜ ਕੀਤਾ ਗਿਆ। ਪਿਛਲੇ 24 ਘੰਟਿਆਂ ਵਿੱਚ ਔਸਤ ਤਾਪਮਾਨ ਵਿੱਚ 1.1 ਡਿਗਰੀ ਦਾ ਵਾਧਾ ਹੋਇਆ ਹੈ। ਦੂਜੇ ਪਾਸੇ ਸੂਬੇ ਵਿੱਚ ਝੋਨੇ ਦਾ ਸੀਜ਼ਨ ਸ਼ੁਰੂ ਹੋ ਗਿਆ ਹੈ। ਵਿਭਾਗ ਨੇ ਕਿਸਾਨਾਂ ਨੂੰ ਬਿਨਾਂ ਕਿਸੇ ਰੁਕਾਵਟ ਦੇ ਅੱਠ ਘੰਟੇ ਬਿਜਲੀ ਦੇਣ ਦੀ ਤਿਆਰੀ ਕਰ ਲਈ ਹੈ। ਅਜਿਹੇ ’ਚ ਕੇਂਦਰ ਨੂੰ 1000 ਮੈਗਾਵਾਟ ਹੋਰ ਬਿਜਲੀ ਦੇਣ ਲਈ ਕਿਹਾ ਗਿਆ ਹੈ। ਰਾਜ ਦੀ ਕੁੱਲ ਬਿਜਲੀ ਉਤਪਾਦਨ ਸਮਰੱਥਾ 6500 ਮੈਗਾਵਾਟ ਹੈ, ਜਿਸ ਦੇ ਹੁਣ 15500 ਮੈਗਾਵਾਟ ਤੱਕ ਪਹੁੰਚਣ ਦੀ ਸੰਭਾਵਨਾ ਹੈ।



# Nankana Sahib Yatra Committe Uk



# pakistan gurdwara yatra

**6th november to 16th november 2024 yatra includes 25+ gurudwara sahib darshan .Accommodation in hotels and travel within pakistan and yatra start to finish point in AC coaches**

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

Note: It does not include flight ticket and insurance, it has to be done by the passenger himself.

ਜਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ ।ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।


*-- ਗੁਰੂ ਪੰਥ ਦੇ ਸੇਵਾਦਾਰ --*

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

- ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall
  +447976210161
- ਭਾਈ ਬਲਜੀਤ ਸਿਘ ਕੰਗ/Bhai Baljit Singh Kang
  +44 7780 605230
- ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)
  +44 7568 517223

## ਮੈਂ ਸਰੀਰਕ ਮੌਤ ਨੂੰ ਮੌਤ ਨਹੀ ਮੰਨਦਾ ਜਮੀਰ ਦਾ ਮਰਜਾਣਾ ਯਕੀਨਨ ਮੌਤ ਹੈ।

ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂਵਾਲੇ




Physical death i do not fear
death of conscience is a sure death
Sant Jarnail Singh Ji Khalsa Bhindranwale
www.damdamitaksal.net

---

ਦਮਦਮੀ ਟਕਸਾਲ

ਨਾਮ ਜਪੋ
ਕਿਰਤ ਕਰੋ
ਵੰਡ ਛੱਕੋ

Naam Japo
Kirat Karo
Vand Shako

ਜਥਾ ਭਿੰਡਰਾਂ (ਮਹਿਤਾ)
www.damdamitaksal.net

ਵਾਹਿਗੁਰੂ ਜੀ ਕਾ ਖਾਲਸਾ॥ WAHEGURU JI KA KHALSA
ਵਾਹਿਗੁਰੂ ਜੀ ਕੀ ਫਤਹਿ॥ WAHEGURU JI KI FATEH

**ਖੰਡੇ ਬਾਟੇ ਦੀ ਪਾਹੁਲ ਛੱਕ ਕੇ ਗੁਰੂ ਵਾਲੇ ਬਣੋ**
Khande Bate di Pahul Shak Ke Guru Wale Bano

**ਗੁਰਬਾਣੀ ਸੰਥਿਆ ਅਤੇ ਗੁਰਮਤਿ ਸਿੱਖਿਆ ਨਾਲ ਜੁੜੋ**
Join Gurbani Santhia and Gurmat Sikhia

**ਕੀਰਤਨ ਕਥਾ ਕਵੀਸ਼ਰੀ ਅਤੇ ਢਾਡੀ ਵਾਰਾਂ ਸਿੱਖੋ**
Learn Kirtan Katha Kavishri and Dhadi Waran

**ਗੁਰਮੁਖੀ ਪੰਜਾਬੀ ਸਿੱਖੋ**
Learn Gurmukhi Punjabi

**ਗਤਕਾ ਸਿੱਖੋ** Learn Gatka
www.damdamitaksal.net

---

ਆਵਾਜ਼ਿ ਕੌਮ
Daily Newspaper from U.K.

Publisher/Chief Editor
***Raghbir Singh Walsal***
E-mail : awazeqaumtv@gmail.com

www.awazeqaumtv.com

for AWAZE QAUM Channel

https://youtu.be/LQwolgxDu7l
Contact :
+447458381111
+447976210161
+919729091243

ਆਵਾਜ਼ਿ ਕੌਮ AWAZE QAUM TV



ਭਾਈ ਰਘਵੀਰ ਸਿੰਘ ਵਾਲਸਾਲ
ਯੂ.ਕੇ. ਮੁੱਖ ਸੰਪਾਦਕ
Raghbir Singh Walsall uk

**ਪੰਜਾਬੀ ਸਿੱਖੋ, ਪੰਜਾਬੀ ਪੜ੍ਹੋ, ਪੰਜਾਬੀ ਬੋਲੋ, ਮਾਂ ਬੋਲੀ ਪੰਜਾਬੀ ਅਤੇ ਆਪਣੇ ਪੰਜਾਬ ਨੂੰ ਪਿਆਰ ਕਰੋ**

## ਸਮੂਹ ਪੱਤਰਕਾਰ/ਲੇਖਕਾਂ ਦੇ ਧਿਆਨ ਹਿਤ

ਸਮੂਹ ਪੱਤਰਕਾਰਾਂ/ਲੇਖਕਾਂ ਨੂੰ ਅਪੀਲ ਹੈ ਕਿ ਉਹ ਆਪਣੀਆ ਖ਼ਬਰਾਂ, ਇਸ਼ਤਿਹਾਰ ਅਤੇ ਹੋਰ ਸਮੱਗਰੀ ਸ਼ੁੱਧ ਪੰਜਾਬੀ ਵਿੱਚ ਕੰਪੋਜ਼ ਕਰਕੇ ਭੇਜਣ। ਬਿਨਾਂ ਕੰਪੋਜ਼ ਕੀਤੀਆਂ ਗਈਆਂ ਖ਼ਬਰਾਂ, ਲੇਖ ਜਾਂ ਹੋਰ ਕਿਸੇ ਵੀ ਪ੍ਰਕਾਰ ਦੇ ਮੈਟਰ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ। **-ਸੰਪਾਦਕ**

---

24 SERVICE EVERYDAY HOURS

PURE AND NATURAL 100% VEGETARIAN PURE AND NATURAL

**Enjoy Real Taste of PUNJAB**

KD
FULLY A.C. HALL
**Khehra**
**VAISHNO DHABA**
BREAKFAST
LUNCH
DINNER

**OUR SPECIALIZATION :** Au Important Ingredients used to Prepare Dishes are Grown in our own farmes.

- Soup
- Burger
- Sandwich
- Pizza
- Grilled Breads
- Continental Fast Food
- Tandoori Snacks
- Tandoori Breads
- Biryani Khas
- Beverages
- Shakes
- Desserts
- Punjabi Snacks
- South Indian
- Kathi Roll
- Pasta
- Chines Food
- Raita Salad

V.P.O. Mallian
Jalandhar-Amritsar G.T. Road
NEAR JANDIALA GURU
Contact
98610-00057, 99152-32757



We Accept Online & Card Payment

---

# ਪੰਜਾਬੀ
## ਸਿੱਖੋ ਬੋਲੋ ਪੜ੍ਹੋ ਲਿਖੋ

ਮਾਂ ਬੋਲੀ ਪੰਜਾਬੀ ਨੂੰ ਪਿਆਰ ਕਰੋ

Love Maa Boli Punjabi

| | | | | |
|---|---|---|---|---|
| ੳ | ਅ | ੲ | ਸ | ਹ |
| ਕ | ਖ | ਗ | ਘ | ਙ |
| ਚ | ਛ | ਜ | ਝ | ਞ |
| ਟ | ਠ | ਡ | ਢ | ਣ |
| ਤ | ਥ | ਦ | ਧ | ਨ |
| ਪ | ਫ | ਬ | ਭ | ਮ |
| ਯ | ਰ | ਲ | ਵ | ੜ |
| ਸ਼ | ਖ਼ | ਗ਼ | ਜ਼ | ਫ਼ | ਲ਼ |

www.damdamitaksal.net

ਮੁਕਤਾ · ਾ ਕੰਨਾ · ਿ ਸਿਹਾਰੀ · ੀ ਬਿਹਾਰੀ
ੁ ਔਂਕੜ · ੂ ਦੁਲੈਂਕੜ · ੇ ਲਾਂ · ੈ ਦੁਲਾਵਾਂ
ੋ ਹੋੜਾ · ੌ ਕਨੌੜਾ · ੰ ਟਿੱਪੀ · ਾਂ ਕੰਨਾ-ਬਿੰਦੀ

www.damdamitaksal.net

੧ ੨ ੩ ੪ ੫ ੬ ੭ ੮ ੯ ੧੦

www.damdamitaksal.net

**Learn Speak Read Write PUNJABI**



ਦੇਗ ਤੇਗ ਫ਼ਤਿਹ – ਪੰਥ ਕੀ ਜੀਤ
ਹਮ ਰਾਖਤ ਪਾਤਿਸ਼ਾਹੀ ਦਾਵਾ ॥ ਜਾਂ ਇਤ ਕੋ ਜਾਂ ਅਗਲੋ ਪਾਵਾ ॥
ਸਲਾਨਾ ਜੋੜ ਮੇਲਾ
ਜਥੇਦਾਰ ਬਾਬਾ ਖੜਕ ਸਿੰਘ ਨਿਹੰਗ ਸਿੰਘ ਜੀ
ਧੰਨ-ਧੰਨ ਮਾਤਾ ਸਾਹਿਬ ਕੌਰ ਜੀ
ਗੁਰਮਤਿ ਸਮਾਗਮ
3 ਨਵੰਬਰ 2024 ਦਿਨ ਐਤਵਾਰ ਨੂੰ
ਸੰਤ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲੇ
ਗੁਰਦੁਆਰਾ ਸ਼ਹੀਦਾਂ, ਜੱਸੋਵਾਲ
(ਬੱਬਰਾਂ ਦਾ ਹਾਈਕੋਰਟ)
ਸੰਤ ਬਾਬਾ ਚਰਨਜੀਤ ਸਿੰਘ ਜੱਸੋਵਾਲ
ਦਮਦਮੀ ਟਕਸਾਲ ਭਿੰਡਰਾਂ ਵਾਲੇ, ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ,
ਪ੍ਰਧਾਨ ਭਾਈ ਲਾਲੋ ਜੀ ਸੰਤ ਸਮਾਜ, ਮੁੱਖ ਬੁਲਾਰਾ ਇੰਟਰਨੈਸ਼ਨਲ ਪੰਥਕ ਦਲ
ਸੰਪਰਕ ਨੰਬਰ
98141-27470


ਸਾਬਤ ਸੂਰਤਿ ਦਸਤਾਰ ਸਿਰਾ
ਦਸਤਾਰਾਂ ਹੀ ਦਸਤਾਰਾਂ
ਰੰਧਾਵਾ ਪਗੜੀ ਸੈਂਟਰ
ਦਸਤਾਰਾਂ ਦੇ ਥਾਨ ਥੋਕ ਦੇ ਭਾਅ ਖ਼ਰੀਦਣ ਲਈ ਸੰਪਰਕ ਕਰੋ।
ਦੁਨੀਆਂ ਦੇ ਕਿਸੇ ਵੀ ਕੋਨੇ 'ਚ ਦਸਤਾਰਾਂ ਮੰਗਵਾਉਣ ਲਈ ਸੰਪਰਕ ਕੀਤਾ ਜਾ ਸਕਦਾ ਹੈ।
ਇੱਥੇ ਹਰ ਤਰ੍ਹਾਂ ਦੀਆਂ ਪੱਗਾਂ ਅਤੇ ਸੁੰਦਰ ਰੁਮਾਲਾ ਸਾਹਿਬ ਮਿਲਦੇ ਹਨ।
ਰੈਣਕ ਬਾਜ਼ਾਰ, ਜਲੰਧਰ (ਪੰਜਾਬ)
ਸੰਪਰਕ ਨੰ. :
+91 98882-22446


ASA Gas Heating Solution Ltd.
Boilers
Certificates
Gas Work
Cylinders
Maintenance Services
Gas Safety Inspections
Plumbing Work
Vaillant APPROVED INSTALLER
WORCESTER Bosch Group
ਏ.ਐਸ.ਏ. ਗੈਸ ਹੀਟਿੰਗ ਸਲੂਸ਼ਨ ਲਿਮਟਿਡ ਕੰਪਨੀ ਦੇ ਮਾਲਕ ਜਾਣੇ ਪਹਿਚਾਣੇ ਗੋਲਡ ਮੈਡਲਿਸਟ ਢਾਡੀ ਜੱਥਾ ASA ਦੇ ਨੌਜਵਾਨਾਂ ਨੇ ਸ਼ੁਰੂ ਕੀਤੀ ਹੈ। ਜਿਹੜੇ ਗੈਸ ਅਤੇ ਬਿਜਲੀ ਦਾ ਕੰਮ ਬਹੁਤ ਹੀ ਤਸੱਲੀਬਖ਼ਸ਼ ਅਤੇ ਸਸਤੇ ਰੇਟਾਂ ਤੇ ਕਰਦੇ ਹਨ। ਨੌਜਵਾਨ ਬੱਚਿਆਂ ਨੇ ਨਵਾਂ ਨਵਾਂ ਆਪਣਾ ਕੰਮ ਸ਼ੁਰੂ ਕੀਤਾ ਹੈ। ਸੋ ਇਹਨਾਂ ਬੱਚਿਆਂ ਦਾ ਵੱਧ ਤੋਂ ਵੱਧ ਸਹਿਯੋਗ ਦੇਣ ਦੀ ਅਪੀਲ ਕੀਤੀ ਜਾਂਦੀ ਹੈ
Mr. Simran Singh : 0749 534 2620
asagasheatingsolutions@gmail.com
Call us now for a Free no-olbigation quote




*ਵਾਹਿਗੁਰੂ ਜੀ ਕਾ ਖਾਲਸਾ।*
*ਵਾਹਿਗੁਰੂ ਜੀ ਕੀ ਫ਼ਤਹਿ॥*





## ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿਚ ਪਿੰਡ ਸਲੇਮਪੁਰ ਮਸੰਦਾਂ ਦੀ ਸਮੂੰਹ ਸਾਧ ਸੰਗਤ ਵਲੋਂ ਗੁਰੂ ਨਾਨਕ ਗੁਰਦੁਆਰਾ ਵਾਲਸਾਲ ਰੋਡ ਵਿਲਨਹਾਲ ਵਿਖੇ

# ਧਾਰਮਿਕ ਸਮਾਗਮ 30 ਜੂਨ 2024, ਦਿਨ ਐਤਵਾਰ

ਗੁਰੂ ਪਿਆਰੀ ਸਾਧ ਸੰਗਤ ਜੀਓ, ਧੰਨ ਧੰਨ ਬਾਬਾ ਦਾਸਾ ਜੀ ਦੇ 70ਵੇਂ ਸਲਾਨਾ ਜੋੜ-ਮੇਲੇ ਦੀ ਮਿੱਠੀ ਯਾਦ ਵਿੱਚ ਪਿੰਡ ਸਲੇਮਪੁਰ ਮਸੰਦਾਂ ਦੀ ਸਾਧ ਸੰਗਤ ਦੇ ਸਹਿਯੋਗ ਨਾਲ 30 ਜੂਨ 2024 ਦਿਨ ਐਤਵਾਰ ਨੂੰ ਧਾਰਮਿਕ ਸਮਾਗਮ ਕਰਵਾਏ ਜਾ ਰਹੇ ਹਨ। ਸੋ ਸਮੂੰਹ ਸਾਧ ਸੰਗਤ ਅਤੇ ਪਿੰਡ ਸਲੇਮਪੁਰ ਮਸੰਦਾਂ ਦੇ ਨਗਰ ਨਿਵਾਸੀਆਂ ਨੂੰ ਨਿਮਰਤਾ ਸਹਿਤ ਬੇਨਤੀ ਹੈ ਕਿ ਸਮਾਗਮ ਦੀ ਰੌਣਕ ਵਧਾਉਣ ਲਈ ਪਰਿਵਾਰਾਂ ਸਮੇਤ ਸ਼ਾਮਲ ਹੋ ਕੇ ਧੰਨ ਧੰਨ ਸਾਹਿਬ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ।

## --✶ ਪ੍ਰੋਗਰਾਮ ✶--

☛ ਆਰੰਭ ਸ੍ਰੀ ਆਖੰਡਪਾਠ ਸਾਹਿਬ ਦਿਨ ਸ਼ੁਕਰਵਾਰ 28 ਜੂਨ 2024 ਸਵੇਰੇ 9:00 ਵਜੇ

☛ ਭੋਗ ਸ੍ਰੀ ਆਖੰਡਪਾਠ ਸਾਹਿਬ ਦਿਨ ਐਤਵਾਰ 30 ਜੂਨ 2024 ਸਵੇਰੇ 10 ਵਜੇ

☛ ਉਪਰੰਤ ਭਾਰੀ ਦੀਵਾਨ ਸਜਾਏ ਜਾਣਗੇ, ਜਿਸ ਵਿੱਚ ਗੁਰਬਾਣੀ ਕੀਰਤਨ (11.00 ਵਜੇ ਸਵੇਰੇ) ਅਤੇ ਕਥਾ ਦੁਆਰਾ ਜਥੇ ਸੰਗਤਾਂ ਨੂੰ ਨਿਹਾਲ ਕਰਨਗੇ

☛ ਤਿੰਨੋਂ ਦਿਨ ਗੁਰੂ ਕਾ ਲੰਗਰ ਅਤੁੱਟ ਵਰਤੇਗਾ

"WAHEGURU JI HA KHALSA
WAHEGURU JI HI FATEH"
On the special occasion of
DHAN DHAN BABA DASSA JI'S
70TH ANNUAL MELA
AKHAND PATH SAHIB
at
Guru Nanak Sikh Gurudwara Sahib
65-67 Walsall Rd, Willenhall
WV13 2RD,
United Kingdom

*Your presence is requested to attend as per programme*
*DATES: 28th June 2024 to 30th June 2024*
*28th June*
*Arambh Sri Akhand Path Sahib:9:00am*
*30th June*
*Bhog Sri Akhand Path Sahib: 10:00am*
*Kirtan: 11:00am*
*Langar: After kirtan*
*FROM:*
*ALL SANGAT OF SALEMPUR MASSANDAN*

ਗੁਰਦੁਆਰਾ ਸਾਹਿਬ ਦਾ ਪਤਾ : **Guru Nanak Gurdawara, 65-67 Walsall Road, Willenhall, WV 13 2RD**

30 ਜੂਨ, ਦਿਨ ਐਤਵਾਰ ਨੂੰ ਪ੍ਰੋਗਰਾਮ ਦਾ ਲਾਈਵ ਪ੍ਰਸਾਰਣ ਦੁਨੀਆਂ ਭਰ ਵਿੱਚ ਆਵਾਜ਼ਿ ਕੌਮ ਵੈੱਬ ਟੀ. ਵੀ. 'ਤੇ ਦੇਖਿਆ ਜਾ ਸਕਦਾ ਹੈ।

ਆਵਾਜ਼ਿ ਕੌਮ AWAZE QAUM WEB TV

**ਬੇਨਤੀ ਕਰਤਾ : ਇੰਗਲੈਂਡ ਨਿਵਾਸੀ ਸਾਧ ਸੰਗਤ, ਪਿੰਡ ਸਲੇਮਪੁਰ ਮਸੰਦਾਂ ਜ਼ਿਲ੍ਹਾ ਜਲੰਧਰ (ਪੰਜਾਬ)**


HAYES PLANT HIRE
WE TRAIN YOU GAIN
NPORS ACCREDITED
Telescopic Handler
Excavator 360
Road Roller
Forward Tipping Dumper
Tractor
Dozer
Plant Training and Testing on All
CATEGORIES OF
MACHINERY.
Dump Truck
HAYES PLANT HIRE
ਉਪਰੋਕਤ ਮਸ਼ੀਨਾਂ ਦੇ ਲਾਇਸੈਂਸ ਪ੍ਰਾਪਤ ਕਰਨ ਲਈ ਸੰਪਰਕ ਕਰੋ
NROPS Accredited
ਉਪਰੋਕਤ ਹਰ ਤਰ੍ਹਾਂ ਦੀ ਮਸ਼ੀਨਰੀ ਦੀ
ਟਰੇਨਿੰਗ ਅਤੇ ਟੈਸਟਿੰਗ ਦੀ ਸਿਖਲਾਈ ਦਿੱਤੀ ਜਾਂਦੀ ਹੈ।
CONTACT- 07831543004
Hollis Farm, Clay Cross Chesterfield. S45 9BA
01246864370
ਆਵਾਜ਼ਿ ਕੌਮ AWAZE QAUM
International Newspaper & WEB TV
CALL US TO BOOK YOUR CSCS LEVEL ONE COURSE.
07715 1-28621

ੴ ਸਤਿਗੁਰ ਪ੍ਰਸਾਦਿ॥

# ਗੁਰਦੁਆਰਾ ਗੁਰਦਰਸ਼ਨ ਪ੍ਰਕਾਸ਼ ਮਹਿਤਾ

ਹੈਡ ਕੁਆਟਰ :

ਦਮਦਮੀ ਟਕਸਾਲ, ਜੱਥਾ ਭਿੰਡਰਾਂ (ਮਹਿਤਾ), ਸ੍ਰੀ ਅੰਮ੍ਰਿਤਸਰ।

## ਸੰਤ ਗਿਆਨੀ ਹਰਨਾਮ ਸਿੰਘ ਜੀ ਖ਼ਾਲਸਾ 'ਭਿੰਡਰਾਂਵਾਲੇ'

ਮੁਖੀ ਦਮਦਮੀ ਟਕਸਾਲ, ਜੱਥਾ ਭਿੰਡਰਾਂ (ਮਹਿਤਾ) ਸੰਪਰਕ : 99158-00904

## ਸੱਦਾ ਪੱਤਰ

# 40ਵਾਂ ਸਲਾਨਾ ਸ਼ਹੀਦੀ ਜੋੜ ਮੇਲਾ

## 21-22-23 ਜੂਨ 2024 ਦਿਨ ਸ਼ੁਕਰ-ਸ਼ਨੀ-ਐਤਵਾਰ ਨੂੰ

## ਗੁਰਦੁਆਰਾ ਗੁਰੂ ਨਾਨਕ ਸਿੱਖ ਅਕੈਡਮੀ ਵਿਖੇ

ਸਪਰਿੰਗਫੀਲਡ ਰੋਡ, Hayes, UB4 OLT (UK) ਵਿਖੇ **ਮਨਾਇਆ ਜਾਵੇਗਾ।**

ਪਰਮ ਸਤਿਕਾਰਯੋਗ......**ਯੂ ਕੇ ਦੀ ਸਮੂਹ ਸਾਧਸੰਗਤ**...... ਜੀਓ!

ਆਪ ਜੀ ਨੂੰ ਸਨਿਮਰ ਬੇਨਤੀ ਕੀਤੀ ਜਾਂਦੀ ਹੈ ਕਿ ਦਮਦਮੀ ਟਕਸਾਲ ਦੇ 14ਵੇਂ ਮੁਖੀ, ਵੀਹਵੀਂ ਸਦੀ ਦੇ ਮਹਾਨ ਜਰਨੈਲ, ਪੰਥ ਰਤਨ, ਅਮਰ ਸ਼ਹੀਦ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ 'ਭਿੰਡਰਾਂਵਾਲਿਆਂ ਅਤੇ ਉਹਨਾਂ ਨਾਲ ਸ਼ਹੀਦ ਹੋਏ ਸਮੂਹ ਸ਼ਹੀਦਾਂ ਦੀ ਯਾਦ ਵਿੱਚ 40 ਵਾਂ ਸ਼ਹੀਦੀ ਸਮਾਗਮ ਗੁਰਦੁਆਰਾ ਗੁਰੂ ਨਾਨਕ ਸਿੱਖ ਅਕੈਡਮੀ ਸਪਰਿੰਗਫੀਲਡ (ਯੂ.ਕੇ.) ਵਿਖੇ ਮਨਾਇਆ ਜਾ ਰਿਹਾ ਹੈ।

**ਸੋ ਆਪ ਜੀ ਨੇ 21-22-23 ਜੂਨ 2024 ਦੇ ਸਮਾਗਮਾਂ ਵਿੱਚ ਦਰਸ਼ਨ ਦੇਣ ਦੀ ਕ੍ਰਿਪਾਲਤਾ ਕਰਨੀ ਜੀ।**

ਆਵਾਜ਼ਿ ਕੌਮ AWAZE QAUM International Newspaper & WEB TV

**ਦਾਸ ਆਪ ਜੀ ਦਾ ਅਤੀ ਧੰਨਵਾਦੀ ਹੋਵੇਗਾ।**

ਗੁਰੂ ਪੰਥ ਦਾ ਦਾਸ

ਹਰਨਾਮ ਸਿੰਘ ਖਾਲਸਾ

ਮੁਖੀ ਦਮਦਮੀ ਟਕਸਾਲ ਜੱਥਾ ਭਿੰਡਰਾਂ ਮਹਿਤਾ, ਪ੍ਰਧਾਨ ਸੰਤ ਸਮਾਜ

ਅੰਮ੍ਰਿਤ ਕੰਪਿਊਟਰ, ਜਲੰਧਰ। 9872239775




ਬੇਨਤੀ ਕਰਤਾ: ਵਾਰਿਸ ਪੰਜਾਬ ਦੇ 'ਅਤੇ ਸ਼੍ਰੋਮਣੀ ਅਕਾਲੀ ਦਲ ਅੰਮ੍ਰਿਤਸਰ(UK)

ਅੰਮ੍ਰਿਤ ਛਕੋ ਸ਼੍ਰੀ ਅਕਾਲ ਸਹਾਇ ਸਿੰਘ ਸਜੋ

## ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ

# ਗੁਰਮਤਿ ਸਿਖਲਾਈ ਕੈਂਪ- 2024

## ਮਿਤੀ 2 ਜੂਨ ਤੋਂ 30 ਜੂਨ ਤੱਕ ਰੋਜ਼ਾਨਾ

**ਗੁਰਦੁਆਰਾ ਗੁਰੂ ਨਾਨਕ ਪੁਰਾ ਨਾਰਨੌਲ - ਸਵੇਰੇ 09:00 ਤੋਂ 11:00 ਵਜੇ ਤੱਕ**

**ਗੁਰਦੁਆਰਾ ਕਿਰਾਰੋਦ ਨਾਰਨੌਲ - ਸ਼ਾਮ 05:00 ਤੋਂ 07:00 ਵਜੇ ਤੱਕ**

ਇਸ ਕੈਂਪ ਵਿੱਚ ਪੰਜਾਬੀ ਭਾਸ਼ਾ ਦਾ ਗਿਆਨ, ਸਿੱਖ ਧਰਮ ਦੀ ਮੁਢਲੀ ਜਾਣਕਾਰੀ, ਗੁਰਬਾਣੀ ਦਾ ਸ਼ੁੱਧ ਉਚਾਰਣ ਅਤੇ ਗੁਰਮੁਖੀ ਲਿਪੀ ਦੀ ਜਾਣਕਾਰੀ ਦਿੱਤੀ ਜਾਵੇਗੀ।

**ਵਿਸ਼ੇਸ਼ - ਕੈਂਪ ਦੀ ਸਮਾਪਤੀ ਤੋਂ ਉਪਰੰਤ 30 ਜੂਨ 2024 ਨੂੰ ਮਹਾਨ ਗੁਰਮਤਿ ਸਮਾਗਮ ਕਰਵਾਇਆ ਜਾਵੇਗਾ।**

ਜਿਸ ਵਿੱਚ ਕਥਾਵਾਚਕ, ਢਾਡੀ, ਕਵੀਸ਼ਰ ਅਤੇ ਹਜੂਰੀ ਰਾਗੀ ਜਥੇ ਹਾਜਰੀ ਭਰਨਗੇ। ਇਸ ਤੋਂ ਉਪਰੰਤ ਬੱਚਿਆਂ ਅਤੇ ਪ੍ਰਬੰਧਕਾਂ ਨੂੰ ਸਨਮਾਨਿਤ ਕੀਤਾ ਜਾਵੇਗਾ।



ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਸ. ਤਜਿੰਦਰਪਾਲ ਸਿੰਘ ਨਾਰਨੌਲ
ਅੰਤ੍ਰਿੰਗ ਕਮੇਟੀ ਮੈਂਬਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਬੇਨਤੀ ਕਰਤਾ :- ਸਮੂਹ ਸਾਧ ਸੰਗਤ ਨਾਰਨੌਲ ਅਤੇ ਸਕੱਤਰ ਧਰਮ ਪ੍ਰਚਾਰ (ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ)

---

ਅੰਮ੍ਰਿਤ ਛਕੋ ਸ਼੍ਰੀ ਅਕਾਲ ਸਹਾਇ ਸਿੰਘ ਸਜੋ

**ਗੁਰਮਤਿ ਸਿੱਖ ਕੇ ਅਸੀਂ ਸਿਖਾਉਣੀ ਅੰਮ੍ਰਿਤਧਾਰੀ ਕੌਮ ਬਣਾਉਣੀ ਕਰਨਾ ਸਿੱਖੀ ਦਾ ਪ੍ਰਚਾਰ ਸਾਰੀ ਦੁਨੀਆਂ ਦੇ ਵਿਚਕਾਰ**

## ਸ਼੍ਰੀ ਗੁਰੂ ਹਰਿ ਕ੍ਰਿਸ਼ਨ ਸਾਹਿਬ ਜੀ ਦੀ ਅਪਾਰ ਕਿਰਪਾ ਸਦਕਾ
## ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ
## ਅੰਬਾਲਾ ਜਿਲੇ ਦੀ ਸਮੁੱਚੀ ਸਿੱਖ ਸੰਗਤ ਦੇ ਸਹਿਯੋਗ ਸਦਕਾ

**8ਵੀਂ ਜਮਾਤ ਤੋਂ 12ਵੀਂ ਜਮਾਤ ਤੱਕ ਦੇ ਬੱਚਿਆਂ ਨੂੰ ਸਿੱਖੀ ਤੇ ਮਾਣ ਮਹਿਸੂਸ ਕਰਵਾਉਣ ਦੇ ਯਤਨ ਵਜੋਂ**

# ਦੂਸਰਾ ਬਾਲਾ ਪ੍ਰੀਤਮ ਗੁਰਮਤਿ ਸਿਖਲਾਈ ਕੈਂਪ

ਸਥਾਨ – ਗੁਰਦੁਆਰਾ ਪੰਜੋਖਰਾ ਸਾਹਿਬ, ਪਾ: ੮ਵੀਂ ਅੰਬਾਲਾ ਹਰਿਆਣਾ

**ਮਿਤੀ – 12 ਜੂਨ 2024 ਤੋਂ 15 ਜੂਨ 2024 ਤੱਕ, ਸਮਾਂ – ਸਵੇਰੇ 09:00 ਵਜੇ ਤੋਂ ਦੁਪਹਿਰ 02:00 ਵਜੇ ਤੱਕ**

**ਗੁਰਮਤਿ ਕੈਂਪ ਦੇ ਅਖੀਰਲੇ ਦਿਨ ਵਿਦਿਆਥੀਆਂ ਦਾ ਧਾਰਮਿਕ ਪੇਪਰ ਵੀ ਲਿਆ ਜਾਵੇਗਾ।**

ਜਾਣਕਾਰੀ ਲਈ ਸੰਪਰਕ – ਮੈਨੇਜਰ ਗੁ: ਪੰਜੋਖਰਾ ਸਾਹਿਬ ਅੰਬਾਲਾ (9991037375) , ਹੈਡ ਗ੍ਰੰਥੀ ਬਾਬਾ ਬੂਟਾ ਸਿੰਘ ਜੀ (9728333218), ਪ੍ਰਚਾਰਕ ਮਨਪ੍ਰੀਤ ਸਿੰਘ ਜਨਸੂਆ (8221858675)

**ਸਵਾਲ ਜਬਾਬ ਮੁਕਾਬਲਾ**

**ਕਵਿਤਾ ਲੈਕਚਰ ਮੁਕਾਬਲਾ**

**ਦਸ ਗੁਰੂ ਸਾਹਿਬਾਨਾਂ ਦਾ ਜੀਵਨ ਬਿਓਰਾ**

**ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਲਈ ਰੈਫਰੇਸ਼ਮੈਂਟ ਅਤੇ ਗੁਰੂ ਕੇ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਜਾਵੇਗਾ।**

- ਬੱਚਿਆਂ ਨੂੰ ਲਿਆਉਣ ਲਈ ਬੱਸਾਂ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਹੈ।
- ਕੈਂਪ ਦੀ ਰਜਿਸਟਰੇਸ਼ਨ 10 ਜੂਨ ਤੱਕ ਹੋਵੇਗੀ।
- ਕੈਂਪ ਵਿੱਚ ਭਾਗ ਲੈਣ ਵਾਲੇ ਬੱਚਿਆਂ ਦਾ ਵਿਸ਼ੇਸ਼ ਸਨਮਾਨ ਕੀਤਾ ਜਾਵੇਗਾ।



ਜਥੇਦਾਰ ਭੁਪਿੰਦਰ ਸਿੰਘ ਅਸੰਧ
ਪ੍ਰਧਾਨ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ



ਸ. ਸੁਦਰਸ਼ਨ ਸਿੰਘ ਅੰਬਾਲਾ
ਸੀਨੀਅਰ ਮੀਤ ਪ੍ਰਧਾਨ HSGMC



ਸ. ਬੀ. ਐਸ. ਅੰਬਾਲਾ
ਮੈਂਬਰ HSGMC



ਸ. ਟੀ. ਪੀ. ਸਿੰਘ ਅੰਬਾਲਾ
ਅੰਤ੍ਰਿੰਗ ਮੈਂਬਰ HSGMC



ਜਥੇਦਾਰ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ

ਬੇਨਤੀ ਕਰਤਾ – ਸਮੂੰਹ ਮੈਂਬਰ ਸਾਹਿਬਾਨ ਅਤੇ ਸਕੱਤਰ ਧਰਮ ਪ੍ਰਚਾਰ (ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ)

ਦੇਗ ਤੇਗ ਫਤਿਹ

ਪੰਥ ਕੀ ਜੀਤ

ਅੰਮ੍ਰਿਤ ਛਕੋ – ਸਿੰਘ ਸਜੋ

ਵਿੱਦਿਆ ਸਭ ਦਾ ਮਾਣ ਹੈ, ਵਿੱਦਿਆ ਦਿੰਦੀ ਗਿਆਨ ॥
ਵਿੱਦਿਆ ਪੜ੍ਹੀਏ ਚਿੱਤ ਲਾ, ਵਿੱਦਿਆ ਦੇਈਏ ਦਾਨ ॥

ਧਰਮ ਪ੍ਰਚਾਰ ਕਮੇਟੀ H.S.G.M.C ਕੁਰੁਕਸ਼ੇਤਰ ਅਤੇ ਇਲਾਕਾ ਨਿਵਾਸੀ ਸੰਗਤਾਂ ਦੇ ਸਹਿਯੋਗ ਨਾਲ

# ਗੁਰਮਤਿ ਸਿਖਲਾਈ ਕੈਂਪ–2024

ਇਸ ਕੈਂਪ ਵਿਚ ਪੰਜਾਬੀ ਭਾਸ਼ਾ ਦਾ ਗਿਆਨ, ਸਿੱਖ ਧਰਮ ਦੀ ਮੁੱਢਲੀ ਜਾਣਕਾਰੀ, ਗੁਰਬਾਣੀ ਦਾ ਸ਼ੁਧ ਉਚਾਰਣ, ਸਿਖ ਇਤਿਹਾਸ ਦੀ ਜਾਣਕਾਰੀ, ਗੁਰਬਾਣੀ ਕੰਠ ਕੀਰਤਨ ਦੀ ਸਿਖਲਾਈ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼੍ਰੀ ਅਖੰਡ ਪਾਠ, ਸਹਿਜ ਪਾਠ, ਸਪਤਾਹਿਕ ਸਹਿਜ ਪਾਠ ਕਰਨ ਦੇ ਨਿਯਮ ਬਾਰੇ ਜਾਣਕਾਰੀ ਦਿਤੀ ਜਾਵੇਗੀ । ਅਤੇ ਦਸਤਾਰ ਸਜਾਉਣ ਦੀ ਸਿਖਲਾਈ ਦਿਤੀ ਜਾਵੇਗੀ ।

ਇਹ ਗੁਰਮਤਿ ਕੈਂਪ ਗੁ: ਬੰਗਲਾ ਸਾਹਿਬ, ਰੋਹਤਕ ਵਿਖੇ 26 ਮਈ ਤੋਂ 29 ਜੂਨ 2024 ਤਕ ਰੋਜ਼ਾਨਾ ਸ਼ਾਮ 4:00 ਵਜੇ ਤੋਂ 7:00 ਵਜੇ ਤਕ ਚਲੇਗਾ ।

ਗੁਰਮਤਿ ਕੈਂਪ ਦੀ ਸਮਾਪਤੀ 30 ਜੂਨ 2024 ਐਤਵਾਰ ਗੁਰਦੁਆਰਾ ਬੰਗਲਾ ਸਾਹਿਬ ਵਿਖੇ ਸਵੇਰੇ 10 ਤੋਂ 1:00 ਵਜੇ ਤਕ ਹੋਵੇਗੀ ।
ਜਿਸ ਵਿਚ ਬਚਿਆਂ ਦੁਆਰਾ ਕੀਰਤਨ, ਸਿੱਖ ਇਤਿਹਾਸ ਅਤੇ ਗੁਰਬਾਣੀ ਪ੍ਰਤਿਯੋਗਤਾ ਹੋਵੇਗੀ ਅਤੇ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਚਰਨੀ ਲਗਾਇਆ ਜਾਵੇਗਾ ।

ਸਮਾਪਤੀ ਉਪਰੰਤ ਕਲਗੀਧਰ ਪਿਤਾ ਅੰਮ੍ਰਿਤਦਾਤਾ ਦੀ ਬਖਸ਼ੀਸ਼ ਅੰਮ੍ਰਿਤ ਸੰਚਾਰ ਕੀਤਾ ਜਾਵੇਗਾ ।

ਨੋਟ : ਨੌਜਵਾਨ ਬੱਚੇ ਤੇ ਬੱਚੀਆਂ ਨੂੰ ਕੇਸਾਂ ਦੀ ਬੇਅਦਬੀ ਤੇ ਨਸ਼ਿਆਂ ਤੋਂ ਦੂਰ ਰਖਣ ਲਈ ਗੁਰਮਤਿ ਕੈਂਪ ਵਿੱਚ ਜਰੂਰ ਭੇਜੋ ਜੀ

ਗੁਰਚਰਨ ਸਿੰਘ ਖਾਲਸਾ ਇੰਚਾਰਜ ਗੁਰਮਤਿ ਕਲਾਸਿਸ



## ਅੰਮ੍ਰਿਤ ਸੰਚਾਰ

ਮਿਤੀ 30 ਜੂਨ 2024 ਦਿਨ ਐਤਵਾਰ ਦੁਪਹਿਰ 12:30 ਵਜੇ

ਨੋਟ : ਕਕਾਰ ਮੁਫਤ ਦਿੱਤੇ ਜਾਣਗੇ



ਸ. ਭੁਪਿੰਦਰ ਸਿੰਘ ਜੀ ਅਸੰਧ
(ਪ੍ਰਧਾਨ H.S.G.M.C.)



ਸ੦ ਹਰਭਜਨ ਸਿੰਘ ਰਾਠੌਰ
ਮੈਂਬਰ H.S.G.M.C.
M. 9896003836



ਜ੦ ਬਲਜੀਤ ਸਿੰਘ ਦਾਦੂਵਾਲ
ਚੇਅਰਮੈਨ ਧਰਮ ਪ੍ਰਚਾਰ
H.S.G.M.C.

ਬੇਨਤੀ ਕਰਤਾ : ਸਕਤਰ, ਧਰਮ ਪ੍ਰਚਾਰ ਹਰਿਆਣਾ ਸਿੱਖ ਗੁਰਦੁਆਰਾ ਮੈਨੇਜਮੈਂਟ ਕਮੇਟੀ
ਮੈਨੇਜਰ, ਗੁਰਦੁਆਰਾ ਬੰਗਲਾ ਸਾਹਿਬ, ਰੋਹਤਕ (ਹਰਿਆਣਾ)
ਸੰਪਰਕ ਨੰ: 9813230906, 9728715453, 9896828411, 9896003836, 9911325568

* Arun Printers, Quilla Mohalla, Rohtak. Ph. 9896455615



ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ੍ਰੀ ਵਾਹਿਗੁਰੂ ਜੀ ਕੀ ਫਤਿਹ

ਚਰਨ ਸ਼ਰਨ ਗੁਰ ਏਕ ਪੈਂਡਾ ਜਾਇ ਚਲ ਸਤਿਗੁਰੁ ਕੋਟਿ ਪੈਂਡਾ ਆਗੇ ਹੋਇ ਲੇਤ ਹੈ॥

ਮਨੁੱਖਤਾ ਦੇ ਰਹਿਬਰ ਤਾਰਨਹਾਰ ਜਗਤ ਗੁਰੂ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਪ੍ਰਕਾਸ਼ ਪੁਰਬ ਮੌਕੇ

# ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ. ਕੇ.

## ਵੱਲੋਂ ਪਾਕਿਸਤਾਨ ਦੇ ਇਤਿਹਾਸਕ ਸਿੱਖ ਗੁਰਦੁਆਰਾ ਸਾਹਿਬਾਨ ਦੀ ਯਾਤਰਾ

## 6 ਨਵੰਬਰ 2024 ਤੋਂ 16 ਨਵੰਬਰ 2024 ਤੱਕ ਹੋਵੇਗੀ



### ਗੁਰੂ ਪਿਆਰੀ ਸਾਧ ਸੰਗਤ ਜੀਓ, ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਿਹ

ਆਪ ਜੀ ਨੂੰ ਇਹ ਜਾਣ ਕੇ ਅਤਿਅੰਤ ਖੁਸ਼ੀ ਹੋਵੇਗੀ ਕਿ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਵੱਲੋਂ ਇੱਕ ਵਿਸ਼ਾਲ ਜਥੇ ਸਮੇਤ ਪਾਕਿਸਤਾਨ ਵਿਖੇ ਸਿੱਖ ਇਤਿਹਾਸਕ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕੀਤੀ ਜਾ ਰਹੀ ਹੈ। ਹਰ ਸਿੱਖ ਆਪਣੀ ਅਰਦਾਸ ਵਿੱਚ ਪੰਥ ਤੋਂ ਵਿਛੜੇ ਹੋਏ ਜਿਨ੍ਹਾਂ ਗੁਰਦੁਆਰਾ ਸਾਹਿਬਾਨ ਦਾ ਜ਼ਿਕਰ ਕਰਦਾ ਹੈ ਉਹਨਾਂ ਦੇ ਦਰਸ਼ਨ ਦੀਦਾਰੇ ਕਰਕੇ ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰਨ ਦਾ ਸੁਨਹਿਰੀ ਮੌਕਾ ਹੈ। ਸ੍ਰੀ ਗੁਰੂ ਨਾਨਕ ਦੇਵ ਜੀ ਦਾ ਪ੍ਰਕਾਸ਼ ਪੁਰਬ ਨਨਕਾਣਾ ਸਾਹਿਬ ਦੀ ਧਰਤੀ ਤੇ ਮਨਾਉਣ ਦੀਆਂ ਤਿਆਰੀਆਂ ਹੁਣ ਤੋਂ ਹੀ ਆਰੰਭ ਕਰਕੇ ਪਰਿਵਾਰਾਂ ਸਮੇਤ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਾਉਣ ਲਈ ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂਕੇ ਨਾਲ ਸੰਪਰਕ ਕਰੋ ਜੀ।

ਪਾਕਿਸਤਾਨ ਵਿਖੇ ਸ੍ਰੀ ਨਨਕਾਣਾ ਸਾਹਿਬ ਤੋਂ ਇਲਾਵਾ 25 ਹੋਰ ਗੁਰਦੁਆਰਾ ਸਾਹਿਬਾਨ ਦੇ ਦਰਸ਼ਨ

**£1095**

Important Note: The Jatha will depart from Jalandhar Punjab from 6th November Jalandhar to 16th November 2024 to visit Gurdwara Sahibs of Pakistan with Nankana Sahib Yatra Committee and will end back at Jalandhar. The cost of traveling from Jalandhar to Jalandhar will be 1095 pounds including visa, transport, hotel stay and break fast.

**Note: It does not include flight ticket and insurance, it has to be done by the passenger himself.**

ਜ਼ਰੂਰੀ ਨੋਟ : ਨਨਕਾਣਾ ਸਾਹਿਬ ਯਾਤਰਾ ਕਮੇਟੀ ਨਾਲ ਪਾਕਿਸਤਾਨ ਦੇ ਗੁਰਦੁਆਰਾ ਸਾਹਿਬਾਨ ਦੀ ਯਾਤਰਾ ਕਰਨ ਲਈ ਜਥਾ 6 ਨਵੰਬਰ ਜਲੰਧਰ ਤੋਂ 16 ਨਵੰਬਰ 2024 ਤੱਕ ਜਲੰਧਰ ਪੰਜਾਬ ਤੋਂ ਰਵਾਨਾ ਹੋਵੇਗਾ ਤੇ ਜਲੰਧਰ ਵਾਪਸ ਸਮਾਪਤ ਹੋਵੇਗਾ। ਜਲੰਧਰ ਤੋਂ ਜਲੰਧਰ ਆਉਣ ਜਾਣ ਦਾ ਖਰਚਾ ਵੀਜ਼ਾ, ਟਰਾਂਸਪੋਰਟ ਤੇ ਹੋਟਲ ਵਿੱਚ ਰਹਿਣ ਅਤੇ ਬਰੇਕ ਫਾਸਟ ਸਮੇਤ 1095 ਪੌਂਡ ਹੋਵੇਗਾ।

ਨੋਟ : ਇਸ ਵਿੱਚ ਜਹਾਜ਼ ਦੀ ਟਿਕਟ ਤੇ ਇੰਸ਼ੋਰੈਂਸ ਨਹੀਂ ਹੈ, ਉਹ ਯਾਤਰੀ ਨੇ ਆਪਣੇ ਆਪ ਕਰਵਾਉਣੀ ਹੈ।

## ਯਾਤਰਾ ਦੌਰਾਨ ਰਿਹਾਇਸ਼ ਦਾ ਪ੍ਰਬੰਧ ਹੋਟਲ ਵਿੱਚ ਹੋਵੇਗਾ।

ਬ੍ਰਿਟਿਸ਼ ਪਾਸਪੋਰਟ ਲਈ 2 ਫੋਟੋ ਅਤੇ ਇੰਡੀਅਨ ਪਾਸਪੋਰਟ ਵਾਲੇ 2 ਫੋਟੋ, ਐਪਲੀਕੇਸ਼ਨ ਫਾਰਮ ਨਾਲ ਭੇਜੀਆਂ ਜਾਣ।

☛ ਯਾਤਰੀ ਆਪਣੇ ਨਾਮ ਛੇਤੀ ਤੋਂ ਛੇਤੀ ਦਿੱਤੇ ਗਏ ਨੰਬਰਾਂ 'ਤੇ ਨਾਮ ਲਿਖਵਾਉਣ ਦੀ ਕ੍ਰਿਪਾਲਤਾ ਕਰਨ।

☛ ਯਾਤਰੀਆਂ ਦੇ ਪਾਸਪੋਰਟ ਦੀ ਮਿਆਦ ਅਗਲੇ ਸਾਲ ਜੂਨ ਮਹੀਨੇ ਤੱਕ ਜ਼ਰੂਰੀ ਹੈ।

ਪ੍ਰੋਗਰਾਮ ਵਿੱਚ ਅਦਲਾ-ਬਦਲੀ ਕਰਨ ਦੇ ਪ੍ਰਬੰਧਕਾਂ ਦੇ ਹੱਕ ਰਾਖਵੇਂ ਹਨ।

**BOOK YOUR SEATS NOW**

✶-- ਗੁਰੂ ਪੰਥ ਦੇ ਸੇਵਾਦਾਰ --✶

ਨਨਕਾਣਾ ਸਾਹਿਬ ਯਾਤਰਾ ਕਮੇਟੀ ਯੂ ਕੇ/Nankana Sahib Yatra Committee UK

• ਭਾਈ ਰਘਵੀਰ ਸਿੰਘ ਵਾਲਸਾਲ/Bhai Raghbir Singh walsall

+447976210161

• ਭਾਈ ਬਲਜੀਤ ਸਿਘ ਕੰਗ/Bhai Baljit Singh Kang

+44 7780 605230

• ਬਾਬਾ ਬਘੇਲ ਸਿੰਘ ਯੂ ਕੇ (ਸਿੱਖ ਪ੍ਰਚਾਰਕ)/ Baba baghail Singh UK (Sikh Parchark)

+44 7568 517223

Website : www.nsycuk.com

E-mail : gnstuk@hotmail.com


KHALSA FORGE
Explore a stunning collection of high-quality Damascus and Sarbloh Kirpans, meticulously crafted for excellence.
www.khalsaforge.com
ਖਾਲਸਾ ਫੋਰਜ
ਉੱਚ ਕੁਆਲਿਟੀ ਦੀਆਂ ਸਰਬਲੋਹ ਕਿਰਪਾਨਾਂ ਅਤੇ ਗਾਤਰਾ ਸਾਹਿਬ ਖ਼ਰੀਦਣ ਲਈ ਸੰਪਰਕ ਕਰੋ।
ਆਨਲਾਈਨ ਆਰਡਰ ਵੀ ਬੁੱਕ ਕੀਤੇ ਜਾਂਦੇ ਹਨ।
www.khalsaforge.com



ਤੇਰਾ ਕੀਆ ਮੀਠਾ ਲਾਗੈ ॥ ਹਰਿ ਨਾਮੁ ਪਦਾਰਥੁ ਨਾਨਕੁ ਮਾਂਗੈ ॥
Gurdwara Sri Guru Singh Sabha
Edinburgh , Scotland (UK)
Special Samagam to commemorate Shaheedi Diwas of Guru Arjan Dev ji, and 40th anniversary of 1984 Shaheed's.
SHAHEEDI SAMAGAM
ਸ਼ਹੀਦਾਂ ਦੇ ਸਰਤਾਜ
ਸ੍ਰੀ ਗੁਰੂ ਅਰਜਨ ਦੇਵ ਜੀ
ਦੀ ਸ਼ਹਾਦਤ ਨੂੰ ਕੋਟਾਨ ਕੋਟਿ ਪ੍ਰਣਾਮ
1984
40th anniversary
VENUE
The Edinburgh Academy
42 Henderson Row ,
Edinburgh EH3 5BL
DATE & TIME
Saturday, 15th June 2024
From 12:00 pm to 04:00 pm
KIRTAN
ਗੁਰੂ ਕਾ ਲੰਗਰ ਅਤੇ ਠੰਡੇ ਮਿੱਠੇ ਜਲ ਦੀ ਛਬੀਲ ਦਾ ਲੰਗਰ ਅਟੁੱਟ ਵਰਤੇਗਾ
ਸਮੂਹ ਸੰਗਤਾਂ ਨੂੰ ਬੇਨਤੀ ਹੈ ਕਿ ਇਹਨਾਂ ਮਹਾਨ ਸ਼ਹੀਦੀ ਸਮਾਗਮਾਂ ਵਿੱਚ ਹੁੰਮ ਹੁੰਮਾ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ
ਬੇਨਤੀ ਕਰਦੇ
ਸਮੂਹ ਸੇਵਾਦਾਰ ਗੁਰੂਦੁਆਰਾ ਸ੍ਰੀ ਗੁਰੂ ਸਿੰਘ ਸਭਾ ਐਡਿਨਬਰਗ
Special Guest
Bhai Dharamveer Singh Khalsa
KIDS QUIZ
Special Kids Quiz Contest by Bhai Dharamveer Singh Khalsa
Contact: Harbhajan Singh : 07447 909254
GSSEdinburgh
GSSEdinburgh
Bhai Harpreet Singh ji
(Delhi Wale)




ਦਮਦਮੀ ਟਕਸਾਲ
ਗੁਰੂ ਹਰਿਰਾਇ
ਦਮਦਮੀ ਟਕਸਾਲ ਵੱਲੋਂ
ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਸ਼ੁਧ ਪਾਠ ਬੋਧ ਸਮਾਗਮ
ਅਰੰਭ 20 July 2024 ਤੋਂ 18 August 2024 ਤੱਕ
ਭਾਗ ਲੈਣ ਵਾਲੇ ਗੁਰਸਿੱਖਾਂ ਨੂੰ ਬੇਨਤੀ ਹੈ ਕੇ ਚਿੱਟੇ ਹਜੂਰੀਐ ਲਿਓਣ ਦੀ ਕਿਰਪਾਲਤਾ ਕਰਨ । ਸੋਮਵਾਰ ਤੋਂ ਸ਼ੁੱਕਰਵਾਰ ਸਮਾ 6pm ਤੋਂ 9pm । ਸ਼ਨੀਵਾਰ ਤੇ ਐਤਵਾਰ ਸਮਾ 2pm ਤੋਂ 3.30pm ਅਤੇ 4pm ਤੋਂ 6pm । ਦਮਦਮੀ ਟਕਸਾਲ ਦੇ facebook page, youtube channel ਅਤੇ sangat tv ਤੇ ਸਿਧਾ ਪ੍ਰਸਾਰਨ ਕੀਤਾ ਜਾਵੇਗਾ । ਵਧੇਰੇ ਜਾਣਕਾਰੀ ਲਈ ਹੇਠ ਲਿਖੇ ਨੰਬਰਾਂ ਤੇ ਸੰਪਰਕ ਕਰੋ ।
GURDWARA SRI GUR HAR RAI SAHIB JI
128 HIGH STREET, WEST BROMWICH (IN UNIT), UK
07454 023 665
07940 368926
07478 804 044




**ਵਾਹਿਗੁਰੂ ਜੀ ਕਾ ਖਾਲਸਾ।। ਵਾਹਿਗੁਰੂ ਜੀ ਕੀ ਫਤਹਿ।।**

ਸਤਿਕਾਰ ਯੋਗ ਸ਼ਹੀਦ ਭਾਈ ਕੁਲਵੰਤ ਸਿੰਘ ਖੁਖਰਾਣਾ ਦੇ ਪੁੱਤਰ ਸ਼ਹੀਦ ਭਾਈ ਅਵਤਾਰ ਸਿੰਘ ਖੰਡਾ ਆਜ਼ਾਦ ਦੀ ਸ਼ਹਾਦਤ ਦੇ ਪਹਿਲੇ ਸਲਾਨਾ ਸਮਾਗਮ ਨੂੰ ਮੁੱਖ ਰੱਖਦਿਆਂ ਹੋਇਆਂ, ਸ੍ਰੀ ਆਖੰਡ ਪਾਠ ਸਾਹਿਬ ਦਾ ਭੋਗ 15 ਜੂਨ 2024 ਨੂੰ ਗੁਰਦੁਆਰਾ ਸ੍ਰੀ ਬਾਬਾ ਅਟੱਲ ਰਾਏ ਜੀ, ਸ੍ਰੀ ਹਰਿਮੰਦਰ ਸਾਹਿਬ, ਸ੍ਰੀ ਅੰਮ੍ਰਿਤਸਰ ਦੇ ਅਸਥਾਨ ਤੇ ਪਾਇਆ ਜਾ ਰਿਹਾ ਹੈ। ਮੈਂ ਸਾਰੀ ਸੰਗਤ ਤੇ ਸਮੂਹ ਸਿੱਖ ਜਥੇਬੰਦੀਆਂ ਨੂੰ ਪੁਰਜ਼ੋਰ ਅਪੀਲ ਕਰਦੀ ਹਾਂ ਕਿ ਸਭ ਨੇ ਆਪੋ-ਆਪਣੀ ਜ਼ਿੰਮੇਵਾਰੀ ਸਮਝਦਿਆਂ ਹੋਇਆਂ ਹਾਜ਼ਰੀ ਭਰਨ ਦੀ ਕ੍ਰਿਪਾਲਤਾ ਕਰਨੀ ਜੀ। ਸੰਗਤ ਜੀ ਮੈਂ ਆਪਣੇ ਆਪ ਨੂੰ ਇਤਨੀ ਸਮਰੱਥ ਨਹੀ ਸਮਝਦੀ ਕਿ ਵਿਸ਼ੇਸ ਸੱਦੇ ਭੇਜ ਸਕਾਂ ਸੋ ਇਸ ਗੱਲ ਦੀ ਮਾਫੀ ਚਾਹੁੰਦੀ ਹਾਂ ਪਰ ਸੰਗਤ ਜੀ ਤੁਸੀਂ ਸ਼ਹੀਦਾਂ ਦੇ ਸਤਿਕਾਰ ਨੂੰ ਮੁੱਖ ਰੱਖਦਿਆਂ ਹੋਇਆਂ ਹੁੰਮ-ਹੁੰਮਾ ਕੇ ਪਹੁੰਚਣ ਦੀ ਕ੍ਰਿਪਾਲਤਾ ਕਰਨੀ ਜੀ। - ਚਰਨਜੀਤ ਕੌਰ


ਆਵਾਜ਼ਿ ਕੌਮ
AWAZE QAUM
International Newspaper & WEB TV
ਕੈਨੇਡਾ ਦੀ ਧਰਤੀ ‘ਤੇ
ਭਾਰਤੀ ਸਟੇਟ ਵੱਲੋਂ
18 ਜੂਨ 2023 ਨੂੰ
ਕਤਲ ਕੀਤੇ ਗਏ
ਹਰ-ਦਿਲ ਅਜ਼ੀਜ਼
ਸ਼ਹੀਦ
ਭਾਈ ਹਰਦੀਪ ਸਿੰਘ
ਨਿੱਝਰ
ਦੇ ਪਹਿਲੇ ਸ਼ਹੀਦੀ ਦਿਹਾੜੇ ਮੌਕੇ
18 ਜੂਨ
ਸਮਾਂ 11 ਵਜੇ
ਪੰਥਕ ਸਮਾਗਮ
ਗੁ: ਸੰਤੋਖਸਰ ਸਾਹਿਬ, ਅੰਮ੍ਰਿਤਸਰ
ਦਲ ਖ਼ਾਲਸਾ

# ਖਡੂਰ ਸਾਹਿਬ ਲੋਕ ਸਭਾ ਹਲਕੇ ਵਿੱਚ ਫੇਰ ਝਲਕਿਆ ਪੰਥਕ ਜਜ਼ਬਾ

## ਸੰਤਾਂ ਦੇ ਪਰਿਵਾਰ ਨੇ ਪੰਥਕ ਜਜ਼ਬੇ ਨੂੰ ਉਭਾਰਨ ਦਾ 1989 ਵਾਲਾ ਇਤਿਹਾਸ ਦੁਹਰਾਇਆ

ਵਿਸ਼ੇਸ਼ ਰਿਪੋਰਟ
ਆਵਾਜ਼ਿ ਕੌਮ, ਯੂ. ਕੇ.





ਲੋਕ ਸਭਾ ਹਲਕਾ ਖਡੂਰ ਸਾਹਿਬ ਦੇ ਵੋਟਰਾਂ ਵਿਚ ਇਨ੍ਹਾਂ ਚੋਣਾਂ 'ਚ ਇੱਕ ਵਾਰ ਫਿਰ ਪੰਥਕ ਜਜ਼ਬਾ ਝਲਕ ਉਠਿਆ ਇਸ ਹਲਕੇ ਦੇ ਲੋਕਾਂ ਨੇ ਇੱਕ ਵਾਰ ਫੇਰ 1989 ਵਾਲਾ ਇਤਿਹਾਸ ਦੁਹਰਾ ਦਿੱਤਾ। 1989 ਦੀਆਂ ਲੋਕ ਸਭਾ ਦੀਆਂ ਚੋਣਾਂ ਵਿਚ ਸੰਤ ਜਰਨੈਲ ਸਿੰਘ ਖਾਲਸਾ ਭਿੰਡਰਾਂਵਾਲਿਆਂ ਦੇ ਪਿਤਾ ਬਾਬਾ ਜੋਗਿੰਦਰ ਸਿੰਘ ਰੋਡੇ ਨੇ ਸ਼੍ਰੋਮਣੀ ਅਕਾਲੀ ਦਲ ਸੰਯੁਕਤ ਦੀ ਅਗਵਾਈ ਕਰਦਿਆਂ ਲੋਕ ਸਭਾ ਲਈ ਉਮੀਦਵਾਰ ਖੜ੍ਹੇ ਕੀਤੇ ਸਨ। ਬਾਬਾ ਜੋਗਿੰਦਰ ਸਿੰਘ ਦੀ ਅਗਵਾਈ ਹੇਠ ਲੜੀਆਂ ਗਈਆਂ ਇਨ੍ਹਾਂ ਲੋਕ ਸਭਾ ਚੋਣਾਂ ਵਿੱਚ ਸਿਮਰਨਜੀਤ ਸਿੰਘ ਮਾਨ ਸਮੇਤ ਪੰਜਾਬ ਤੋਂ 11 ਉਮੀਦਵਾਰ ਲੋਕ ਸਭਾ ਲਈ ਚੁਣੇ ਗਏ ਸਨ। ਹੁਣੇ ਹੋ ਕੇ ਹਟੀਆਂ ਲੋਕ ਸਭਾ ਚੋਣਾਂ 2024 ਵਿੱਚ ਵੀ ਸੰਤਾਂ ਦੇ ਪਰਿਵਾਰ ਵੱਲੋਂ ਸ੍ਰੀ ਅਕਾਲ ਤਖਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਇੰਟਰਨੈਸ਼ਨਲ ਪੰਥਕ ਦਲ ਦੇ ਸਰਪ੍ਰਸਤ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਨੇ ਹਲਕਾ ਸ੍ਰੀ ਖਡੂਰ ਸਾਹਿਬ ਅਤੇ ਹਲਕਾ ਫਰੀਦਕੋਟ ਤੋਂ ਆਜ਼ਾਦ ਚੋਣ ਲੜ ਰਹੇ ਪੰਥਕ ਉਮੀਦਵਾਰਾਂ ਨੂੰ ਦੇਸ਼-ਵਿਦੇਸ਼ ਬੈਠੀਆਂ ਪੰਥਕ ਧਿਰਾਂ ਦੀ ਹਮਾਇਤ ਨਾਲ ਲੋਕ ਸਭਾ ਚੋਣਾਂ ਜਿਤਾ ਕੇ ਇੱਕ ਵਾਰ ਫੇਰ ਪੰਥਕ ਜਜ਼ਬਾ ਵਿਸ਼ਵ ਵਿੱਚ ਉਭਾਰ ਦਿੱਤਾ ਹੈ। ਇਨ੍ਹਾਂ ਲੋਕ ਸਭਾ ਚੋਣਾਂ ਵਿਚ ਆਜ਼ਾਦ ਤੌਰ ਤੇ ਜਿੱਤੇ ਭਾਈ ਅਮ੍ਰਿਤਪਾਲ ਸਿੰਘ ਅਤੇ ਭਾਈ ਸਰਬਜੀਤ ਸਿੰਘ ਖਾਲਸਾ ਦੀ ਚੋਣ ਮੁਹਿਮ ਵਿੱਚ ਵੀ ਸਿੰਘ ਸਾਹਿਬ ਭਾਈ ਜਸਵੀਰ ਸਿੰਘ ਰੋਡੇ ਨੇ ਮਹੱਤਵਪੂਰਨ ਭੂਮਿਕਾ ਨਿਭਾਈ। ਹੋਰ ਮਾਮਲਿਆਂ ਵਿੱਚ ਵੀ ਪੰਥਕ ਸਫ਼ਾਂ ਵਿਚ ਹਮੇਸ਼ਾਂ ਹੀ ਰੋਡੇ ਪਰਿਵਾਰ ਦਾ ਅਹਿਮ ਯੋਗਦਾਨ ਰਿਹਾ ਹੈ। ਭਾਈ ਅਮ੍ਰਿਤਪਾਲ ਸਿੰਘ ਅਤੇ ਭਾਈ ਸਰਬਜੀਤ ਸਿੰਘ ਖਾਲਸਾ ਦੀ ਚੋਣ ਮੁਹਿਮ ਨੂੰ ਵੀ ਸੰਤਾਂ ਦੇ ਪਰਿਵਾਰ ਵੱਲੋਂ ਸਮੂਹ ਸਿੱਖ ਸੰਗਤ ਦੇ ਸਹਿਯੋਗ ਨਾਲ ਚਲਾਇਆ ਗਿਆ ਸੀ। ਜ਼ਿਕਰਯੋਗ ਹੈ ਕਿ ਵਾਰਿਸ ਪੰਜਾਬ ਦੇ ਮੁੱਖੀ ਭਾਈ ਅਮ੍ਰਿਤਪਾਲ ਸਿੰਘ ਦੀ ਦਸਤਾਰਬੰਦੀ ਵੀ ਰੋਡੇ ਪਿੰਡ ਵਿਖੇ ਸੰਤ ਭਿੰਡਰਾਂਵਾਲਿਆਂ ਦੇ ਜਨਮ ਸਥਾਨ ਗੁਰਦੁਆਰਾ ਸੰਤ ਖਾਲਸਾ ਵਿਖੇ ਹੀ ਹੋਈ ਸੀ ਅਤੇ ਉਨ੍ਹਾਂ ਦੀ ਗ੍ਰਿਫ਼ਤਾਰੀ ਵੀ ਰੋਡੇ ਪਿੰਡ ਦੇ ਗੁਰਦੁਆਰਾ ਸੰਤ ਖਾਲਸਾ ਤੋਂ ਹੋਈ ਸੀ। 1989 ਦੀਆਂ ਲੋਕ ਸਭਾ ਚੋਣਾਂ ਵਿਚ ਵੀ ਬਾਬਾ ਜੋਗਿੰਦਰ ਸਿੰਘ ਨੇ ਸੰਯੁਕਤ ਅਕਾਲੀ ਦਲ ਦੀ ਅਗਵਾਈ ਹੇਠ ਸਿਮਰਨਜੀਤ ਸਿੰਘ ਮਾਨ ਨੂੰ ਵੀ ਜੇਲ੍ਹ ਵਿਚ ਬੈਠੇ ਨੂੰ ਹੀ ਸੰਸਦ ਮੈਂਬਰ ਬਣਾ ਦਿੱਤਾ ਸੀ। ਹਾਲ ਹੀ ਹੋਈਆਂ ਲੋਕ ਸਭਾ ਦੀਆਂ ਚੋਣਾਂ ਵਿਚ ਖਡੂਰ ਸਾਹਿਬ ਹਲਕੇ ਦੇ ਵੋਟਰਾਂ ਨੇ ਵਾਰਿਸ ਪੰਜਾਬ ਦੇ ਮੁੱਖੀ ਭਾਈ ਅੰਮ੍ਰਿਤਪਾਲ ਸਿੰਘ ਨੂੰ ਡਿਬਰੂਗੜ੍ਹ ਦੀ ਜੇਲ੍ਹ ਵਿਚ ਬੈਠੇ ਨੂੰ ਬਾਕੀ ਪਾਰਟੀਆਂ ਦੇ ਉਮੀਦਾਵਾਰਾਂ ਨੂੰ ਨਾਕਾਰ ਕੇ ਆਪਣਾ ਸੰਸਦ ਮੈਂਬਰ ਚੁਣ ਕੇ ਪੰਥਕ ਹਲਕਾ ਹੋਣ ਦਾ ਸੰਦੇਸ਼ ਦੇ ਦਿੱਤਾ। 1989 ਦੀਆਂ ਲੋਕ ਸਭਾ ਚੋਣਾਂ ਵਿਚ ਖਡੂਰ ਸਾਹਿਬ ਹਲਕੇ ਦਾ ਨਾਮ ਲੋਮ ਸਭਾ ਹਲਕਾ ਤਰਨਤਾਰਨ ਸੀ ਜਿਸ ਵਿਚੋਂ ਸਿਮਰਨਜੀਤ ਸਿੰਘ ਮਾਨ ਜਿਸਦਾ ਚੋਣ ਨਿਸ਼ਾਨ ਉਡਦਾ ਬਾਜ਼ ਸੀ ਪੰਜਾਬ ਵਿਚੋਂ ਸਭ ਤੋਂ ਵੱਧ ਵੋਟਾਂ ਦੇ ਵੱਡੇ ਫ਼ਰਕ ਨਾਲ ਚੋਣ ਜਿੱਤੇ ਸਨ ਅਤੇ ਇਨ੍ਹਾਂ ਲੋਕ ਸਭਾ ਦੀਆਂ ਚੋਣਾਂ ਵਿਚ ਵੀ ਵਾਰਿਸ ਪੰਜਾਬ ਦੇ ਮੁੱਖੀ ਭਾਈ ਅਮ੍ਰਿਤਪਾਲ ਸਿੰਘ ਪੰਜਾਬ ਵਿਚੋਂ ਸਭ ਤੋਂ ਵੱਡੇ ਫ਼ਰਕ ਨਾਲ ਚੋਣ ਜਿੱਤੇ ਹਨ। ਸਿਮਰਨਜੀਤ ਸਿੰਘ ਮਾਨ ਨੇ ਕਾਂਗਰਸ ਪਾਰਟੀ ਦੇ ਅਜੀਤ ਸਿੰਘ ਮਾਨ ਨੂੰ ਹਰਾਇਆ ਸੀ ਜਦ ਕਿ ਇਨ੍ਹਾਂ ਲੋਕ ਸਭਾ ਦੀਆਂ ਚੋਣਾਂ ਵਿਚ ਵੀ ਭਾਈ ਅਮ੍ਰਿਤਪਾਲ ਸਿੰਘ ਨੇ ਕਾਂਗਰਸ ਪਾਰਟੀ ਦੇ ਕੁਲਬੀਰ ਸਿੰਘ ਜ਼ੀਰਾ ਨੂੰ ਵੱਡੇ ਫ਼ਰਕ ਨਾਲ ਮਾਤ ਦਿੱਤੀ ਹੈ। 1989 ਦੀਆਂ ਲੋਕ ਸਭਾ ਦੀਆਂ ਚੋਣਾਂ ਵਿਚ ਸਿਮਰਨਜੀਤ ਸਿੰਘ ਮਾਨ ਨੂੰ ਪੋਲ ਹੋਈ ਕੁੱਲ ਵੋਟ ਵਿਚੋਂ 527707 ਵੋਟ ਪਈ ਸੀ ਜਦ ਕਿ ਕਾਂਗਰਸ ਪਾਰਟੀ ਦੇ ਉਮੀਦਾਵਰ ਅਜੀਤ ਸਿੰਘ ਮਾਨ ਨੂੰ ਸਿਰਫ਼ 47290 ਵੋਟਾਂ ਮਿਲੀਆਂ ਸਨ। ਸਿਮਰਨਜੀਤ ਸਿੰਘ ਮਾਨ ਨੂੰ 89.2 ਫੀਸਦੀ ਵੋਟ ਪਈ ਸੀ ਜਦ ਕਿ ਕਾਂਗਰਸ ਪਾਰਟੀ ਦੇ ਉਮੀਦਵਾਰ ਅਜੀਤ ਸਿੰਘ ਮਾਨ ਨੂੰ 8 ਫੀਸਦੀ, ਬਹੁਜਨ ਸਮਾਜ ਪਾਰਟੀ ਨੂੰ.06 ਵੋਟਾਂ ਪਈਆਂ ਸਨ। ਸਿਮਰਨਜੀਤ ਸਿੰਘ ਮਾਨ ਉਸ ਸਮੇਂ 480417 ਵੋਟਾਂ ਦੇ ਵੱਡੇ ਫ਼ਰਕ ਨਾਲ ਚੋਣ ਜਿੱਤੇ ਸਨ ਜਿਨ੍ਹਾਂ ਦਾ ਹੁਣ ਤੱਕ ਪੰਜਾਬ ਵਿਚੋਂ ਰਿਕਾਰਡ ਨਹੀਂ ਟੁੱਟਿਆ। ਪੰਜਾਬ ਵਿਚ 1 ਜੂਨ ਨੂੰ ਪਈਆਂ ਵੋਟਾਂ ਦੇ 4 ਜੂਨ ਨੂੰ ਆਏ ਚੋਣ ਨਤੀਜਿਆਂ ਵਿਚ ਭਾਈ ਅੰਮ੍ਰਿਤਪਾਲ ਸਿੰਘ ਨੂੰ 404430 ਵੋਟਾਂ 38 ਫੀਸਦੀ ਪਈਆਂ ਜਦ ਕਿ ਕਾਂਗਰਸ ਪਾਰਟੀ ਦੇ ਉਮੀਦਵਾਰ ਕੁਲਬੀਰ ਸਿੰਘ ਜ਼ੀਰਾ ਨੂੰ 207310 ਵੋਟਾਂ 19.80 ਫੀਸਦੀ ਮਿਲੀਆਂ ਆਮ ਆਦਮੀ ਪਾਰਟੀ ਦੇ ਉਮੀਦਵਾਰ ਲਾਲਜੀਤ ਸਿੰਘ ਭੁੱਲਰ ਨੂੰ 194-838 ਵੋਟਾਂ 18.61 ਫੀਸਦੀ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਉਮੀਦਵਾਰ ਵਿਰਸਾ ਸਿੰਘ ਵਲਟੋਹਾ ਨੂੰ ਸਿਰਫ਼ 86416 ਵੋਟਾਂ 8.25 ਫੀਸਦੀ ਅਤੇ ਬੀਜੇਪੀ ਦੇ ਉਮੀਦਵਾਰ ਮਨਜੀਤ ਸਿੰਘ ਮੰਨਾਂ ਨੂੰ 86373 ਵੋਟਾਂ 8.25 ਫੀਸਦੀ ਵੋਟ ਮਿਲੇ। 1989 ਦੀਆਂ ਲੋਕ ਸਭਾ ਦੀਆਂ ਚੋਣਾਂ ਵਿਚ ਸਿਮਰਨਜੀਤ ਸਿੰਘ ਮਾਨ ਦੇ ਬਰਾਬਰ ਖੜ੍ਹੇ ਸਾਰੇ ਹੀ ਉਮੀਦਵਾਰਾਂ ਦੀਆਂ ਜ਼ਮਾਨਤਾਂ ਜ਼ਬਤ ਹੋ ਗਈਆਂ ਸਨ ਜਦ ਕਿ ਲੰਘੀਆਂ ਲੋਕ ਸਭਾ ਦੀਆਂ ਚੋਣਾਂ ਸ਼੍ਰੋਮਣੀ ਅਕਾਲੀ ਦਲ ਬਾਦਲ ਦੇ ਉਮੀਦਵਾਰ ਵਿਰਸਾ ਸਿੰਘ ਵਲਟੋਹਾ ਅਤੇ ਭਾਰਤੀਆ ਜਨਤਾ ਪਾਰਟੀ ਦੇ ਮਨਜੀਤ ਸਿੰਘ ਮੰਨਾ ਆਪਣੀ ਜ਼ਮਾਨਤ ਵੀ ਨਾ ਬਚਾ ਸਕੇ।

### ਬਾਬਾ ਜੋਗਿੰਦਰ ਸਿੰਘ ਨੇ ਸ਼੍ਰੋਮਣੀ ਅਕਾਲੀ ਦਲ ਸੰਯੁਕਤ ਦੀ ਅਗਵਾਈ ਕਰਦਿਆਂ 1989 ਦੀਆਂ ਲੋਕ ਸਭਾ ਚੋਣਾਂ 'ਚ ਸਿਮਰਨਜੀਤ ਸਿੰਘ ਮਾਨ ਸਮੇਤ 11 ਲੋਕ ਸਭਾ ਮੈਂਬਰ ਜਿਤਾ ਕੇ ਰਚਿਆ ਸੀ ਇਤਿਹਾਸ




### 1989 ਵਿਚ ਪੰਜਾਬ ਵਿਚੋਂ ਚੁਣੇ ਗਏ ਸੰਸਦ ਮੈਂਬਰ

1989 ਦੀਆਂ ਹੋਈਆਂ ਲੋਕ ਸਭਾ ਚੋਣਾਂ ਵਿਚ 11 ਲੋਕ ਸਭਾ ਹਲਕਿਆਂ ਤੇ ਸ਼੍ਰੋਮਣੀ ਅਕਾਲੀ ਦਲ ਸੰਯੁਕਤ ਦੇ ਅਤੇ ਇਸ ਦੀ ਹਮਾਇਤ ਨਾਲ ਜਿੱਤਣ ਵਾਲੇ ਬਹੁਜਨ ਸਮਾਜ ਪਾਰਟੀ ਦੇ 1 ਅਤੇ ਜਨਤਾ ਦਲ ਦੇ 3 ਅਤੇ 3 ਹਲਕਿਆਂ ਤੋਂ ਆਜ਼ਾਦ ਉਮੀਦਵਾਰ ਸੰਸਦ ਚੁਣੇ ਗਏ ਸਨ। ਇਨ੍ਹਾਂ ਵਿੱਚ 1989 ਦੀਆਂ ਲੋਕ ਸਭਾ ਚੋਣਾਂ ਦੌਰਾਨ ਬਠਿੰਡਾ ਤੋਂ ਸੁੱਚਾ ਸਿੰਘ ਮਲੋਆ, ਤਰਨਤਾਰਨ ਤੋਂ ਸਿਮਰਨਜੀਤ ਸਿੰਘ ਮਾਨ, ਸੰਗਰੂਰ ਤੋਂ ਰਾਜਦੇਵ ਸਿੰਘ, ਰੋਪੜ ਤੋਂ ਮਾਤਾ ਬਿਮਲ ਕੌਰ, ਲੁਧਿਆਣਾ ਤੋਂ ਰਾਜਿੰਦਰ ਕੌਰ ਬੁਲਾਰਾ, ਫਰੀਦਕੋਟ ਤੋਂ ਜਗਦੇਵ ਸਿੰਘ ਖੁੱਡੀਆਂ, ਲੋਕ ਸਭਾ ਹਲਕਾ ਜਲੰਧਰ ਤੋਂ ਇੰਦਰ ਕੁਮਾਰ ਗੁਜਰਾਲ, ਹਲਕਾ ਫਿਲੌਰ ਤੋਂ ਹਰਭਜਨ ਸਿੰਘ ਲਾਖਾ, ਲੋਕ ਸਭਾ ਹਲਕਾ ਪਟਿਆਲਾ ਤੋਂ ਅਤਿੰਦਰਪਾਲ ਸਿੰਘ, ਫਿਰੋਜ਼ਪੁਰ ਤੋਂ ਧਿਆਨ ਸਿੰਘ ਮੰਡ ਅਤੇ ਅੰਮ੍ਰਿਤਸਰ ਤੋਂ ਕਿਰਪਾਲ ਸਿੰਘ ਸੰਸਦ ਮੈਂਬਰ ਚੁਣੇ ਗਏ ਸਨ।

ਆਵਾਜ਼ਿ ਕੌਮ AWAZE QAUM International Newspaper & WEB TV

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ

# ਮੋਬਾਈਲ ਕੈਮਰਿਆਂ 'ਤੇ ਪਾਬੰਦੀ ਸਿੱਖਾਂ ਲਈ ਕਿੰਨੀ ਕੁ ਜਾਇਜ਼... ?






**ਇਕ ਨਜ਼ਰੀਆ**

ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਵਿਖੇ ਸੰਤ ਗਿਆਨੀ ਜਰਨੈਲ ਸਿੰਘ ਭਿੰਡਰਾਂਵਾਲਿਆਂ ਮਹਾਂਪੁਰਸ਼ਾਂ ਦੀਆਂ ਯਾਦਗਾਰੀ ਤਸਵੀਰਾਂ ਤਕਰੀਬਨ ਹਰ ਸ਼ਰਧਵਾਨ ਸਿੱਖ ਦੇ ਘਰ ਦਾ ਸ਼ਿੰਗਾਰ ਹਨ, ਕੀ ਪੰਥ ਨੂੰ ਭਵਿੱਖ ਵਿਚ ਸੱਚਖੰਡ ਵਿਖੇ ਸਿੱਖਾਂ ਨੂੰ ਤਸਵੀਰਾਂ ਤੋਂ ਵਿਰਵਾ ਕਰ ਦੇਣਾਂ ਸਹੀ ਫੈਸਲਾ ਠਹਿਰਾਇਆ ਜਾ ਸਕਦਾ ਹੈ.... ? ਮੈਨੂੰ ਤਾਂ ਜਚਦਾ ਨਹੀ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਸਦੀਆਂ ਤੋਂ ਸਿੱਖਾਂ ਲਈ ਰੂਹਾਨੀਅਤ ਦਾ ਕੇਂਦਰ ਹੈ,ਜਿਸ ਬਦਲੇ ਪੰਥ ਨੇ ਏਨੇ ਸੀਸ ਵਾਰੇ ਹਨ ਕਿ ਪਰਿਕਰਮਾ ਸਥਿਤ ਜਿੰਨੀਆਂ ਪੱਥਰ ਦੀਆਂ ਸਿਲ੍ਹਾਂ ਲੱਗੀਆਂ ਹਨ ਉਨਾ ਹਜਾਰਾਂ ਸਿਲ੍ਹਾਂ ਤੋਂ ਕਈ ਗੁਣਾਂ ਜਿਆਦਾ ਗਿਣਤੀ ਸ਼ਹੀਦਾਂ ਦੇ ਸਿਰਾਂ ਦੀ ਹੋਵੇਗੀ । ਸ੍ਰੀ ਹਰਿਮੰਦਰ ਸਾਹਿਬ ਵਿਖੇ ਰੂਹਾਨੀਅਤ ਭਰਪੂਰ ਮਾਹੌਲ ਨੂੰ ਬਰਕਰਾਰ ਰੱਖਣ ਦੀ ਬਜਾਏ ਸੈਲਾਨੀ ਕੇਂਦਰ ਕਿਸਨੇ ਬਣਾਇਆ... ?

ਮਿਸਾਲ ਵਜੋਂ ਬਾਹਰੋਂ ਆਏ ਰਾਜਸ ਆਗੂ, ਧਨਾਢ ਵਪਾਰੀ ਅਤੇ ਫਿਲਮੀ ਐਕਟਰਾਂ ਦੇ ਸਨਮਾਨ ਤੇ ਸਰੋਵਰ ਕੰਢੇ ਖੜ੍ਹ ਤਸਵੀਰਾਂ ਸਪੈਸ਼ਲ ਅਖਬਾਰਾਂ ਵਿਚ ਛਪਵਾਉਣੀਆਂ ਕਿਥੋਂ ਤੱਕ ਜਾਇਜ਼ ਹਨ... ?


ਸ਼ਮਸ਼ੇਰ ਸਿੰਘ ਜੇਠੂਵਾਲ

ਪ੍ਰਬੰਧਕ ਅਖਵਾਉਣ ਵਾਲਿਆਂ ਵਲੋਂ ਕੁਝ ਬੱਜਰ ਗੁਨਾਹ ਜਿਵੇਂ ਦਰਸ਼ਨੀ ਡਿਊਢੀ ਤੋਂ ਅੱਗੇ ਸੱਚਖੰਡ ਤੱਕ ਗੁਰੂਕਾਲ ਤੋਂ ਪਾਵਨ ਸਰੋਵਰ ਦੇ ਉੱਪਰ ਬਣੇ ਰਸਤੇ ਤੋਂ ਸ੍ਰੀ ਦਰਬਾਰ ਸਾਹਿਬ ਦੇ ਦਿਸਦੇ ਮਨਮੋਹਿਕ ਦ੍ਰਿਸ਼ ਨੂੰ ਖਤਮ ਕਰਕੇ ਪੁਲ੍ਹ ਤੇ ਜਾਂਗਲੇ ਫਿੱਟ ਕਰਕੇ ਫਾਈਬਰ ਲਾਉਣੀ ਪੱਖੇ ਲਾਉਣੇ ਕਿੰਨੇ ਕੁ ਜਾਇਜ਼ ਠਹਿਰਾਏ ਜਾ ਸਕਦੇ ਹਨ।

ਦੂਜੇ ਪਾਸੇ ਭਾਰਤ ਵਿਚ ਕਈ ਸਦੀਆਂ ਤੋਂ ਖੜੇ ਪੁਰਾਤਨ ਮੰਦਿਰ ਹੂਬਹੂ ਮੌਜੂਦ ਹਨ,ਧਰਮ ਅਸਥਾਨਾਂ ਦੀ ਪੁਰਾਤਨਤਾ ਨੂੰ ਖਤਮ ਕਰਕੇ ਮੌਡਰਨ ਸੰਸਾਰੀ ਸਹੂਲਤਾਂ ਪੈਦਾ ਕਰਨੀਆਂ ਭਵਨ ਕਲਾ ਪੱਖੋਂ ਵੀ ਗਲਤ ਹਨ,ਵਰਤਮਾਨ ਵਿਚ ਅਯੋਧਿਆ ਵਿਖੇ ਬਣੇ ਰਾਮ ਮੰਦਿਰ ਦੀ ਉਸਾਰੀ ਵਿਚ ਸਰੀਏ ਤੱਕ ਦੀ ਵਰਤੋਂ ਨਹੀਂ ਕੀਤੀ ਗਈ ਕਿਉਂਕਿ ਉਮਰ ਮੁਤਾਬਕ ਸਰੀਆ ਸੌ ਸਾਲ ਤੋਂ ਵਧੀਕ ਸਮਾਂ ਨਹੀ ਰਹਿੰਦਾ ਜੰਗਾਲ ਲੱਗ ਕੇ ਖਤਮ ਹੋ ਜਾਂਦਾ ਹੈ...ਤੇ ਚੂਨੇ ਦੀ ਚਿਣਾਈ ਹਜਾਰ ਸਾਲ ਤੱਕ ਨਹੀ ਜਾਂਦੀ।

ਸ੍ਰੀ ਦਰਬਾਰ ਸਾਹਿਬ ਜੀ ਦੀ ਮੌਜੂਦਾ ਇਮਾਰਤ ਦੀ ਕਾਰ ਸੇਵਾ ਮਿਸਲ ਰਾਜ ਦੌਰਾਨ ਭਾਈ ਦੇਸਰਾਜ ਜੀ ਅਤੇ ਸਿੱਖ ਰਾਜ ਦੌਰਾਨ ਮਹਾਰਾਜਾ ਰਣਜੀਤ ਸਿੰਘ ਜੀ ਦੇ ਸਮੇਂ ਦੇ ਮਹਾਨ ਧਾਰਮਿਕ ਆਗੂ ਦਮਦਮੀ ਟਕਸਾਲ ਦੇ ਛੇਵੇਂ ਮੁਖੀ ਭਾਈ ਸੰਤ ਸਿੰਘ ਜੀ ਵਲੋਂ ਕਰਵਾਈ ਗਈ ਜਿਸਦੀ ਮਜਬੂਤੀ ਸੰਨ੍ਹ 2005 ਮੌਕੇ ਵਰਤਮਾਨ ਸਿੱਖ ਪੀੜ੍ਹੀ ਨੇ ਵੇਖੀ ਹੋਵੇਗੀ,ਐਸੀਆਂ ਮਜਬੂਤ ਤੇ ਸੋਨੇ ਨਾਲ ਮੜ੍ਹੀਆਂ ਮਨਮੋਹਿਕ ਇਮਾਰਤਾਂ ਤੇ ਜਾਂਗਲੇ ਲਾਉਣੇ ਕਦਾਚਿਤ ਸਹੀ ਨਹੀ ਠਹਿਰਾਏ ਜਾ ਸਕਦੇ ।

ਗੁਰਪੁਰ ਵਾਸੀ ਸਿੰਘ ਸਾਹਿਬ ਗਿਆਨੀ ਜਗਤਾਰ ਸਿੰਘ ਜੀ ਸਮੇਂ ਤਾਂ ਇਕ ਸਕੱਤਰ ਨੇ ਸ੍ਰੀ ਦਰਬਾਰ ਸਾਹਿਬ ਦੀ ਪਰਿਕਰਮਾ ਵਿਖੇ ਸੰਗਤਾਂ ਦੇ ਬੈਠਣ ਲਈ ਪੱਥਰ ਦੇ ਥੜ੍ਹਿਆਂ ਦੀ ਤਜਵੀਜ਼ ਪੇਸ਼ ਕਰਕੇ ਪਾਸ ਕਰਵਾ ਲਈ ਜਿਸਨੂੰ ਸਿੰਘ ਸਾਹਿਬ ਜੀ ਨੇ ਸਖਤੀ ਨਾਲ ਰੋਕਿਆ ਕਿ ਐਸਾ ਕਦੇ ਨਹੀ ਹੋਣ ਦਿੱਤਾ ਜਾਵੇਗਾ।

ਸ੍ਰੀ ਹਰਿਮੰਦਰ ਸਾਹਿਬ ਵਿਖੇ ਤਸਵੀਰਾਂ ਖਿੱਚਣ ਤੇ ਪਾਬੰਦੀ ਲਗਾ ਕੇ ਬਾਹਰਲੇ ਸੂਬਿਆਂ ਚੋਂ ਅੰਮ੍ਰਿਤਸਰ ਘੁੰਮਣ ਆਏ ਭਾਰਤੀ ਸੈਲਾਨੀਆਂ ਦੀ ਸਜ਼ਾ ਸਿੱਖਾਂ ਨੂੰ ਤਾਂ ਨਾ ਦਿਓ, ਸੈਲਾਨੀਆਂ ਨੂੰ ਸਮਝਾਉਣਾ ਪਰਿਕਰਮਾ ਚ ਡਿਊਟੀ ਤੇ ਤਾਇਨਾਤ ਸੇਵਾਦਾਰਾਂ ਦਾ ਕਾਰਜ ਹੈ,ਕੋਈ ਵੀਡੀਓ ਵਾਇਰਲ ਹੁੰਦੀ ਹੈ ਤਾਂ ਤੁਰੰਤ ਪਰਿਕਰਮਾ ਚ ਤਸਵੀਰਾਂ ਤੇ ਪਾਬੰਦੀ ਦੇ ਹੁਕਮ ਹੋ ਜਾਂਦੇ ਹਨ । ਏਹ ਰਸਤਾ ਸਹੀ ਨਹੀ ਹੈ, ਗਲਤੀ ਕਰਨ ਵਾਲੇ ਨੂੰ ਲੱਭ ਕੇ ਉਸਤੋਂ ਗਲਤੀ ਦੀ ਮੁਆਫ਼ੀ ਮੰਗਵਾਈ ਜਾ ਸਕਦੀ ਹੈਤਾਂ ਕਿ ਹੋਰਨਾਂ ਨੂੰ ਸਬਕ ਆਵੇ। ਜੇਕਰ ਕੋਈ ਜਾਣਬੁੱਝ ਗਲਤੀ ਕਰਦਾ ਹੈ ਤਾਂ ਉਸ ਵਿਰੁੱਧ ਕਾਨੂੰਨੀ ਕਾਰਵਾਈ ਕਰਵਾਈ ਜਾ ਸਕਦੀ ਹੈ। ਸੱਚਖੰਡ ਸ੍ਰੀ ਹਰਿਮੰਦਰ ਸਾਹਿਬ ਕਿਸੇ ਦੀ ਨਿਜੀ ਪ੍ਰਾਪਰਟੀ ਨਹੀਂ ਇਹ ਸਿੱਖਾਂ ਦਾ ਕੌਮੀਂ ਘਰ ਹੈ,ਏਥੋਂ ਲਏ ਗਏ ਹਰ ਫੈਸਲੇ ਅੱਗੇ ਦੁਨੀਆਂ ਸੀਸ ਝੁਕਾਉਦੀ ਹੈ,ਪ੍ਰਬੰਧਕਾਂ ਦਾ ਧਿਆਨ ਰੱਖਣਾ ਬਣਦਾ ਹੈ ਕਿ ਏਥੋਂ ਕੋਈ ਵੀ ਫੈਸਲਾ ਬਿਨਾਂ ਵਿਚਾਰ ਸੰਵਾਦ ਤੋਂ ਲਾਗੂ ਨਾ ਕੀਤਾ ਜਾਵੇ ਐਸੇ ਫੈਸਲੇ ਲੈਣ ਤੋਂ ਪਹਿਲਾਂ ਦਿਸ਼ਾ ਨਿਰਦੇਸ਼ ਜਾਰੀ ਕਰਨੇ ਚਾਹੀਦੇ ਹਨ। ਸੇਵਾਦਾਰਾਂ ਦੀ ਸਿਫਾਰਸ਼ੀ ਭਰਤੀ ਬੰਦ ਕਰਕੇ ਪੜੇ ਲਿਖੇ ਯੋਗ ਗੁਰਸਿੱਖ ਸਪੈਸ਼ਲ ਗਾਈਡ ਲਗਾ ਕੇ ਦੇਸ਼ ਵਿਦੇਸ਼ ਤੋਂ ਆਏ ਸ਼ਰਧਾਲੂਆਂ ਨੂੰ ਪ੍ਰੇਰਨਾ ਦੇਣੀ ਚਾਹੀਦੀ ਹੈ।

ਸਿੱਖ ਸ਼ਰਧਾਲੂਆਂ ਵਲੋਂ ਯਾਦਗਾਰੀ ਫੋਟੋ ਖਿੱਚਣ ਤੇ ਪਾਬੰਦੀ ਲਾਗੂ ਕਰ ਦੇਣੀ ਕਦਾਚਿਤ ਸਹੀ ਨਹੀ ਹੈ।

ਰਾਜਸੀ ਪਾਰਟੀਆਂ ਦਾ ਹੁਕਮ ਵਜਾਉਣ ਵਾਲੇ ਸਿਆਸੀ ਬੰਦੇ ਗੁਰੂ ਕੀ ਸੰਗਤ ਨੂੰ ਅਧਿਆਤਮਿਕਤਾ ਦਾ ਪਾਠ ਨਾ ਪੜ੍ਹਾਉਣ ਸਗੋਂ ਉਹਨਾਂ ਮੌਡਰਨ ਮੀਣੇਂਆਂ ਪ੍ਰਤੀ ਆਪਣਾਂ ਸਟੈਂਡ ਸਪੱਸ਼ਟ ਕਰਨ ਜਿਹੜੇ ਆਏ ਦਿਨ ਸ੍ਰੀ ਅਕਾਲ ਤਖ਼ਤ ਸਾਹਿਬ ਜੀ ਦੀ ਪ੍ਰਭੂਸੱਤਾ ਨੂੰ ਚੈਲੰਜ ਕਰਦਿਆਂ ਜਥੇਦਾਰ ਸਾਹਿਬ ਦੀ ਪਦਵੀ ਤੇ ਚੋਟ ਕਰਦਿਆਂ ਦੁਨਿਆਵੀ ਅਦਾਲਤਾਂ ਵਿਚ ਕੇਸ ਕਰਨ ਦੀਆਂ ਧਮਕੀਆਂ ਦੇਂਦੇ ਹਨ,ਜਿਹੜੇ ਸਰੇਆਮ ਅੰਮ੍ਰਿਤ ਸੰਚਾਰ ਨਿਤਨੇਮ ਦੀਆਂ ਬਾਣੀਆਂ ਰੱਦ ਕਰ ਰਹੇ ਹਨ ਪੰਥ ਦੀ ਨੌਜਵਾਨੀ ਨੂੰ ਗੁੰਮਰਾਹ ਕਰ ਰਹੇ ਉਨ੍ਹਾਂ ਅਖੌਤੀ ਧਾਰਮਿਕ ਅਦਾਰਿਆਂ ਦੇ ਸਿਲੇਬਸ ਕਦੋਂ ਚੈੱਕ ਕਰਕੇ ਪਾਬੰਦੀ ਲਾਉਣੀ ਹੈ ਜੋ ਸਿੱਖ ਅਦਾਰਿਆਂ ਵਿਚ ਪੰਥ ਚੋਂ ਛੇਕੇ ਦੋਖੀਆਂ ਦੀਆਂ ਕੂੜ ਲਿਖ਼ਤਾਂ ਪੜਾ ਰਹੇ ਹਨ। ਜੂਨ ਮਹੀਨੇ ਦੇ ਸ਼ਹੀਦੀ ਹਫਤੇ ਕੈਮਰਿਆਂ ਤੇ ਲਾਈ ਪਾਬੰਦੀ ਤਾਂ ਇੰਝ ਪ੍ਰਤੀਤ ਹੁੰਦੀ ਹੈ,ਜਿਵੇਂ ਸ਼ਹੀਦ ਸਿੰਘਾਂ ਦੀ ਯਾਦਗਾਰ ਹੇਠਾਂ ਸ਼ਹੀਦੀ ਗੈਲਰੀ ਦੀਆਂ ਤਸਵੀਰਾਂ, ਢਾਹੇ ਗਏ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮਾਡਲ ਅਤੇ ਸ਼ਹੀਦੀ ਘੱਲੂਘਾਰੇ ਦੇ ਬਚੇ-ਖੁਚੇ ਗੋਲੀਆਂ ਤੇ ਪੱਥਰਾਂ ਤੇ ਡੁੱਲ੍ਹੇ ਖ਼ੂਨ ਦੇ ਨਿਸ਼ਾਨ ਕੈਮਰਿਆਂ ਰਾਂਹੀ ਵੇਖ ਕੋਈ ਨਵਾਂ ਹੁਕਮ ਆਇਆ ਹੋਵੇ। ••


### ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਜਿੱਤ ਦੀ ਖੁਸ਼ੀ 'ਚ

# ਗੁਰਮਤਿ ਸਮਾਗਮ ਅਤੇ ਅੰਮ੍ਰਿਤ ਸੰਚਾਰ 15 ਜੂਨ ਨੂੰ

**ਅੱਜ 13 ਜੂਨ ਨੂੰ ਸ੍ਰੀ ਆਖੰਡ ਪਾਠ ਸਾਹਿਬ ਜੀ ਹੋਣਗੇ ਆਰੰਭ ਬਾਬਾ ਬਿਬੇਕ ਸਿੰਘ**

ਜੰਡਿਆਲਾ ਗੁਰੂ, 12 ਜੂਨ ( ਕੁਲਵੰਤ ਸਿੰਘ ਵਿਰਦੀ) ਅੱਜ ਗੁਰਦੁਆਰਾ ਨਾਨਕਸਰ ਸਾਹਿਬ ਨਾਨਕਸਰ ਨਗਰ ਜੰਡਿਆਲਾ ਗੁਰੂ ਦੇ ਮੁੱਖ ਸੇਵਾਦਾਰ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੀ ਲੋਕ ਸਭਾ ਚੋਣਾਂ ਵਿੱਚ ਵੱਡੀ ਲੀਡ ਨਾਲ ਜਿੱਤ ਪ੍ਰਾਪਤ ਕਰਨ ਦੀ ਖੁਸ਼ੀ ਵਿੱਚ ਅਤੇ ਭਾਈ ਸਾਹਬ ਦੀ ਚੜ੍ਹਦੀ ਕਲ੍ਹਾ ਲਈ ਗੁਰੂ ਸਾਹਿਬ ਜੀ ਦਾ ਸ਼ੁਕਰਾਨਾ ਅਤੇ ਅਰਦਾਸ ਸਮਾਗਮ 13ਜੂਨ ਤੋਂ 15 ਤੱਕ ਕਰਵਾਇਆ ਜਾ ਰਿਹਾ ਹੈ ਅੱਗੇ ਬਾਬਾ ਬਿਬੇਕ ਸਿੰਘ ਜੀ ਨੇ ਕਿਹਾ ਕਿ ਕੱਲ੍ਹ 13 ਜੂਨ ਨੂੰ ਗੁਰਦੁਆਰਾ ਨਾਨਕਸਰ ਸਾਹਿਬ ਜੰਡਿਆਲਾ ਗੁਰੂ ਵਿਖੇ ਸ੍ਰੀ ਆਖੰਡ ਪਾਠ ਸਾਹਿਬ ਜੀ ਦੀ ਆਰੰਭਤਾ ਹੋਵੇਗੀ ਅਤੇ ਦੂਖ ਨਿਵਾਰਨ ਕੈਂਪ ਲਗਾਏ ਜਾ ਰਹੇ ਹਨ ਅਤੇ ਜਿਨ੍ਹਾਂ ਦੇ ਭੋਗ 15 ਜੂਨ ਦਿਨ ਸ਼ਨੀਵਾਰ ਨੂੰ ਪਾਏ ਜਾਣਗੇ ਅਤੇ ਭੋਗ ਤੋਂ ਉਪਰੰਤ ਧਾਰਮਿਕ ਦੀਵਾਨ ਸਜਾਏ ਜਾਣਗੇ ਅਤੇ 15 ਜੂਨ ਨੂੰ ਅੰਮ੍ਰਿਤ ਛਕਣ ਵਾਲੀਆਂ ਸੰਗਤਾਂ ਨੂੰ ਪੰਜਾਂ ਪਿਆਰਿਆਂ ਵੱਲੋਂ ਅੰਮ੍ਰਿਤ ਵੀ ਛਕਾਇਆ ਜਾ ਰਿਹਾ ਹੈ ਜਿਨ੍ਹਾਂ ਸੰਗਤਾਂ ਨੇ ਅੰਮ੍ਰਿਤ ਛਕਣਾ ਹੈ ਇਸ ਨੰਬਰ 97810-13856 ਤੇ ਸੰਪਰਕ ਕਰਕੇ ਆਪਣਾ ਨਾਮ ਦਰਜ ਕਰਵਾਓ ਅੱਗੇ ਬਾਬਾ ਬਿਬੇਕ ਸਿੰਘ ਜੀ ਨੇ ਸਮੂਹ ਇਲਾਕਾ ਨਿਵਾਸੀ ਸੰਗਤਾਂ ਨੂੰ ਬੇਨਤੀ ਕੀਤੀ ਕਿ ਇਨ੍ਹਾਂ ਸਮਾਗਮਾਂ ਵਿੱਚ ਹਾਜ਼ਰੀਆਂ ਲਗਵਾ ਕੇ ਸੇਵਾ ਕਰਕੇ ਗੁਰੂ ਸਾਹਿਬ ਜੀ ਦੀਆਂ ਖੁਸ਼ੀਆਂ ਪ੍ਰਾਪਤ ਕਰੋ ਜੀ ਅੱਗੇ ਉਨ੍ਹਾ ਕਿਹਾ ਕਿ ਇਸ ਸਮਾਗਮ ਵਿੱਚ ਵਿਸ਼ੇਸ਼ ਤੌਰ ਤੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਜੀ ਦੀ ਮਾਤਾ ਬਲਵਿੰਦਰ ਕੌਰ,ਬਾਪੂ ਤਰਸੇਮ ਸਿੰਘ ਅਤੇ ਭਰਾਤਾ ਭਾਈ ਹਰਪ੍ਰੀਤ ਸਿੰਘ ਜੱਲੂਪੁਰ ਖੇੜਾ ਪਹੁੰਚ ਰਹੇ ਹਨ।





ਆਵਾਜ਼ਿ ਕੌਮ AWAZE QAUM International Newspaper & WEB TV

# ਤੁਸੀਂ ਪੜ੍ਹ ਕੇ ਹੈਰਾਨ ਹੋ ਜਾਣਾ .....ਆਪ ਦਾ ਐਮ. ਐਲ. ਏ., ਜੇਲ੍ਹ ਅਤੇ ਏ ਸੀ.




ਪੰਜਾਬ ਵਿੱਚ ਬਹੁਤ ਅਜ਼ੀਬ ਚੀਜਾਂ ਹੋ ਰਹੀਆਂ ਹਨ। ਇਹ ਹਨ ਆਪ ਦੇ ਅਮਰਗੜ੍ਹ ਤੋਂ ਵਿਧਾਇਕ ਜਸਵੰਤ ਗੱਜਣਮਾਜਰਾ। ਜੋ 40 ਕਰੋੜ ਦੇ ਬੈਂਕ ਫਰਾਡ ਮਸਲੇ ਵਿੱਚ ਪਟਿਆਲਾ ਸੈਂਟਰਲ ਜੇਲ੍ਹ ਵਿੱਚ ਬੰਦ ਹਨ। ਪਰ ਕੀ ਤੁਸੀਂ ਜਾਣਦੇ ਹੋ ਕਿ ਉਹ ਜੇਲ੍ਹ ਦੀ ਗਰਮੀ ਨਹੀਂ ਸਗੋਂ ਪਿਛਲੇ 31 ਦਿਨਾਂ ਤੋਂ ਇੱਕ 13 ਕਮਰੇ ਵਿੱਚ ਰਹਿ ਰਹੇ ਹਨ ?ਉਹ 11 ਮਈ ਨੂੰ ਰਜਿੰਦਰਾ ਹਸਪਤਾਲ ਦੇ ਕਾਰਡਿਉ ਡਿਪਾਰਟਮੈਂਟ ਵਿੱਚ ਦਾਖਲ ਹੁੰਦੇ ਹਨ, ਪਰ 6 ਜੂਨ ਨੂੰ ਉਨ੍ਹਾਂ ਨੂੰ ਛੁੱਟੀ ਦੇ ਦਿੱਤੀ ਜਾਂਦੀ ਹੈ ਕਿਉਕਿ ਡਾਕਟਰ ਉਸ ਬਿਮਾਰੀ ਦਾ ਬਹਾਨਾ ਲਾ ਕੇ ਹੋਰ ਲੰਮਾ ਨਹੀਂ ਰੱਖ ਸਕਦੇ ਸਨ॥ ਰਿਪੋਰਟ ਅਨੁਸਾਰ ਅਗਲੇ ਹੀ ਦਿਨ 7 ਜੂਨ ਨੂੰ ਜਸਵੰਤ ਗੱਜਣਮਾਜਰਾ ਫਿਰ ਰਜਿੰਦਰਾ ਹਸਪਤਾਲ ਵਿੱਚ ਦਾਖਲ ਹੁੰਦੇ ਹਨ। ਇਸ ਵਾਰ ਯੂਰੋਲੋਜੀ ਡਿਪਾਰਟਮੈਂਟ ਵਿੱਚ ਦਾਖਲ ਹੁੰਦੇ ਹਨ ਅਤੇ ਅਜੇ ਵੀ ਉੱਥੇ ਰਹਿ ਰਹੇ ਹਨ। ਸਭਤੋਂ ਵੱਡੀ ਹੈਰਾਨੀ ਦੀ ਗੱਲ ਹੈ ਕਿ ਇਹ ਦੋਵੇਂ ਡਿਪਾਰਟਮੈਂਟ 13 ਹਨ, ਕਰੀਬ ਬਾਕੀ ਸਾਰਾ ਰਜਿੰਦਰਾ ਹਸਪਤਾਲ 13 ਨਹੀਂ ਹੈ। MLA ਸਾਬ੍ਹ ਨੂੰ ਉਹੀ ਰੋਗ ਲੱਗ ਰਹੇ ਹਨ ਜਿਹੜੇ ਪਾਸੇ 13 ਹੈ । ਮੁੱਖਮੰਤਰੀ Bhagwant Mann ਤੁਹਾਡੇ ਕੋਲ ਜੇਲ੍ਹ ਮਨਿਸਟਰੀ ਹੈ, ਕਰੋ ਕੋਈ ਜਾਂਚ ਪੜਤਾਲ ਕਾਰਵਾਈ ? ਜਾਂ ਗੱਲਾਂ ਦਾ ਕੜਾਹ ਹੀ ਖਵਾਉਣਾ ਕੱਲਾ ਲੋਕਾਂ ਨੂੰ ?

-ਮਾਣਿਕ ਗੋਇਲ

ਆਵਾਜ਼ਿ ਕੌਮ AWAZE QAUM International Newspaper & WEB TV

# ਹਿਮਾਚਲ ਵਿੱਚ ਸਿੱਖ ਯਾਤਰੀਆਂ ਨੂੰ ਘੇਰਕੇ ਉਹਨਾਂ ਤੇ ਹਮਲੇ ਕਰਨਾ ਤੇ ਹਰਿਆਣਾ ਦੇ ਕੈਥਲ ਵਿੱਚ ਸਿੱਖ ਨੌਜਵਾਨ ਦੀ ਕੁੱਟਮਾਰ ਅਤੇ ਕੇਸਾਂ ਦੀ ਬੇਅਦਬੀ ਕਰਨੀ ਬਹੁਤ ਹੀ ਮੰਦਭਾਗੀ ਤੇ ਅਸਹਿ ਘਟਨਾ ਹੈ:ਭੋਮਾ






**ਦਿੱਲੀ ਸਿੱਖ** ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ ਕਮੇਟੀ ਪੰਜਾਬ ਦੇ ਚੇਅਰਮੈਨ ਮਨਜੀਤ ਸਿੰਘ ਭੋਮਾ ਨੇ ਹਿਮਾਚਲ ਪ੍ਰਦੇਸ਼ ਵਿੱਚ ਸਿੱਖ ਯਾਤਰੀਆਂ ਨੂੰ ਘੇਰਕੇ ਉਹਨਾਂ ਤੇ ਹਮਲੇ ਕਰਨਾ ਅਤੇ ਹਰਿਆਣਾ ਦੇ ਕੈਥਲ ਵਿੱਚ ਸਿੱਖ ਨੌਜਵਾਨ ਦੀ ਕੁੱਟਮਾਰ ਕਰਨ ਤੇ ਕੇਸਾਂ ਦੀ ਬੇਅਦਬੀ ਕਰਨ ਦੀ ਸਖਤ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਅਤੇ ਹਰਿਆਣਾ ਸਰਕਾਰ ਨੂੰ ਅਪੀਲ ਕੀਤੀ ਹੈ ਕਿ ਉਹ ਦੋਸ਼ੀਆਂ ਨੂੰ ਜਲਦੀ ਤੋਂ ਜਲਦੀ ਗ੍ਰਿਫਤਾਰ ਕਰਕੇ ਸਖਤ ਤੋਂ ਸਖਤ ਸਜ਼ਾ ਦੇਵੇ ।ਭੋਮਾ ਨੇ ਕਿਹਾ ਕਿ ਕੈਥਲ ਵਾਸੀ ਸੁਖਵਿੰਦਰ ਸਿੰਘ ਨੂੰ ਕੁਝ ਅਣਪਛਾਤੇ ਵਿਅਕਤੀਆਂ ਵੱਲੋਂ ਸ਼ਹਿਰ ਦੇ ਨਜ਼ਦੀਕ ਰੋਡ ਤੇ ਗਾਲੀ ਗਲੋਚ ਕਰਨਾ ਸੁਰੂ ਕਰ ਦਿੱਤਾ ਅਤੇ ਉਸਤੇ ਨਸਲੀ ਟਿੱਪਣੀਆਂ ਕੀਤੀਆ ਤੇ ਬਾਅਦ ਵਿੱਚ ਉਸ ਦੀ ਕੁੱਟ ਮਾਰ ਕੀਤੀ ।ਦੋਸ਼ੀ ਵਿਅਕਤੀਆਂ ਵੱਲੋ ਸੁੱਖਵਿੰਦਰ ਸਿੰਘ ਦੀ ਦਸਤਾਰ ਅਤੇ ਕੇਸਾਂ ਦੀ ਬੇਅਦਬੀ ਵੀ ਕੀਤੀ ਗਈ ਹੈ ।ਜਿਸ ਕਰਕੇ ਪੂਰੇ ਸਿੱਖ ਧਰਮ ਦੇ ਦਿਲਾਂ ਨੂੰ ਠੇਸ ਪਹੁੰਚੀ ਹੈ। ਉਹਨਾਂ ਕਿਹਾ ਕਿ ਆਏ ਦਿਨ ਸਿੱਖਾਂ ਨਾਲ ਅਜਿਹੀਆਂ ਘਟਨਾਵਾਂ ਵਾਪਰਦੀਆਂ ਜਾ ਰਹੀਆਂ ਹਨ। ਕਦੇ ਕਿਸਸੇ ਸਿੱਖ ਅਫ਼ਸਰ ਨੂੰ ਡਿਊਟੀ ਦੌਰਾਨ ਖਾਲਿਸਤਾਨੀ ਕਿਹਾ ਜਾ ਰਿਹਾ ਹੈ ।ਕਦੇ ਆਪਣੇ ਗੁਰਧਾਮਾਂ ਦੇ ਦਰਸ਼ਨਾਂ ਨੂੰ ਜਾਂਦਿਆ ਸਿੱਖਾਂ ਉੱਤੇ ਰਸਤੇ ਵਿਚ ਹਮਲੇ ਹੋ ਰਹੇ ਹਨ। ਉਹਨਾਂ ਕੇਂਦਰ ਸਰਕਾਰ ਨੂੰ ਵੀ ਅਪੀਲ ਕੀਤੀ ਹੈ ਕਿ ਉਹ ਇਹਨਾਂ ਘਟਨਾਵਾਂ ਉੱਤੇ ਸਖ਼ਤੀ ਨਾਲ ਕਰਵਾਈ ਕਰਕੇ ਕਾਬੂ ਪਾਉਣ। ਉਹਨਾਂ ਕਿਹਾ ਕਿ ਕੁਝ ਸ਼ਰਾਰਤੀ ਅਨਸਰਾਂ ਵੱਲੋਂ ਅਜਿਹੀਆਂ ਘਟਨਾਵਾਂ ਅੰਜਾਮ ਦੇ ਕੇ ਦੇਸ਼ ਦੀ ਅਮਨ ਸਾਂਤੀ ਨੂੰ ਵਿਗਾੜਨ ਵਿਚ ਲੱਗੇ ਹੋਏ ਹਨ ਜੋਂ ਦੇਸ਼ ਅੰਦਰ ਲਗਾਤਾਰ ਨਫ਼ਰਤੀ ਮਾਹੌਲ ਸਿਰਜ ਕੇ ਸਿੱਖਾਂ ਨੂੰ ਬਿਨਾ ਕਿਸੇ ਕਾਰਨ ਤੋਂ ਨਿਸ਼ਾਨਾ ਬਣਾਉਣ ਵਿਚ ਲੱਗੇ ਹੋਏ ਹਨ ।ਭੋਮਾ ਨੇ ਕਿਹਾ ਕਿ ਉਹਨਾਂ ਨੇ ਇਸ ਮਾਮਲੇ ਨੂੰ ਗੰਭੀਰਤਾ ਨਾਲ ਲੈਂਦਿਆਂ ਹਰਿਆਣਾ ਕਮੇਟੀ ਨਾਲ ਸੰਪਰਕ ਕੀਤਾ ਤਾਂ ਜੋਂ ਦੋਸ਼ੀਆਂ ਖਿਲਾਫ ਜ਼ਲਦੀ ਤੋ ਜਲਦੀ ਸਖ਼ਤ ਕਾਰਵਾਈ ਕਰਨ ਲਈ ਪ੍ਰਸਾਸਨ ਤੇ ਜ਼ੋਰ ਪਾਇਆ ਜਾ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

## ਪੰਜਾਬੀ ਲਿਟਰੇਰੀ ਕਲੱਬ ਦੇ ਪ੍ਰਧਾਨ ਤਰਲੋਚਨ ਸਿੰਘ ਵਿਰਕ ਵੱਲੋਂ

# ਗਿਆਨੀ ਪਰਮਜੀਤ ਸਿੰਘ ਡੁਮੇਲੀ ਜੀ ਨਾਲ ਸ਼੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਦੀ ਸ਼ਹੀਦੀ ਬਾਰੇ ਇੰਟਰਵਿਊ



ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ।।

**ਆਪਣੇ ਬਾਰੇ ਜਾਣਕਾਰੀ ਦੇਣੀ ਜੀ।**

ਮੇਰਾ ਜਨਮ ਪਿੰਡ ਡੁਮੇਲੀ, ਜਿਲ੍ਹਾ ਕਪੂਰਥਲਾ ਵਿਖੇ ਪਿਤਾ ਗੁਰਮੇਲ ਸਿੰਘ ਅਤੇ ਮਾਤਾ ਗੁਰਨਾਮ ਕੌਰ ਜੀ ਦੇ ਘਰ 1972 ਨੂੰ ਹੋਇਆ। ਮੇਰੇ ਛੋਟੇ ਭਰਾ ਦਾ ਨਾਮ ਚਰਨਜੀਤ ਸਿੰਘ ਹੈ।

**ਆਪ ਜੀ ਨੇ ਕੀਰਤਨ ਅਤੇ ਕਥਾ ਕਿਥੋਂ ਸਿੱਖੀ?**

ਦਾਸ ਸਿਰਫ ਚਾਰ ਸਾਲ ਦੀ ਉਮਰ ਦਾ ਸੀ ਜਦੋਂ ਮੈਨੂੰ ਪੋਲੀਓ ਦੀ ਬੀਮਾਰੀ ਲੱਗ ਗਈ ਜਿਸ ਕਾਰਨ ਮੈਂ ਚੱਲਣ ਫਿਰਨ ਤੋਂ ਅਸਮਰੱਥ ਹੋ ਗਿਆ। ਮਾਤਾ ਪਿਤਾ ਜੀ ਨੇ ਜਿੱਨਾ ਹੋ ਸਕਿਆ ਮੇਰਾ ਇਲਾਜ ਕਰਵਾਇਆ। ਤਕਰੀਬਨ ਸੱਤ ਕੁ ਸਾਲ ਦੀ ਉਮਰ ਵਿੱਚ ਸਾਡੇ ਪਿੰਡ ਡੁਮੇਲੀ ਵਿਖੇ ਗੰਦਰਵ ਸੰਗੀਤ ਵਿਦਆਲੇ ਵਿਚ ਸੰਤ ਬਾਬਾ ਸਰਵਣ ਸਿੰਘ ਜੀ ਅਤੇ ਸੰਤ ਬਾਬਾ ਹਰਬੰਸ ਸਿੰਘ ਜੀ ਕੋਲ ਦਾਸ ਨੂੰ ਛੱਡ ਦਿੱਤਾ ਸੀ। 1982 ਤੋਂ 1997 ਤੱਕ ਉਸ ਓਸਥਾਨ ਉਸ ਵਿਦਆਲੇ ਵਿਖੇ ਰਿਹਾ ਅਤੇ ਉਨ੍ਹਾਂ ਮਹਾਨ ਮਹਾਂਪੁਰਖਾਂ ਕੋਲੋਂ ਦਾਸ ਨੇ ਕੀਰਤਨ, ਕਥਾ ਅਤੇ ਗੁਰਬਾਣੀ ਦੀ ਸਿਖਿਆ ਲਈ। ਜਿੱਥੇ ਦਾਸ ਰਹਿੰਦਾ ਸੀ ਕਥਾ, ਰਾਗਾਂ ਤਾਲਾਂ ਵਿੱਚ ਕੀਰਤਨ, ਗੁਰਬਾਨੀ ਦੀ ਸੰਥੀਆ, ਗੁਰਬਾਨੀ ਦੀ ਕਥਾ ਸਿੱਖੀ। 15 ਸਾਲ ਦੀ ਉਮਰ ਤੱਕ ਉਪਰ ਲਿੱਖਿਆ ਵਾਹਿਗੁਰੂ ਜੀ ਦੀ ਅਪਾਰ ਕਿਰਪਾ ਨਾਲ ਸਿੱਖਿਆ।

**ਕੀ ਤੁਸੀਂ ਸ਼ੁਰੂ ਤੋਂ ਕਥਾ ਹੀ ਕਰਦੇ ਸੀ ਜਾਂ ਕੀਰਤਨ ਕਰਨੀ ਸ਼ੁਰੂ ਕੀਤੀ ਸੀ ਜੀ?**

ਪਹਿਲਾਂ ਦਾਸ ਕੀਰਤਨ ਕਰਦਾ ਹੁੰਦਾ ਸੀ। ਜਿਆਦਾ ਮੈਂ ਸਿੱਖਿਆ ਵੀ ਕੀਰਤਨ ਹੀ ਸੀ ਅਤੇ ਕਿਤੇ ਕਿਤੇ ਹੀ ਕਥਾ ਕਰਦਾ ਸੀ। 1999 ਤੋਂ ਕਥਾ ਕਰਨੀ ਅਰੰਭ ਕਰ ਦਿੱਤੀ ਸੀ। ਸਾਡੇ ਪਿੰਡ ਦੇ ਨਜਦੀਕ ਹਰਿਆਣਾ ਜੱਟਾਂ ਦਾ ਪਿੰਡ ਹੈ ਜਿੱਥੇ ਗੁਰਦਵਾਰਾ ਕੌਲ ਸਾਹਿਬ ਸਥਿਤ ਹੈ ਜਿੱਥੇ ਦਾਸ ਰਹਿੰਦਾ ਹੁੰਦਾ ਸੀ। ਉਥੋਂ ਦੇ ਸੰਤ ਸਰਵਣ ਸਿੰਘ ਜੀ ਇੱਕ ਦਿੰਨ ਕਹਿਣ ਲੱਗੇ ਕਿ "ਗਿਆਨੀ ਜੀ ਤੁਸੀਂ ਕਥਾ ਕਰਿਆ ਕਰੋ"।

ਫਿਰ ਦਾਸ ਨੇ ਅੰਮ੍ਰਿਤ ਵੇਲੇ ਸ੍ਰੀ ਸੁਖਮਨੀ ਸਾਹਿਬ ਜੀ ਦੀ ਕਥਾ ਕਰਨੀ ਅਰੰਭ ਕਰ ਦਿੱਤੀ ਜਿਸ ਦੀ ਤਿੰਨ ਮਹੀਨੇ ਬਾਅਦ ਸਮਾਪਤੀ ਹੋਈ। ਉਪਰੰਤ ਪੰਜ ਬਾਣੀਆਂ ਦੀ ਕਥਾ ਕੀਤੀ, ਜਿਸ ਤੋਂ ਬਾਅਦ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਕਥਾ ਅਰੰਭ ਕੀਤੀ। ਕਥਾ ਦੀ ਅਰੰਭਤਾ ਦਾਸ ਨੇ ਸਾਡੇ ਪਿੰਡ ਡੁਮੇਲੀ ਵਿਖੇ ਹੀ ਕਰ ਦਿੱਤੀ ਸੀ। ਕਥਾ ਕਰਨ ਲਈ ਨਾਲ ਨਾਲ ਮਿਹਨਤ ਚਲਦੀ ਰਹਿੰਦੀ ਹੈ। ਇਕੋ ਬਾਰੀ ਨਹੀਂ ਸਿੱਖੀ ਜਾਂਦੀ। ਅਤੇ ਹੁਣ ਵੀ ਮਿਹਨਤ ਕਰਦੇ ਰਹੀਦਾ ਹੈ। ਆਵਾ ਜਾਈ ਦੀਆਂ ਮੁਸ਼ਕਲਾਂ ਕਾਰਨ ਦਾਸ ਨੇ ਜਿਆਦਾ ਤੌਰ ਤੇ ਕਥਾ ਬਰਤਾਨੀਆ ਵਿੱਚ ਹੀ ਕੀਤੀ ਹੈ ਜਿੱਥੇ ਦਾਸ ਦਸੰਬਰ 2000 ਨੂੰ ਜਹਾਜ ਦੇ ਸਫਰ ਵਿੱਚ ਬਹੁੱਤ ਮੁਸ਼ਕਲ ਨਾਲ ਆਇਆ ਸੀ।

**ਆਪ ਜੀ ਦੇ ਪ੍ਰੇਰਨਾ ਸ੍ਰੋਤ ਕੌਣ ਹਨ?**

ਗਿਆਨੀ ਸੰਤ ਸਿੰਘ ਜੀ ਮਸਕੀਨ ਜਿਨ੍ਹਾ ਤੋਂ ਦਾਸ ਕਥਾ ਕਰਨ ਲਈ ਪ੍ਰੇਰਤ ਹੋਇਆ। ਛੋਟੇ ਹੁੰਦੇ ਮਸਕੀਨ ਜੀ ਦੀ ਕਥਾ ਸੁਣਦੇ ਹੁੰਦੇ ਰਹੇ ਅਤੇ ਥੋੜੀ ਕਥਾ ਕਰਨੀ ਸ਼ੁਰੂ ਕੀਤੀ।ਸੰਤ ਮਸਕੀਨ ਜੀ ਤੋਂ ਪ੍ਰੇਰਨਾ ਲੈ ਕੇ ਦਾਸ ਨੇ ਕਥਾ ਅਤੇ ਗੁਰਬਾਣੀ ਦੀ ਡੂੰਗਾਈ ਵਲ ਜਾਣ ਦੀ ਕੋਸ਼ਿਸ਼ ਕੀਤੀ। ਗਿਆਨੀ ਮਾਨ ਸਿੰਘ ਜੀ ਝੋਰ ਤੋਂ ਵੀ ਦਾਸ ਬਹੁੱਤ ਪ੍ਰਭਾਵਤ ਹੋਇਆ ਜਿਨ੍ਹਾ ਤੋਂ ਮੈਨੂੰ ਬਹੁੱਤ ਕੁੱਝ ਸਿੱਖਣ ਨੂੰ ਮਿਲਿਆ?

**ਗਿਆਨੀ ਜੀ ਕੀ ਵਿਦੇਸ਼ਾਂ ਵਿੱਚ ਮਾਂ-ਬੋਲੀ ਪੰਜਾਬੀ ਸਿੱਖਣੀ ਜਰੂਰੀ ਹੈ?**

ਸਾਡੀ ਮਾਂ-ਬੋਲੀ ਪੰਜਾਬੀ ਹੈ।ਅਤੇ ਇਹ ਸਿੱਖਣੀ ਬਹੁੱਤ ਜਰੂਰੀ ਹੈ। ਜੇ ਅਸੀਂ ਗੁਰਬਾਣੀ ਨੂੰ ਪੜਨਾ, ਗੁਰਬਾਣੀ ਨੂੰ ਸਮਝਣਾ ਚਾਹੁੰਦੇ ਹਾਂ ਤਾਂ ਪੰਜਾਬੀ ਸਿੱਖਣੀ ਬਹੁੱਤ ਜਰੂਰੀ ਹੈ। ਜਿੰਨਾ ਚਿਰ ਅਸੀਂ ਪੰਜਾਬੀ ਬੋਲਣੀ, ਲਿਖਣੀ ਪੜਣੀ ਨਹੀਂ ਸਿੱਖਦੇ ਉਨਾ ਚਿਰ ਅਸੀਂ ਗੁਰਬਾਣੀ ਦਾ ਸ਼ੁੱਧ ਉਚਾਰਨ ਨਹੀਂ ਕਰ ਸਕਦੇ। ਇਸ ਤੋਂ ਬਗੈਰ ਗੁਰਬਾਣੀ ਦੀ ਵਿਆਖਿਆ ਨੂੰ ਵੀ ਨਹੀਂ ਸਮਝ ਸਕਦੇ। ਜੇ ਸਾਨੂੰ ਪੰਜਾਬੀ ਆਉਂਦੀ ਹੋਊ ਤਾਂ ਹੀ ਅਸੀਂ ਗੁਰਬਾਣੀ ਉਚਾਰਨ ਸਹੀ ਕਰ ਸਕਾਂਗੇ। ਗੁਰਬਾਣੀ ਦਾ ਵਿਆਕਰਨ ਸਮਝ ਸਕਾਂਗੇ ਅਤੇ ਗੁਰਬਾਣੀ ਦੀ ਗਿਹਰਾਹੀ ਵਿੱਚ ਜਾ ਸਕਾਂਗੇ।

ਸੋ ਸਿੱਧੀ ਜਹੀ ਗੱਲ ਹੈ ਆ, ਜੇ ਅਸੀਂ ਗੁਰਬਾਣੀ ਨਾਲ ਪਿਆਰ ਕਰਦੇ ਹਾਂ, ਗੁਰਬਾਣੀ ਸਮਝਣੀ ਚਾਹੁੰਦੇ ਹਾਂ, ਗੁਰਬਾਣੀ ਦੀ ਵਿਆਖਿਆ ਸਮਝਣਾ ਚਾਹੁੰਦੇ ਹਾਂ ਜਾਂ ਸੁਨਣੀ ਚਾਹੁੰਦੇ ਹਾਂ ਤਾਂ ਫਿਰ ਸਾਨੂੰ ਪੰਜਾਬੀ ਸਿੱਖਣੀ ਬਹੁੱਤ ਹੀ ਜਿਅਦਾ ਜਰੂਰੀ ਹੈ।



ਪੰਜਾਬੀ ਤੋਂ ਬਿਨ੍ਹਾਂ ਨਾਂ ਅਸੀਂ ਗੁਰਬਾਣੀ ਪੜ ਸਕਦੇ ਹਾਂ ਨਾਂ ਅਸੀਂ ਗੁਰਬਾਣੀ ਨੂੰ ਸਮਝ ਸਕਦੇ ਹਾਂ।

**ਇੰਗਲੈਂਡ ਵਿੱਚ ਕਿਹੜੇ ਕਿਹੜੇ ਗੁਰਦਵਾਰਾ ਸਾਹਿਬ ਕਥਾ ਕਰ ਚੁੱਕੇ ਹੋ ਜੀ?**

ਇੰਗਲੈਂਡ ਦੀਆਂ ਸਾਰੀਆਂ ਹੀ ਵੱਡੀਆਂ ਸਟੇਜਾਂ ਤੋਂ ਦਾਸ ਕਥਾ ਕਰ ਚੁੱਕਾ ਹੈ ਜੀ ਜਿਵੈਂ ਸਿੰਘ ਸਭਾ ਪਾਰਕ ਐਵਨਿਊ ਅਤੇ ਹੈਵਲੌਕ ਰੋਡ ਜਿਸਦਾ ਨਾਮ ਕੁਝ ਸਾਲ ਪਹਿਲਾਂ ਗੁਰੂ ਨਾਨਕ ਵੇ ਹੈ, ਵਿਖੇ ਦਾਸ ਨੇ 15 ਸਾਲ ਕਥਾ ਕੀਤੀ ਹੈ, ਗਰੇਵਜੰਡ ਦੇ ਵੱਡੇ ਗੁਰਦਵਾਰਾ ਸਾਹਿਬ ਗੁਰੂ ਨਾਨਕ ਦਰਬਾਰ , ਕਵੈਂਟਰੀ ਦੇ ਗੁਰੂ ਨਾਨਨਕ ਪਰਕਾਸ਼ ਗੁਰਦਵਾਰਾ, ਵੁਲਵਰਹੈਂਪਟੰਨ, ਵਾਲਸਾਲ, ਵੈਨਸਫਿਲਡ, ਨੌਟਿਘੰਮ, ਡਰਬੀ, ਲੈਸਟਰ ਦੇ ਗੁਰੂ ਨਾਨਕ ਗੁਰਦਵਾਰਾ, ਗੁਰੂ ਤੇਗ ਬਹਾਦਰ ਗੁਰਦਵਾਰਾ, ਓਡਬੀ ਦੇ ਗੁਰਦਵਾਰਾ ਗੁਰੂ ਹਰਿਕ੍ਰਿਸ਼ਨ ਸਾਹਿਬ, ਲੀਡਜ, ਬਰਮਿਘੰਮ, ਵਿਲਨਹਾਲ ਇਨ੍ਹਾ ਸੱਭ ਗੁਰਦਵਾਰਾ ਸਾਹਿਬਾਂ ਵਿਖੇ ਵਾਹਿਗੁਰੂ ਜੀ ਦੀ ਕਿਰਪਾ ਨਾਲ ਕਥਾ ਕਰ ਚੁੱਕਾ ਹਾਂ। ਸਟੇਜ ਤੇ ਗੁਰੂ ਨਾਨਕ ਦੇਵ ਜੀ ਨੇ ਆਪਣਾ ਮਿਹਰ ਭਰਿਆ ਹੱਥ ਰੱਖਿਆ ਹੈ। ਅਤੇ ਸੰਗਤਾਂ ਦੀ ਖੁਸ਼ੀ ਮਿਲੀ ਹੈ ਜੋ ਦਾਸ ਨੂੰ ਕਥਾ ਕਰਨ ਤੋਂ ਬਾਅਦ ਵੀ ਦਿੱਤੇ ਹੋਏ ਕਮਰੇ ਵਿੱਚ ਮਿਲਦੀਆਂ ਸਨ।

**ਗਿਆਨੀ ਪਰਮਜੀਤ ਸਿੰਘ ਜੀ ਪੰਜਵੇਂ ਪਾਤਸ਼ਾਹ ਸ੍ਰੀ ਗੁਰੂ ਅਰਜਨ ਦੇਵ ਜੀ ਦੀ ਸ਼ਹੀਦੀ ਬਾਰੇ ਜਾਣਕਾਰੀ ਦੇਵੋ ਜੀ?**

ਸ਼ੋਮਵਾਰ 10 ਜੂਨ ਨੂੰ ਧੰਨ ਸ੍ਰੀ ਗੁਰੂ ਅਰਜਨ ਦੇਵ ਜੀ ਦਾ ਸ਼ਹੀਦੀ ਪੁਰਬ ਆ ਰਿਹਾ ਹੈ। ਸ਼ਹੀਦਾਂ ਦੇ ਸਿਰਤਾਜ ਸਤਿਗੁਰੂ ਸਾਹਿਬ ਸ੍ਰੀ ਗੁਰੂ ਅਰਜਨ ਦੇਵ ਜੀ ਮਹਾਰਾਜ ਜਿਨਾ ਨੇ ਸਾਨੂੰ ਸ਼ਹੀਦ ਹੋਣ ਦਾ ਬਲ ਅਤੇ ਜਾਂਚ ਸਿਖਾਈ ਹੈ ਕਿ ਆਪਣੇ ਧਰਮ ਵਿੱਚ ਦਿਰੱੜ ਰਿਹਣਾਂ – ਅਣਖ ਵਾਸਤੇ ਇੱਜਤ ਵਾਸਤੇ ਜੇ ਤੱਤੀ ਤਵੀ ਤੇ ਵੀ ਬੈਠਣਾ ਪੈ ਜਾਵੇ ਅਤੇ ਸੀਸ ਉਤੇ ਤੱਤੀ ਰੇਤ ਪਵਾਉਣੀ ਪੈ ਜਾਵੇ, ਦੇਗ ਵਿੱਚ ਉਬਾਲਾ ਲੈਣਾ ਪੈ ਜਾਵੇ ਖਾ ਲਵੀਂ, ਜਿੰਨਾ ਵੀ ਕਸ਼ਟ ਝੱਲਣਾ ਪੈ ਜਾਵੇ ਝੱਲ ਲਵੀਂ ਪਰ ਈਣ ਨਾਂ ਮੰਨੀ ਜਾਵੇ। ਪਰ ਆਪਣਾ ਸਿਰ ਨਾ ਝੁਕਾਈਂ ਆਪਣੀ ਇੱਜਤ ਨੂੰ ਦਾਗ ਨਾ ਲੱਗਣ ਦੇਵੀਂ। ਸਿਰ ਝੁਕਾ ਕੇ, ਨਿਵ ਕੇ, ਕਿਸੇ ਦੇ ਗੁਲਾਮ ਹੋ ਕੇ ਜੀਉਣ ਨੂੰ ਗੁਰੂ ਘਰ ਵਿੱਚ ਕੋਈ ਵੀ ਥਾਂ ਨਹੀਂ ਹੈ। ਗੁਰੂ ਸਾਹਿਬ ਜੀ ਨੇ ਸਪੱਸ਼ਟ ਕਿਹਾ ਹੈ

" ਜੇ ਜੀਵੈ ਪਤਿ ਲਥੀ ਜਾਇ। ਸਭ ਹਰਾਮੁ ਜੇਤਾ ਕਿਛ ਖਾਇ। ਰਾਜਿ ਰੰਗੁ ਮਾਲਿ ਰੰਗੁ। ਰੰਗਿ ਰਤਾ ਨਚੈ ਨੰਗੁ। ਨਾਨਕ ਠਗਿਆ ਮੁਠਾ ਜਾਇ। ਵਿਣੁ ਨਾਵੈ ਪਤਿ ਗਇਆ ਗਵਾਇ।

ਜੇ ਇੱਜਤ ਗਵਾ ਕੇ ਜੀਉਣਾ, ਸਿਰ ਨੀਵਾਂ ਕਰਕੇ ਜੀਉਣਾ, ਕਿਸੇ ਦੀ ਗੁਲਾਮੀ ਵਿੱਚ ਜੀਉਣਾ ਤਾਂ ਫਿਰ ਜੀਉਣ ਦਾ ਕੋਈ ਅਰਥ ਨਹੀਂ ਹੈ। ਗੁਰੂ ਅਰਜਨ ਦੇਵ ਜੀ ਨੂੰ ਵਕਤ ਦੀ ਹਕੂਮਤ ਝੁਕਾਉਣਾ ਚਾਹੁੰਦੀ ਸੀ ਪਰ ਗੁਰੂ ਸਾਹਿਬ ਝੁਕੇ ਨਹੀਂ। ਗੁਰੂ ਜੀ ਦੀ ਸ਼ਹੀਦੀ ਪਿਛੇ ਹੋਰ ਵੀ ਕਈ ਕਾਰਨ ਹਨ ਕਿਉਂਕਿ ਉਸ ਵੇਲੇ ਦੀ ਹੱਕੂਮਤ ਜਹਾਂਗੀਰ ਬਾਦਸ਼ਾਹ ਸੀ। ਉਹ ਤਾਂ ਗੁਰੂ ਸਾਹਿਬ ਨੂੰ ਝੁਕਾਉਣਾ ਚਾਹੁੰਦਾ ਹੀ ਸੀ ਜਿੱਸ ਵਿੱਚ ਕੋਈ ਛੱਕ ਨਹੀਂ ਸੀ।

ਆਵਾਜ਼ਿ ਕੌਮ AWAZE QAUM International Newspaper & WEB TV

ਲੇਕਨ ਇਹਦੇ ਨਾਲ ਨਾਲ ਜਿਹੜੀਆਂ ਇਸਲਾਮਿੱਕ ਜਥੇਬੰਦੀਆ ਸੀ ਉਹ ਵੀ ਗੁਰੂ ਘਰ ਨਾਲ ਵਿਰੋਧ ਵਿੱਚ ਸਨ ਜਿਨ੍ਹਾ ਨੂੰ ਗੁਰੂ ਸਾਹਿਬ ਜੀ ਦੇ ਪ੍ਰਚਾਰ ਤੋਂ ਖਤਰਾ ਮਿਹਸੂਸ ਹੋਣ ਲੱਗ ਪਿਆ ਸੀ ਕਿ ਕਿਤੇ ਐਸਾ ਨਾ ਹੋਵੇ ਪਈ ਅਸੀਂ ਤਾਂ ਇਸਲਾਮ ਵਧਾਉਣਾ ਚਾਹੁੰਦੇ ਹਾਂ ਪਰ ਇੱਥੇ ਤਾਂ ਹੁਣ ਸਿੱਖੀ ਦਾ ਹੜ ਆਈ ਜਾ ਰਿਹਾ ਹੈ। ਉਹ ਵੀ ਗੁਰੂ ਸਾਹਿਬ ਜੀ ਦੇ ਵਿਰੋਧੀ ਹੋ ਗਏ।

ਇਸੀ ਤਰਾਂ ਕਰਮ ਕਾਂਡੀਏ ਉੱਚੀ ਜਾਤ ਵਾਲੇ ਬਰਾਹਮਣ ਜਿਹੜੇ ਕਰਮ ਕਾਂਡਾ ਵਿੱਚ ਵਿਸ਼ਵਾਸ ਰੱਖਦੇ ਸਨ ਵਰਨ ਵੰਡ ਵਿੱਚ ਵਿਸ਼ਵਾਸ ਰੱਖਦੇ ਸਨ ਜਦੋਂ ਉਹਨਾ ਨੇ ਦੇਖਿਆ ਕਿ ਗੁਰੂ ਸਾਹਿਬ ਸਾਰਿਆਂ ਨੂੰ ਇੱਕ ਹੀ ਕਰੀ ਜਾਂਦੇ ਹਨ ਗੁਰੂ ਸਾਹਿਬ ਸਾਰਿਆਂ ਨੂੰ ਇਕੋ ਥਾਂ ਤੇ ਬਿਠਾ ਕੇ ਲੰਗਰ ਸ਼ਕਾਉਂਦੇ ਹਨ। ਗੁਰੂ ਸਾਹਿਬ ਸੱਭ ਨੂੰ ਇੱਕ ਥਾਂ ਬਿਠਾ ਕੇ ਉਪਦੇਸ਼ ਦਿੰਦੇ ਹਨ ਅਤੇ ਉਹ ਉਚ ਨੀਚ ਖਤਮ ਕਰੀ ਜਾਂਦੇ ਹਨ, ਵਰਨ ਵੰਡ ਜਾਤ ਪਾਤ ਖਤਮ ਈ ਕਰ ਦਿੱਤੀ। ਏਕਤਾ ਦਾ ਸਬਕ ਸਖਾਉਂਦੇ ਆ ਤਾਂ ਫਿਰ ਉਹ ਵੀ ਗੁਰੂ ਜੀ ਦੇ ਵਿਰੋਧੀ ਬਣ ਗਏ।

ਕੁੱਝ ਗੁਰੂ ਜੀ ਦੇ ਘਰ ਦੇ ਵਿਰੋਧੀ ਸਨ ਜਿਸ ਤਰਾਂ ਬਾਬਾ ਪ੍ਰਿਥੀ ਚੰਦ ਸਨ। ਸੋ ਇਹ ਸਾਰੀਆਂ ਵਿਰੋਧੀ ਤਾਕਤਾਂ ਜਿਨ੍ਹਾਂ ਦਾ ਅਕਬਰ ਬਾਦਸ਼ਾਹ ਦੇ ਸਮੇ ਬਹੁਤਾ ਜੋਰ ਨਹੀਂ ਸੀ ਚੱਲਦਾ। ਜਦੋਂ ਅਕਬਰ ਬਾਦਸ਼ਾਹ 1605 ਵਿੱਚ ਝੜਾਈ ਕਰ ਗਿਆ ਤਾਂ ਉਸ ਦਾ ਪੁਤਰ ਜਹਾਂਗੀਰ ਉਸਦੀ ਗੱਦੀ ਤੇ ਬੈਠਾ। ਜਹਾਂਗੀਰ ਨੇ ਬੈਠਦੇ ਸਾਰ ਹੀ ਆਪਣੇ ਪੁੱਤਰ ਖੁਜਰੋ ਨੂੰ ਫੜ ਕੇ ਮਾਰਿਆ ਤੇ ਫਿਰ ਉਸਨੇ ਗੁਰੂ ਸਾਹਿਬ ਉਪਰ ਇਹੀ ਇਲਜਾਮ ਲਾਇਆ ਕਿ ਇਨ੍ਹਾ ਨੇ ਇੱਕ ਬਾਗੀ ਨੂੰ ਪਨਾਹ ਦਿੱਤੀ ਹੈ ਗੁਰੂ ਸਾਹਿਬ ਉਪਰ ਝੂਠਾ ਇਲਜਾਮ ਲਾ ਕੇ ਗੁਰੂ ਸਾਹਿਬ ਨੂੰ ਗਿਰਫਤਾਰ ਕੀਤਾ।

ਓਧਰ ਚੰਦੂੰ ਲਹੌਰ ਦਾ ਗਵਰਨਰ ਆਪਣੀ ਲੜਕੀ ਦੇ ਰਿਸ਼ਤੇ ਲਈ ਗੁਰੂ ਜੀ ਨੂੰ ਮਨਾਉਣਾ ਚਾਹੁੰਦਾ ਸੀ ਕਿ ਗੁਰੂ ਹਰਿਗੋਬਿੰਦ ਸਾਹਿਬ ਜੀ ਦਾ ਰਿਸ਼ਤਾ ਮੈਨੂੰ ਹੀ ਦਵੋ। ਪਰ ਗੁਰੂ ਸਾਹਿਬ ਜੀ ਨੇ ਨਾਂ ਕਰ ਦਿੱਤੀ ਕਿਉਂਕਿ ਉਸਨੇ ਗੁਰੂ ਘਰ ਨੂੰ ਮੋਰੀ ਅਤੇ ਆਪਣੈ ਆਪ ਨੂੰ ਚੁਬਾਰਾ ਕਿਹਾ ਸੀ। ਗੁਰੂ ਸਾਹਿਬ ਜੀ ਨੇ ਆਖਿਆ ਤੇਰੇ ਵਰਗੇ ਹੰਕਾਰੀ ਦਾ ਰਿਸ਼ਤਾ ਅਸੀਂ ਪ੍ਰਵਾਨ ਨਹੀਂ ਕਰ ਸਕਦੇ। ਸੋ ਚੰਦੂੰ ਆਪਣੀ ਲੜਕੀ ਦਾ ਰਿਸ਼ਤਾ ਕਰਾਉਣਾ ਚਾਹੁੰਦਾ ਸੀ, ਜਹਾਂਗੀਰ ਰਾਜਨੀਤਕ ਸੀ, ਉਸਨੇ ਸਾਰਾ ਭਾਂਡਾ ਚੰਦੂੰ ਦੇ ਸਿਰ ਭੰਨ ਦਿੱਤਾ ਤਾਂ ਕਿ ਚੰਦੂੰ ਹੀ ਬਦਨਾਮ ਹੋਵੇ। ਚੰਦੂੰ ਆਪਣੀ ਕਿਰਿਆ ਕੱਢਦਾ ਸੀ, ਬਰਾਹਮਣ ਵੀ ਗੁਰੂ ਸਾਹਿਬ ਤੋਂ ਤੰਗ ਸਨ ਸੋ ਇਹ ਸੱਭ ਕਾਰਨ ਸਨ ਗੁਰੂ ਸਾਹਿਬ ਜੀ ਦੀ ਸ਼ਹੀਦੀ ਦੇ। ਜੋ ਵਕਤ ਦੀ ਹਕੂਮਤ ਸੀ ਉਹ ਵੀ ਗੁਰੂ ਸਾਹਿਬ ਜੀ ਨੂੰ ਝੁਕਾਉਣਾ ਚਾਹੁੰਦੇ ਸੀ, ਇਸਲਾਮਿੱਕ ਜੱਥੇਬੰਦੀਆਂ ਵੀ ਗੁਰੂ ਜੀ ਦੇ ਵਿਰੋਧ ਵਿੱਚ ਸਨ, ਜੋ ਜਾਤ ਪਾਤ ਵਰਨ ਵੰਡ ਵਿੱਚ ਵਿਸ਼ਵਾਸ ਰੱਖਦੇ ਸੀ ਉਹ ਵੀ ਵਿਰੋਧੀ ਸਨ।

ਇਨ੍ਹਾ ਸਾਰੀਆਂ ਵਿਰੋਧੀ ਤਾਕਤਾਂ ਨੂੰ ਇੱਕ ਮੌਕਾ ਮਿਲ ਗਿਆ ਸੀ ਜਦੋਂ ਜਹਾਂਗੀਰ ਬਾਦਸ਼ਾਹ ਤਖਤ ਤੇ ਬੈਠਾ ਜਿਸ ਨੇ ਗੁਰੂ ਸਾਹਿਬ ਤੇ ਇਹ ਵੀ ਇਲਜਾਮ ਲਾਏ ਕਿ ਮੁਹੱਮਦ ਸਾਹਿਬ ਦੀ ਤੁਹੀਮ ਕੀਤੀ ਹੈ ਜਾਂ ਤਾਰੀਫ ਨਹੀਂ ਕੀਤੀ।

ਗੁਰੂ ਅਰਜਨ ਦੇਵ ਮਹਾਰਾਜ ਦੀ ਜੋ ਸ਼ਹੀਦੀ ਸੀ ਇਸ ਦਾ ਮੁੱਖ ਦੋਸ਼ੀ ਉਸ ਸਮੇ ਦਾ ਬਾਦਸ਼ਾਹ ਜਹਾਂਗੀਰ ਸੀ। ਇਸ ਦੀ ਗਵਾਹੀ ਉਹਦੀ ਆਪਣੀ ਕਿਤਾਬ 'ਤੁਜਕੇ ਜਹਾਂਗੀਰੀ; ਹੈ, ਭਾਵ ਕੇ ਜਿਹੜੀ ਉਹਦੀ ਆਪਣੀ ਜੀਵਨੀ ਹੈ। ਉਹਨੇ ਖੁੱਦ ਇਸ ਕਿਤਾਬ ਵਿੱਚ ਇਹ ਮੰਨਿਆ ਹੈ। ਇਸ ਲਈ ਉਹਦੀ ਆਪਣੀ ਲਿਖਤ ਤੋਂ ਹੀ ਸਾਬਤ ਹੁੰਦਾ ਹੈ ਕਿ ਉਹ ਗੁਰੂ ਅਰਜਨ ਦੇਵ ਮਹਾਰਾਜ ਜੀ ਦੀ ਸ਼ਹੀਦੀ ਦਾ ਮੁੱਖ ਦੋਸ਼ੀ ਹੈ।

ਇਸ ਤਰਾਂ ਦੇ ਇਲਜਾਮ ਲਾ ਕੇ ਗੁਰੂ ਜੀ ਨੂੰ ਸ਼ਹੀਦ ਕੀਤਾ ਗਿਆ ਪਰ ਗੁਰੂ ਸਾਹਿਬ ਜੀ ਨੇ ਸਿਰ ਨਹੀਂ ਝੁਕਾਇਆ, ਈਣ ਨਹੀਂ ਮੰਨੀ, ਗੁਰੂ ਜੀ ਨੇ ਸਾਰੇ ਕਸ਼ਟ ਸਹਾਰਨੇ ਮਨਜੂਰ ਕਰ ਲਏ ਅਤੇ ਸ਼ਹੀਦੀ ਪਾ ਲਈ ਅਤੇ ਗੁਰੂ ਸਾਹਿਬ ਜੀ ਨੇ ਸਾਨੂੰ ਵੀ ਇੱਜਤ, ਅਣਖ, ਧਰਮ ਵਿਚ ਬਰਕਰਾਰ ਰਿਹਣ ਦਾ ਸਬਕ ਸਿਖਾ ਦਿੱਤਾ।

**ਗਿਆਨੀ ਜੀ ਹੋਰ ਕੁੱਝ ਕਹਿਣਾ ਚਾਹੁੰਗੇ?**

ਮਾਂ-ਬੋਲੀ ਪੰਜਾਬੀ ਸਿੱਖਣੀ ਬਹੁੱਤ ਜਰੂਰੀ ਹੈ, ਪੰਜਾਬੀ ਦੀਆਂ ਅਖਬਾਰਾਂ, ਧਾਰਮਿਕ ਕਿਤਾਬਾਂ ਪੜਨੀਆਂ ਚਾਹੀਦੀਆਂ ਹਨ। ਤਰਲੋਚਨ ਸਿੰਘ ਜੀ ਆਪ ਜੀ ਦਾ ਬਹੁੱਤ ਧੰਨਵਾਦ ਕਰਨਾ ਚਾਹੂੰਦਾ ਹਾਂ ਜੋ ਤੁਸੀਂ ਮਾਂ-ਬੋਲੀ ਪੰਜਾਬੀ ਦੀ ਕਈ ਦਹਾਕਿਆਂ ਤੋਂ ਸੇਵਾ ਕਰਦੇ ਆ ਰਹੇ ਹੋ ਅਤੇ ਇਸ ਇੰਟਰਵਿਊ ਰਾਹੀਂ ਗੁਰੂ ਇਤਹਾਸ ਹੋਰਨਾ ਕੋਲ ਪਹੁੰਚਾ ਰਹੇ ਹੋ

ਭਾਈ ਰਘਬੀਰ ਸਿੰਘ ਜੀ ਦਾ ਵੀ ਧੰਨਵਾਦ ਜੀ ਜੋ 30 ਸਾਲਾਂ ਤੋਂ ਜਿਆਦਾ ਲੰਮੇ ਸਮੇ ਤੋਂ ਮਾਂ-ਬੋਲੀ ਪੰਜਾਬੀ ਦੀ ਅਖਬਾਰ ਅਤੇ ਟੈਲੀਵਿਯਨ ਰਾਹੀਂ ਸੇਵਾ ਕਰ ਰਹੇ ਹਨ।

ਗਿਆਨੀ ਪਰਮਜੀਤ ਸਿੰਘ ਜੀ ਇੰਟਰਵਿਊ ਦੇਣ ਦਾ ਬਹੁੱਤ ਧੰਨਵਾਦ ਜੀ ।।

ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ।।
ਵਾਹਿਗੁਰੂ ਜੀ ਕਾ ਖਾਲਸਾ ਵਾਹਿਗੁਰੂ ਜੀ ਕੀ ਫਤਹਿ ।।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਤੀਜੇ ਘੱਲੂਘਾਰੇ ਜੂਨ 84 ਦੀ 40ਵੇਂ ਵਰੇਗੰਡ 'ਤੇ

# ਸ਼ਹੀਦਾਂ ਨੂੰ ਸਮਰਪਿਤ ਗੁਰਦੁਆਰਾ ਸਰੀ ਕੈਨੇਡਾ ਵਿਖੇ ਕਰਵਾਏ ਗਏ ਗਤਕਾ ਮੁਕਾਬਲੇ






ਨਵੀਂ ਦਿੱਲੀ, 12 ਜੂਨ (ਮਨਪ੍ਰੀਤ ਸਿੰਘ ਖਾਲਸਾ):– ਕੈਨੇਡਾ ਦੇ ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ ਡੈਲਟਾ ਵੱਲੋਂ ਤੀਜੇ ਘੱਲੂਘਾਰੇ ਦੇ ਮਹਾਨ ਸ਼ਹੀਦ ਸਿੰਘਾਂ ਸਿੰਘਣੀਆਂ ਨੂੰ ਸਮਰਪਿਤ ਗਤਕਾ ਮੁਕਾਬਲੇ ਕਰਵਾਏ ਗਏ। ਗੁਰੂ ਮਹਾਰਾਜ ਜੀ ਦੇ ਚਰਨਾਂ ਵਿੱਚ ਅਰਦਾਸ ਬੇਨਤੀ ਕਰਕੇ ਸ਼ਨੀਵਾਰ ਵਾਲੇ ਦਿਨ ਛੋਟੇ ਬੱਚਿਆਂ ਦੇ ਗੱਤਕਾ ਮੁਕਾਬਲਿਆਂ ਨਾਲ ਇਹ ਖੇਡ ਮੇਲਾ ਆਰੰਭ ਹੋਇਆ ।ਭਾਈ ਨਰਿੰਦਰ ਸਿੰਘ ਖਾਲਸਾ ਨੇ ਦਸਿਆ ਕਿ ਇਸ ਵਿੱਚ ਵੱਖ ਵੱਖ ਉਮਰ ਵਰਗਾਂ ਦੇ ਬੱਚਿਆਂ ਵੱਲੋਂ ਗੱਤਕੇ ਮੁਕਾਬਲਿਆਂ ਵਿੱਚ ਭਾਗ ਲਿਆ ਗਿਆ ਅਤੇ ਆਈਆਂ ਹੋਈਆਂ ਸੰਗਤਾਂ ਨੂੰ ਸ਼ਸ਼ਤਰਾਂ ਦੇ ਜੌਹਰ ਦੇਖਣ ਨੂੰ ਮਿਲੇ। ਐਤਵਾਰ ਦੂਜੇ ਦਿਨ ਦੇ ਗੱਤਕੇ ਮੁਕਾਬਲਿਆਂ ਦੀ ਸ਼ੁਰੂਆਤ ਵਿਚ 15 ਸਾਲ ਤੋਂ ਉਪਰ ਵਰਗ ਦੇ ਬੱਚਿਆਂ ਵਲੋਂ ਸ੍ਰੀ ਸਾਹਿਬ ਦੇ ਨਾਲ ਮੁਕਾਬਲੇ ਵਿੱਚ ਭਾਗ ਲਿਆ ਗਿਆ ।ਲੋਅਰਮੇਨਲੈਂਡ ਵੈਨਕੂਵਰ ਦੀਆਂ ਟੀਮਾਂ ਤੋ ਇਲਾਵਾ ਕੈਨੇਡਾ ਤੋਂ ਇਲਾਵਾ ਅਮਰੀਕਾ ਤੋਂ ਪਹੁੰਚੀਆਂ ਟੀਮਾਂ ਵੱਲੋਂ ਵੀ ਇਹਨਾਂ ਮੁਕਾਬਲਿਆਂ ਵਿਚ ਵਿਸ਼ੇਸ਼ ਤੌਰ ਤੇ ਭਾਗ ਲਿਆ ਗਿਆ ।ਤੀਰ ਅੰਦਾਜੀ, ਚੱਕਰ ਸੁੱਟਣੇ, ਬਰਸ਼ੇ ਬਾਜ਼ੀ, ਨੇਜੇਬਾਜੀ ਦੇ ਜੋਹਰ ਦਿਖਾਏ ਗਏ ਜਿਸ ਵਿੱਚ ਨੌਜੁਆਨ ਬੱਚੇ ਬੱਚੀਆਂ ਤੋਂ ਇਲਾਵਾ ਬੀਬੀਆਂ ਦੇ ਵੀ ਮੁਕਬਲੇ ਹੋਏ ਸਨ ।ਤੀਰ ਅੰਦਾਜੀ ਨੇਜ਼ਾ ਬਾਜ਼ੀ, ਬਰਸ਼ੇ ਸੁੱਟਣੇ, ਕਿਰਪਾਨਾਂ ਅਤੇ ਹੋਰ ਪੁਰਾਤਨ ਜੰਗੀ ਸ਼ਾਸਤਰਾਂ ਨਾਲ ਬਹੁਤ ਜ਼ਬਰਦਸਤ ਫਾਈਟਾਂ ਕੀਤੀਆਂ ਗਈਆਂ ਅਤੇ ਪੁਰਾਤਨ ਯੁੱਧ ਕਲਾ ਦੇ ਨਮੂਨੇ ਪੇਸ਼ ਕੀਤੇ ਗਏ ।ਵੱਖੋ ਵੱਖਰੇ ਮੁਕਾਬਲਿਆਂ ਤੋਂ ਬਾਅਦ ਇੱਕ ਦਾ ਪੰਜਾਂ ਨਾਲ ਗਤਕੇ ਦਾ ਮੁਕਾਬਲਾ ਜਿਸ ਵਿੱਚ ਮਿਥੇ ਹੋਏ ਸਮੇਂ ਵਿੱਚ ਪੁਐਂਟਾਂ ਦੇ ਅਧਾਰ ਤੇ ਨਿਰਧਾਰਤ ਜੱਜਾਂ ਦੀ ਟੀਮ ਵੱਲੋ ਜਿੱਤ ਹਾਰ ਦੇ ਫੈਸਲੇ ਕੀਤੇ ਗਏ ਅਤੇ ਜੇਤੂਆਂ ਨੂੰ ਤੀਜੇ ਘੱਲੂਘਾਰੇ ਦੇ ਜਾਂਬਾਜ ਯੋਧਿਆਂ ਦੇ ਨਾਮ ਤੇ ਸੋਨੇ ਦੇ ਪੰਜ ਮੈਡਲ ਅਤੇ ਪੁਰਾਤਨ ਕਿਰਪਾਨਾਂ, ਢਾਲਾਂ, ਕਟਾਰਾਂ ਤੇ ਛੋਟੀਆਂ ਸ੍ਰੀ ਸਾਹਿਬ ਤੋਂ ਇਲਾਵਾ ਯਾਦਗਾਰੀ ਚਿੰਨਾਂ ਨਾਲ ਸਨਮਾਨਿਤ ਕੀਤਾ ਗਿਆ ।ਗੁਰੂ ਨਾਨਕ ਸਿੱਖ ਗੁਰਦੁਆਰਾ ਸਰੀ ਤੋਂ ਇਲਾਵਾ ਗੁ. ਦਸ਼ਮੇਸ਼ ਦਰਬਾਰ, ਗੁ. ਸੁੱਖ ਸਾਗਰ, ਗੁ. ਭਵ ਸਾਗਰ ਤਾਰਨ ਓਲੀਵਰ ਬੀਸੀ ਅਤੇ ਬੈਲਿੰਗਹੈਮ, ਲੰਡਨ ਤੇ ਕੈਂਟ ਯੂਐਸਏ ਦੇ ਗੁਰਦੁਆਰਾ ਸਾਹਿਬਾਨ ਵੱਲੋ ਜੇਤੂਆਂ ਦੇ ਇਨਾਮਾਂ ਵਿੱਚ ਹਿੱਸਾ ਪਾਕੇ ਭਰਵਾਂ ਸਹਿਯੋਗ ਕੀਤਾ ਗਿਆ। ਅਕਾਲ ਖਾਲਸਾ ਗਤਕਾ ਅਖਾੜਾ ਦੇ ਉਸਤਾਦ ਜਗਜੀਤ ਸਿੰਘ ਅਤੇ ਗੁਰੂ ਨਾਨਕ ਸਿੱਖ ਗੁਰਦੁਆਰਾ ਕਮੇਟੀ ਵੱਲੋ ਸਮੂਹ ਸੰਗਤਾਂ ਦਾ ਭਰਵਾਂ ਸਹਿਯੋਗ ਦੇਣ ਲਈ ਧੰਨਵਾਦ ਕੀਤਾ ਗਿਆ ।ਦੋਨੋ ਦਿਨ ਗੁਰੂ ਕੇ ਲੰਗਰ ਅਤੁੱਟ ਵਰਤਦੇ ਰਹੇ।

### ਬਾਦਲ ਪਰਿਵਾਰ ਦੇ ਪਾਸੇ ਹੋਣ 'ਤੇ ਹੀ

# ਸ਼੍ਰੋਮਣੀ ਅਕਾਲੀ ਦਲ ਕਾਮਯਾਬ ਹੋ ਸਕਦਾ ਹੈ

ਫ਼ਿਰੋਜ਼ਪੁਰ, 12 ਜੂਨ (ਮਨੋਹਰ ਲਾਲ) :— ਪਹਿਲਾਂ ਵਿਧਾਨ ਸਭਾ ਅਤੇ ਹੁਣ ਤਾਜੀਆਂ ਹੋਈਆਂ ਲੋਕ ਸਭਾ ਦੀਆਂ ਚੋਣਾਂ ਵਿਚ ਸ਼੍ਰੋਮਣੀ ਅਕਾਲੀ ਦਲ ਦੇ ਦਸ ਬੰਦਿਆਂ ਦੀਆਂ ਜਮਾਨਤਾਂ ਜਬਤ ਹੋਣੀਆਂ ਸਿੱਖ ਕੌਮ ਲਈ ਚਿੰਤਾ ਦਾ ਵਿਸ਼ਾ ਬਣਦਾ ਜਾ ਰਿਹਾ ਹੈ। ਸਿੱਖਾਂ ਦੀ ਨੁਮਾਇੰਦਾ ਜਮਾਤ ਸ਼੍ਰੋਮਣੀ ਅਕਾਲੀ ਦਲ ਜ਼ੋ ਕਿ ਸੈਂਕੜੇ ਨਹੀਂ ਬਲਕਿ ਹਜ਼ਾਰਾਂ ਕੁਰਬਾਨੀਆਂ ਦੇ ਕੇ ਹੋਂਦ ਵਿਚ ਆਇਆ, ਪਰ ਇਕ ਪਰਿਵਾਰ









ਦੀਆਂ ਮਨਮਾਨੀਆਂ ਅਤੇ ਕਬਜ਼ੇ ਨੇ ਸ਼੍ਰੋਮਣੀ ਅਕਾਲੀ ਦਲ ਨੂੰ ਹਾਸ਼ੀਏ ਤੇ ਧੱਕ ਦਿੱਤਾ ਹੈ। ਇਹ ਵਿਚਾਰ ਜਥੇਦਾਰ ਲਖਬੀਰ ਸਿੰਘ ਮਹਾਲਮ ਨੰਬਰਦਾਰ ਨੇ ਸਾਂਝੇ ਕਰਦਿਆਂ ਕਿਹਾ ਕਿ ਕੁਰਬਾਨੀਆਂ ਤੋਂ ਬਾਅਦ ਬਣੀ ਜਥੇਬੰਦੀ ਸਿੱਖਾਂ ਦੀਆਂ ਹੱਕੀ ਮੰਗਾਂ ਸਟੇਟ ਨੂੰ ਵੱਧ ਅਧਿਕਾਰ ਲੈ ਕੇ ਦੇਣੇ, ਪਰ ਕੁਰਸੀ ਮੋਹ ਵਿਚ ਹੋਣ ਕਰਕੇ ਅਤੇ ਸੱਤਾ ਦੇ ਨਸ਼ੇ ਨੇ ਸਿੱਖਾਂ ਅਤੇ ਪੰਜਾਬ ਦੇ ਮੁੱਦਿਆਂ ਨੂੰ ਦਰ ਕਿਨਾਰ ਕਰਕੇ ਆਵਦੇ ਕੋੜਮੇ ਨੂੰ ਪੰਜਾਬ ਤੇ ਕਾਬਜ ਕਰਨ ਨੂੰ ਪਹਿਲ ਦਿੰਦੇ ਰਹੇ। ਉਨ੍ਹਾਂ ਕਿਹਾ ਕਿ ਦੋਵੇਂ ਪਿਓ ਪੁੱਤ ਤਾਂ ਹੀ ਅੱਜ ਪੰਜਾਬ ਦੇ ਖਾਸ ਕਰਕੇ ਸਿੱਖਾਂ ਨੇ ਨਕਾਰ ਦਿੱਤਾ, ਸਭ ਤੋਂ ਵੱਡੀ ਗਲਤੀ ਕੀਤੀ ਇਨ੍ਹਾਂ ਨੇ 2015 ਵਿਚ ਬੁਰਜ ਜਵਾਹਰ ਸਿੰਘ ਵਾਲੇ ਤੋਂ ਚੋਰੀ ਪਾਵਨ ਸ਼ਬਦ ਗੁਰੂ ਗ੍ਰੰਥ ਸਾਹਿਬ ਦੇ ਸਰੂਪ ਚੋਰੀ ਹੋਣੇ ਤੇ ਦੋਸ਼ੀਆਂ ਨੂੰ ਜੇਲ੍ਹਾਂ ਵਿਚ ਬੰਦ ਕਰਨ ਦੀ ਬਜਾਏ ਪੁਸ਼ਤ ਪਨਾਹੀ ਕੀਤੀ ਅਤੇ ਹੱਕ ਇਨਸਾਫ ਮੰਗਦੀਆਂ ਸਿੱਖ ਸੰਗਤਾਂ ਤੇ ਅੰਨੇਵਾਹ ਲਾਠੀਚਾਰਜ ਦੇ ਨਾਲ ਸਿੱਧੀਆਂ ਗੋਲੀਆਂ ਚਲਾ ਕੇ ਦੋ ਨੌਜਵਾਨਾਂ ਨੂੰ ਸੱਤ ਦੇ ਘਾਟ ਉਤਾਰਨਾ ਅਤੇ ਸੈਂਕੜੇ ਸਿੱਖਾਂ ਨੂੰ ਜਖਮੀ ਕਰਨਾ, ਸਭ ਤੋਂ ਵੱਡੀ ਗਲਤ ਸੀ ਬਾਦਲ ਪਰਿਵਾਰ ਦੀ। ਅੱਗੇ ਗੱਲ ਕਰਦਿਆਂ ਜਥੇਦਾਰ ਹਿੰਮਤ ਸਿੰਘ ਖਾਲਸਾ ਨੇ ਕਿਹਾ ਕਿ ਅਜੇ ਵੀ ਮੌਕਾ ਹੈ ਸ਼੍ਰੋਮਣੀ ਅਕਾਲੀ ਦਲ ਲਈ ਸੁਖਬੀਰ ਸਿੰਘ ਬਾਦਲ ਨੂੰ ਪ੍ਰਧਾਨਗੀ ਤੋਂ ਪਾਸੇ ਹੋ ਜਾਣਾ ਚਾਹੀਦਾ ਹੈ ਅਤੇ ਸਿੱਖ ਧਰਮ ਦੀ ਜਾਣਕਾਰੀ ਗੁਰਬਾਣੀ ਦਾ ਗਿਆਨ ਤੇ ਪੜ੍ਹਿਆ ਲਿਖਿਆ ਸੂਝਵਾਨ ਨੌਜਵਾਨਾਂ ਨੂੰ ਅੱਗੇ ਆਉਣ ਦਾ ਮੌਕਾ ਮਿਲੇ ।ਉਨ੍ਹਾਂ ਕਿਹਾ ਕਿ ਖੁੱਲੇਆਮ ਆਮ ਦੁਨੀਆਂ ਹਰ ਵਿਚ ਵਸਦੀ ਸਿੱਖ ਕੌਮ ਤੋਂ ਮੁਆਫੀ ਮੰਗ ਕੇ ਸ਼੍ਰੋਮਣੀ ਅਕਾਲੀ ਦਲ ਦਾ ਸਾਥ ਦੇਣ ਦੀ ਬੇਨਤੀ ਕਰੇ ਤਾਂ ਜ਼ਰੂਰ ਹੀ ਨਵੇਂ ਆਗੂ ਸਹੀ ਢੰਗ ਨਾਲ ਸ਼੍ਰੋਮਣੀ ਅਕਾਲੀ ਦਲ ਨੂੰ ਪੈਰਾਂ ਸਿਰ ਖੜ੍ਹਾ ਕਰ ਸਕਦੇ ਹਨ। ਅੱਗੇ ਗੱਲ ਕਰਦਿਆਂ ਜਥੇਦਾਰ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਸਾਲ ਦਾ ਬਜਟ ਤਕਰੀਬਨ 12 ਅਰਬ ਦੇ ਕਰੀਬ ਹੈ, ਇਸ ਵਾਰ ਤੇ ਗੁਰੂ ਘਰਾਂ ਦੇ ਨਾਮ ਸ਼੍ਰੋਮਣੀ ਕਮੇਟੀ ਕੋਲ 25 ਹਜ਼ਾਰ ਕਿਲਾ ਜਮੀਨ ਬੋਲਦੀ ਹੈ, ਦੀ ਆਮਦਨ (ਠੇਕੇ) ਨਾਲ ਸਿੱਖ ਕੌਮ ਦਾ ਦਿਲ ਜਿੱਤਿਆ ਜਾ ਸਕਦਾ ਹੈ, ਕਿਉਂਕਿ ਹਰਿਆਣਾ ਪ੍ਰਬੰਧਕ ਕਮੇਟੀ ਨੇ ਹਰਿਆਣਾ ਵਿਚ ਸਿੱਖਾਂ ਲਈ ਬਹੁਤ ਵੱਡਾ ਐਲਾਨ ਕੀਤਾ ਹੈ ਕਿ ਗੁਰਸਿੱਖ ਪਰਿਵਾਰਾਂ ਦੇ ਗੁਰਸਿੱਖ ਬੱਚਿਆਂ ਦੀ ਸਿੱਖਿਆ ਮੁਫਤ ਅਤੇ ਕੋਈ ਵੀ ਕੋਰਸ ਅਫੀਸਰ ਬਣਨ ਤੱਕ ਸਾਰਾ ਖਰਚ ਹਰਿਆਣਾ ਪ੍ਰਬੰਧਕ ਕਮੇਟੀ ਕਰੇਗੀ ਦੀ ਤਰਜ ਤੇ ਪੰਜਾਬ ਵਿਚ ਵੀ ਹੋਣਾ ਚਾਹੀਦਾ ਹੈ ਤਾਂ ਕਿ ਇਕ ਤਾਂ ਸਿੱਖ ਆਪਣੇ ਘਰ ਮੁੜ ਆਉਣਗੇ ਤੇ ਗੁਰੂ ਵਾਲੇ ਬਣਨਗੇ, ਦੂਜਾ ਸਿੱਖਾਂ ਦੀ ਗਿਣਤੀ ਵਧੇਗੀ, ਕਿਉਂਕਿ ਸਿੱਖਿਆ ਅਤੇ ਇਲਾਜ ਦਾ ਲਾਲਚ ਦੇ ਕੇ ਦੂਸਰੇ ਧਰਮਾਂ ਦੇ ਲੋਕ ਆਵਦੇ ਧਰਮ ਵਿਚ ਜਜ਼ਬ ਕਰ ਰਹੇ ਹਨ ਜ਼ੋ ਕਿ ਚਿੰਤਾ ਦਾ ਵਿਸ਼ਾ ਹੈ। ਜਥੇਦਾਰ ਨੇ ਕਿਹਾ ਕਿ ਸ਼੍ਰੋਮਣੀ ਕਮੇਟੀ ਦਾ ਪੰਜਾਬ ਸਰਕਾਰ ਤੋਂ ਜਿਆਦਾ ਬਜਟ ਹੋਣ ਦੇ ਬਾਵਜੂਦ ਨਾ ਸਿੱਖਾਂ ਕੋਲ ਕੋਈ ਆਵਦਾ ਹਸਪਤਾਲ, ਕਾਲਜ, ਅਖਬਾਰ ਨਾ ਟੈਲੀਵਿਜਨ, ਰੇਡੀਓ ਐਨਾ ਵੱਡਾ ਬਜਟ ਪੈਸਾ ਕਿਥੇ ਜਾਂਦਾ ਬਾਦਲ ਪਰਿਵਾਰ ਜਾਣੇ।

# ਕੈਂਥਲ ਚ ਸੁਖਵਿੰਦਰ ਸਿੰਘ ਉਪਰ ਹੋਏ ਹਮਲੇ ਦੀ ਕੀਤੀ ਨਿੰਦਾ, ਦੋਸ਼ੀਆਂ ਨੂੰ ਮਿਲੇ ਸਖ਼ਤ ਸਜ਼ਾ - ਅਵਤਾਰ ਸਿੰਘ ਟੱਕਰ

ਜੰਡਿਆਲਾ ਗੁਰੂ, 12 ਜੂਨ ( ਕੁਲਵੰਤ ਸਿੰਘ ਵਿਰਦੀ)-ਕੈਂਥਲ ਦੇ ਬੱਸ ਸਟੈਂਡ ਦੇ ਨੇੜੇ ਇੱਕ ਸਿੱਖ ਨੌਜਵਾਨ ਸੁਖਵਿੰਦਰ ਸਿੰਘ ਤੇ ਹੋਇਆ ਹਮਲਾ ਇੱਕ ਕਾਇਰਾਨਾ ਕਾਰਵਾਈ ਹੈ ਤੇ ਹਮਲਾ ਕਰਨ ਵਾਲੇ ਵਿਅਕਤੀਆਂ ਤੇ ਸਖਤ ਕਾਰਵਾਈ ਕੀਤੀ ਜਾਣੀ ਚਾਹੀਦੀ ਹੈ ਤਾਂ ਕਿ ਦੇਸ਼ ਦੀ ਏਕਤਾ ਅਤੇ ਅਖੰਡਤਾ ਨੂੰ ਕਾਇਮ ਰੱਖਿਆ ਜਾ ਸਕੇ। ਇਹਨਾਂ ਸ਼ਬਦਾਂ ਦਾ ਪ੍ਰਗਟਾਵਾ ਕਾਂਗਰਸ ਪਾਰਟੀ ਦੇ ਮੁੱਖ ਬੁਲਾਰੇ ਅਵਤਾਰ ਸਿੰਘ ਟੱਕਰ ਜਾਣੀਆਂ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਕੀਤਾ। ਟੱਕਰ ਜਾਣੀਆਂ ਨੇ ਘਟਨਾ ਦੀ ਨਿੰਦਾ ਕਰਦਿਆਂ ਹੋਇਆਂ ਕਿਹਾ ਹੈ ਕਿ ਹਰਿਆਣਾ ਸਰਕਾਰ ਇਹ ਮਾਮਲਾ ਗੰਭੀਰਤਾ ਨਾਲ ਲਵੇ ਅਤੇ ਦੇਸ਼ ਦੇ ਹਰ ਹਿੱਸੇ ਵਿੱਚ ਘੱਟ ਗਿਣਤੀਆਂ ਦੀ ਜਾਨ ਮਾਲ ਦੀ ਰਾਖੀ ਨੂੰ ਯਕੀਨੀ ਬਣਾਇਆ ਜਾਵੇ। ਉਹਨਾਂ ਕਿਹਾ ਕਿ ਕੁਝ ਕੁ ਸ਼ਰਾਰਤੀ ਅਨਸਰ ਇਹ ਨਹੀਂ ਚਾਹੁੰਦੇ ਦੇਸ਼ ਵਿੱਚ ਅਮਨ ਕਾਨੂੰਨ ਦੀ ਸਥਿਤੀ ਬਣੀ ਰਹੇ ਤਾਂ ਹੀ ਇਹੋ ਜਿਹੇ ਅੱਗ ਲਾਊ ਲੋਕ ਦੇਸ਼ ਦੇ ਅਸਲੀ ਦੁਸ਼ਮਣ ਹੁੰਦੇ ਹਨ। ਉਹਨਾਂ ਪੰਜਾਬ ਸਰਕਾਰ ਨੂੰ ਵੀ ਅਪੀਲ ਕੀਤੀ ਕਿ ਉਹ ਖੁਦ ਇਸ ਕੇਸ ਦੀ ਪੈਰਵੀ ਕਰਨ ਅਤੇ ਹਰਿਆਣਾ ਤੇ ਸੈਂਟਰ ਦੀ ਸਰਕਾਰ ਨੂੰ ਦੋਸ਼ੀਆਂ ਖਿਲਾਫ ਸਖਤ ਤੋਂ ਸਖਤ ਕਾਰਵਾਈ ਕਰਨ ਲਈ ਕਹਿਣ ਤਾਂ ਕਿ ਦੇਸ਼ ਵਿਰੋਧੀ ਤਾਕਤਾਂ ਨੂੰ ਨਕੇਲ ਪਾਈ ਜਾ ਸਕੇ।



# ਪੰਜਾਬ ਸਰਕਾਰ ਵੱਲੋਂ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ ਦਿੱਤੀ ਜਾਵੇਗੀ 1500 ਰੁਪਏ ਪ੍ਰਤੀ ਏਕੜ ਪ੍ਰੋਤਸਾਹਨ ਰਾਸ਼ੀ

ਗੁਰਦਾਸਪੁਰ/ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 12 ਜੂਨ (ਕੁਲਜੀਤ ਸਿੰਘ ਖੋਖਰ)-ਪੰਜਾਬ ਸਰਕਾਰ ਝੋਨੇ ਦੀ ਸਿੱਧੀ ਬਿਜਾਈ ਕਰਨ ਵਾਲੇ ਕਿਸਾਨਾਂ ਨੂੰ 1500 ਰੁਪਏ ਪ੍ਰਤੀ ਏਕੜ ਪ੍ਰੋਤਸਾਹਨ ਰਾਸ਼ੀ ਦੇ ਤੌਰ ਉੱਪਰ ਦੇ ਰਹੀ ਹੈ। ਕਿਸਾਨਾਂ ਨੂੰ ਝੋਨੇ ਦੀ ਸਿੱਧੀ ਬਿਜਾਈ ਕਰਕੇ ਇਸ ਸਬਸਿਡੀ ਦਾ ਲਾਭ ਉਠਾਉਣਾ ਚਾਹੀਦਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮੁੱਖ ਖੇਤੀਬਾੜੀ ਅਫ਼ਸਰ, ਗੁਰਦਾਸਪੁਰ ਸ੍ਰੀ ਸੁਰਿੰਦਰਪਾਲ ਸਿੰਘ ਨੇ ਦੱਸਿਆ ਕਿ ਕਿਸਾਨ ਉਕਤ ਲਿੰਕ ਖੋਲ੍ਹ ਕੇ ਆਪਣਾ ਆਧਾਰ ਨੰਬਰ ਭਰਨਗੇ ।ਕਾਸ਼ਤਕਾਰ ਕਿਸਾਨ ਦੀ ਨਿੱਜੀ ਅਤੇ ਬੈਂਕ ਸਬੰਧੀ ਜਾਣਕਾਰੀ ਅਨਾਜ ਖ਼ਰੀਦ/ਈ ਮੰਡੀਕਰਨ ਪੋਰਟਲ ਵਿੱਚ ਕੀਤੀ ਰਜਿਸਟ੍ਰੇਸ਼ਨ ਅਨੁਸਾਰ ਹੀ ਵਿਖਾਈ ਜਾ ਰਹੀ ਹੈ। ਉਸ ਉਪਰੰਤ ਕਿਸਾਨ ਵੱਲੋਂ ਸਿਰਫ਼ ਆਪਣੀ ਸਿੱਧੀ ਬਿਜਾਈ ਅਧੀਨ ਜ਼ਮੀਨ ਸਬੰਧੀ ਵੇਰਵਾ ਜਿਵੇਂ ਕਿ ਜ਼ਮੀਨ ਦਾ ਜ਼ਿਲ੍ਹਾ/ਤਹਿਸੀਲ-ਸਬ ਤਹਿਸੀਲ/ਪਿੰਡ/ਖੇਵਟ ਤੇ ਖ਼ਸਰਾ ਨੰਬਰ ਅਤੇ ਸਿੱਧੀ ਬਿਜਾਈ ਅਧੀਨ ਰਕਬੇ ਦੀ ਜਾਣਕਾਰੀ (ਕਨਾਲ/ਮਰਲਾ ਜਾਂ ਬਿਗਾ) ਦਿੱਤਾ ਜਾਣਾ ਹੈ। ਉਨ੍ਹਾਂ ਕਿਹਾ ਕਿ ਕਾਸ਼ਤਕਾਰ ਕਿਸਾਨ ਆਪਣੀ ਦਿੱਤੀ ਗਈ ਜਾਣਕਾਰੀ ਵਿੱਚ 30 ਜੂਨ 2024 ਤੱਕ ਐਡਿਟ/ਤਬਦੀਲੀ ਕਰ ਸਕਦੇ ਹਨ। ਝੋਨੇ ਦੀ ਸਿੱਧੀ ਬਿਜਾਈ ਦੀ ਪਹਿਲੀ ਤਸਦੀਕ 30 ਜੂਨ ਤੋਂ 15 ਜੁਲਾਈ 2024 ਤੱਕ ਕਿਸਾਨਾਂ ਦੇ ਖੇਤਾਂ ਵਿੱਚ ਜਾ ਕੇ ਕੀਤੀ ਜਾਵੇਗੀ ਮੁੱਖ ਖੇਤੀਬਾੜੀ ਅਫ਼ਸਰ ਨੇ ਕਿਸਾਨਾਂ ਨੂੰ ਅਪੀਲ ਕੀਤੀ ਹੈ ਕਿ ਧਰਤੀ ਹੇਠਲੇ ਪਾਣੀ ਦੇ ਅਨਮੋਲ ਕੁਦਰਤੀ ਸਰੋਤ ਨੂੰ ਬਚਾਉਣ ਲਈ ਝੋਨੇ ਦੀ ਸਿੱਧੀ ਬਿਜਾਈ ਕਰਨ ਨੂੰ ਤਰਜੀਹ ਦਿੱਤੀ ਜਾਵੇ, ਕਿਉਂਕਿ ਜਿਸ ਤੇਜ਼ੀ ਨਾਲ ਧਰਤੀ ਹੇਠਲੇ ਪਾਣੀ ਦਾ ਪੱਧਰ ਦਿਨੋਂ ਦਿਨ ਹੇਠਾਂ ਹੁੰਦਾ ਜਾ ਰਿਹਾ ਹੈ, ਜੇਕਰ ਇਸ ਨੂੰ ਰੋਕਣ ਲਈ ਹੁਣ ਵੀ ਅਸੀਂ ਸੁਚੇਤ ਨਾ ਹੋਏ ਤਾਂ ਇਸ ਦੇ ਗੰਭੀਰ ਸਿੱਟੇ ਭੁਗਤਣੇ ਪੈ ਸਕਦੇ ਹਨ। ਉਨ੍ਹਾਂ ਕਿਹਾ ਕਿ ਵਧੇਰੇ ਜਾਣਕਾਰੀ ਲਈ ਕਿਸਾਨ ਆਪਣੇ ਨਜ਼ਦੀਕੀ ਦੇ ਖੇਤੀਬਾੜੀ ਦਫ਼ਤਰ ਵਿਖੇ ਸੰਪਰਕ ਕਰ ਸਕਦੇ ਹਨ।



# ਜ਼ਿਲ੍ਹਾ ਗੁਰਦਾਸਪੁਰ ਵਿੱਚ ਬਾਰਡਰ ਦੇ ਨਾਲ ਲਗਦੇ ਪਿੰਡਾਂ ਵਿੱਚ ਸ਼ਾਮ 6.00 ਵਜੇ ਤੋਂ ਰਾਤ 12.00 ਵਜੇ ਤੱਕ ਉੱਚੀ ਅਵਾਜ਼ ਵਿਚ ਸਪੀਕਰ ਚਲਾਉਣ 'ਤੇ ਪਾਬੰਦੀ ਲਗਾਈ

ਗੁਰਦਾਸਪੁਰ/ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 12 ਜੂਨ (ਕੁਲਜੀਤ ਸਿੰਘ ਖੋਖਰ)-ਸ੍ਰੀ ਸੁਭਾਸ਼ ਚੰਦਰ, ਪੀ.ਸੀ.ਐਸ., ਵਧੀਕ ਜ਼ਿਲ੍ਹਾ ਮੈਜਿਸਟਰੇਟ, ਗੁਰਦਾਸਪੁਰ ਨੇ ਫ਼ੌਜਦਾਰੀ ਜ਼ਾਬਤਾ ਸੰਘਤਾ 1973 ਦੀ ਧਾਰਾ 144 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹਾ ਗੁਰਦਾਸਪੁਰ ਵਿੱਚ ਬਾਰਡਰ ਦੇ ਨਾਲ ਲਗਦੇ ਪਿੰਡਾਂ ਵਿੱਚ ਸ਼ਾਮ 6.00 ਵਜੇ ਤੋਂ ਰਾਤ 12.00 ਵਜੇ ਤੱਕ ਉੱਚੀ ਅਵਾਜ਼ ਵਿਚ ਸਪੀਕਰ ਚਲਾਉਣ 'ਤੇ ਪੂਰਨ ਤੌਰ 'ਤੇ ਪਾਬੰਦੀ ਲਗਾ ਦਿੱਤੀ ਹੈ। ਇਸਦੇ ਨਾਲ ਹੀ ਧਾਰਮਿਕ ਸਥਾਨਾਂ ਤੇ ਲਗਾਏ ਜਾਣ ਵਾਲੇ ਸਪੀਕਰਾਂ ਦੀ ਅਵਾਜ਼ ਘੱਟ ਰੱਖਣ ਸਬੰਧੀ ਵੀ ਹੁਕਮ ਜਾਰੀ ਕੀਤੇ ਹਨ। ਇਹ ਹੁਕਮ ਮਿਤੀ 05.06.2024 ਤੋਂ ਲੈ ਕੇ ਮਿਤੀ 04.08.2024 ਤੱਕ ਲਾਗੂ ਰਹੇਗਾ। ਇਹ ਹੁਕਮ ਜਾਰੀ ਕਰਦਿਆਂ ਵਧੀਕ ਜ਼ਿਲ੍ਹਾ ਮੈਜਿਸਟਰੇਟ ਗੁਰਦਾਸਪੁਰ ਨੇ ਕਿਹਾ ਕਿ ਜ਼ਿਲ੍ਹਾ ਗੁਰਦਾਸਪੁਰ ਸਰਹੱਦੀ ਏਰੀਆ ਹੋਣ ਕਰਕੇ ਆਏ ਦਿਨ ਡਰੋਨ ਰਾਹੀਂ ਸ਼ਰਾਰਤੀ ਅਨਸਰਾਂ ਵੱਲੋਂ ਨਸ਼ਿਆਂ ਅਤੇ ਹਥਿਆਰਾਂ ਦੀ ਖੇਪ ਇੰਡੋ-ਪਾਕਿ ਬਾਰਡਰ ਤੇ ਭੇਜਣ ਦਾ ਖ਼ਦਸ਼ਾ ਬਣਿਆ ਰਹਿੰਦਾ ਹੈ । ਬੀਤੇ ਦਿਨੀਂ ਸੁਰੱਖਿਆ ਏਜੰਸੀਆਂ ਵੱਲੋਂ ਵੀ ਇਹ ਨੁਕਤਾ ਉਠਾਇਆ ਗਿਆ ਕਿ ਬਾਰਡਰ ਦੇ ਨਾਲ ਲੱਗਦੇ ਪਿੰਡਾਂ ਵਿੱਚ ਸ਼ਾਮ ਵੇਲੇ ਪਿੰਡ ਵਾਸੀਆਂ ਵੱਲੋਂ ਉੱਚੀ ਅਵਾਜ਼ ਵਿੱਚ ਸਪੀਕਰ ਲਗਾਏ ਜਾਂਦੇ ਹਨ, ਜਿਸ ਕਰਕੇ ਗਸ਼ਤ ਕਰਨ ਵਾਲੇ ਬੀ.ਐੱਸ.ਐੱਫ. ਦੇ ਜਵਾਨਾਂ ਨੂੰ ਕਈ ਵਾਰ ਡਰੋਨ ਦੀ ਅਵਾਜ਼ ਸੁਣਾਈ ਨਹੀਂ ਦਿੰਦੀ । ਇਸ ਲਈ ਇਸ ਨਾਲ ਹੁੰਦੇ ਬੁਰੇ ਪ੍ਰਭਾਵ ਨੂੰ ਰੋਕਣ ਲਈ ਤੁਰੰਤ ਕਾਰਵਾਈ ਕੀਤੀ ਜਾਣੀ ਜ਼ਰੂਰੀ ਹੈ। ਉਨ੍ਹਾਂ ਇਸ ਹੁਕਮ ਦੀ ਪਾਲਣਾ ਕਰਨ ਦੀ ਹਦਾਇਤ ਕੀਤੀ ਹੈ।



# ਪੰਜਾਬ ਸਰਕਾਰ ਨੇ ਪੋਸਟ ਮੈਟ੍ਰਿਕ ਸਕਾਲਰਸ਼ਿਪ ਸਕੀਮ ਤਹਿਤ ਅਨੁਸੂਚਿਤ ਜਾਤੀਆਂ ਦੇ 117346 ਵਿਦਿਆਰਥੀਆਂ ਲਈ 91.46 ਕਰੋੜ ਰੁਪਏ ਦੀ ਰਾਸ਼ੀ ਜਾਰੀ ਕੀਤੀ : ਰਮਨ ਬਹਿਲ

ਗੁਰਦਾਸਪੁਰ/ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 12 ਜੂਨ (ਕੁਲਜੀਤ ਸਿੰਘ ਖੋਖਰ)- ਪੰਜਾਬ ਸਰਕਾਰ ਵੱਲੋਂ ਪੋਸਟ ਮੈਟ੍ਰਿਕ ਸਕਾਲਰਸ਼ਿਪ ਫ਼ਾਰ ਐੱਸ.ਸੀ ਸਟੂਡੈਂਟਸ ਸਕੀਮ ਸਾਲ 2023-24 ਦੇ ਬਕਾਇਆ ਰਹਿੰਦੇ 117346 ਵਿਦਿਆਰਥੀਆਂ ਲਈ 91.46 ਕਰੋੜ ਰੁਪਏ ਦੀ ਰਾਸ਼ੀ ਰਾਜ ਸਰਕਾਰ ਦੇ ਹਿੱਸੇ ਵਜੋਂ ਜਾਰੀ ਕੀਤੀ ਗਈ ਹੈ। ਇਸ ਸਬੰਧੀ ਹੋਰ ਜਾਣਕਾਰੀ ਦਿੰਦਿਆਂ ਪੰਜਾਬ ਹੈਲਥ ਸਿਸਟਮਜ਼ ਕਾਰਪੋਰੇਸ਼ਨ ਦੇ ਚੇਅਰਮੈਨ ਸ੍ਰੀ ਰਮਨ ਬਹਿਲ ਨੇ ਦੱਸਿਆ ਕਿ ਅਨੁਸੂਚਿਤ ਜਾਤੀ ਦੇ ਬੱਚਿਆਂ ਨੂੰ ਸਿੱਖਿਆ ਪ੍ਰਦਾਨ ਕਰਨਾ ਸੂਬਾ ਸਰਕਾਰ ਦੀ ਮੁੱਖ ਤਰਜੀਹ ਹੈ। ਉਨ੍ਹਾਂ ਦੱਸਿਆ ਕਿ ਇਸ ਸਕੀਮ ਦਾ ਮੁੱਖ ਟੀਚਾ ਅਤਿ ਗ.ਰੀਬ ਪਰਿਵਾਰਾਂ ਦੇ ਵਿਦਿਆਰਥੀਆਂ ਨੂੰ ਸਿੱਖਿਆ ਪੂਰੀ ਕਰਨ ਲਈ ਸਹਾਇਤਾ ਪ੍ਰਦਾਨ ਕਰਨਾ ਹੈ। ਉਨ੍ਹਾਂ ਦੱਸਿਆ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਜਿੱਥੇ ਹਰ ਵਰਗ ਦੀ ਭਲਾਈ ਲਈ ਲਗਾਤਾਰ ਯਤਨਸ਼ੀਲ ਹੈ, ਉੱਥੇ ਹੀ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਦੀ ਭਲਾਈ ਲਈ ਵੀ ਲਗਾਤਾਰ ਕਾਰਜਸ਼ੀਲ ਹੈ। ਚੇਅਰਮੈਨ ਸ੍ਰੀ ਰਮਨ ਬਹਿਲ ਨੇ ਕਿਹਾ ਕਿ ਇਸ ਰਾਸ਼ੀ ਦੇ ਰਿਲੀਜ਼ ਹੋਣ ਨਾਲ ਅਨੁਸੂਚਿਤ ਜਾਤੀਆਂ ਦੇ ਵਿਦਿਆਰਥੀਆਂ ਦਾ ਜੀਵਨ ਪੱਧਰ ਉੱਚਾ ਚੁੱਕਿਆ ਜਾ ਸਕੇਗਾ। ਉਨ੍ਹਾਂ ਅੱਗੇ ਦੱਸਿਆ ਕਿ ਵਿੱਤੀ ਸਹਾਇਤਾ ਦੀ ਅਦਾਇਗੀ ਸਿੱਧੀ ਲਾਭਪਾਤਰੀਆਂ ਦੇ ਬੈਂਕ ਖਾਤਿਆਂ ਵਿੱਚ ਕੀਤੀ ਜਾਂਦੀ ਹੈ।



### ਸਾਰੇ ਸੀਨੀਅਰ ਨਾਗਰਿਕਾਂ ਨੂੰ

# ਆਯੂਸ਼ਮਾਨ ਭਾਰਤ ਦਾ ਲਾਭ ਦਿੱਤਾ ਜਾਵੇ : ਸ਼ਰਮਾ



**ਫ਼ਿਰੋਜ਼ਪੁਰ, 12 ਜੂਨ (ਮਨੋਹਰ ਲਾਲ) :—** ਫ਼ਿਰੋਜ਼ਪੁਰ ਵਿੱਚ ਸੀਨੀਅਰ ਸਿਟੀਜ਼ਨ ਕੌਂਸਲ ਬਜ਼ੁਰਗਾਂ ਲਈ ਹਰ ਪਲ ਕੰਮ ਕਰ ਰਹੀ ਹੈ। ਇਸੇ ਸਬੰਧ ਵਿੱਚ ਅੱਜ ਸੀਨੀਅਰ ਸਿਟੀਜ਼ਨ ਕੌਂਸਲ ਦੇ ਕਾਰਜਕਾਰਨੀ ਮੈਂਬਰਾਂ ਦੀ ਮੀਟਿੰਗ ਹੋਈ ਜਿਸ ਵਿੱਚ ਸਮੂਹ ਕਾਰਜਕਾਰਨੀ ਮੈਂਬਰਾਂ ਵੱਲੋਂ ਇਹ ਮਤਾ ਪਾਸ ਕੀਤਾ ਗਿਆ ਕਿ ਭਾਰਤ ਸਰਕਾਰ ਵੀ ਬਾਕੀ ਦੇਸ਼ਾਂ ਵਾਂਗ ਆਯੂਸ਼ਮਾਨ ਭਾਰਤ ਸਕੀਮ ਵਿੱਚ ਸਾਰੇ ਸੀਨੀਅਰ ਨਾਗਰਿਕਾਂ ਨੂੰ ਸ਼ਾਮਲ ਕੀਤਾ ਜਾਵੇ।

ਆਗੂਆਂ ਨੇ ਕਿਹਾ ਕਿ ਹਾਲ ਵਿਚ ਹੀ ਸਾਡੇ ਦੇਸ਼ ਵਿੱਚ ਚੋਣਾਂ ਹੋ ਰਹੀਆਂ ਸਨ, ਸਾਡੇ ਸਤਿਕਾਰਯੋਗ ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਸਾਫ਼—ਸਾਫ਼ ਕਿਹਾ ਸੀ ਕਿ ਜੇਕਰ ਸਰਕਾਰ ਬਣੀ ਤਾਂ ਉਹ 70 ਸਾਲ ਤੋਂ ਵੱਧ ਉਮਰ ਦੇ ਸਾਰੇ ਬਜ਼ੁਰਗਾਂ ਨੂੰ ਆਯੁਸ਼ਮਾਨ ਭਾਰਤ ਯੋਜਨਾ ਵਿੱਚ ਸ਼ਾਮਲ ਕਰਨਗੇ ਅਤੇ ਆਯੁਸ਼ਮਾਨ ਭਾਰਤ ਦਾ ਲਾਭ ਉਨ੍ਹਾਂ ਸਾਰਿਆਂ ਨੂੰ ਮਿਲੇਗਾ, ਹੁਣ ਭਾਰਤ ਵਿੱਚ ਸ਼੍ਰੀ ਨਰੇਂਦਰ ਮੋਦੀ ਦੀ ਅਗਵਾਈ ਵਿੱਚ ਭਾਰਤੀ ਜਨਤਾ ਪਾਰਟੀ ਦੀ ਸਰਕਾਰ ਬਣੀ ਹੈ ਅਤੇ ਸਾਰੇ ਮਾਨਯੋਗ ਮੰਤਰੀਆਂ ਨੇ ਆਪਣੇ—ਆਪਣੇ ਵਿਭਾਗਾਂ ਦਾ ਚਾਰਜ ਸੰਭਾਲ ਲਿਆ ਹੈ। ਭਾਰਤ ਦੇ ਸਾਰੇ ਸੀਨੀਅਰ ਨਾਗਰਿਕਾਂ ਨੂੰ, ਜਾਤ ਪਾਤ, ਅਮੀਰ, ਗਰੀਬ, ਰੰਗ ਜਾਂ ਛੋਟਾ, ਦੇ ਭੇਦ ਭਾਵ ਤੋਂ ਬਿਨਾਂ ਆਯੁਸ਼ਮਾਨ ਭਾਰਤ ਵਿਚ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ ਅਤੇ ਇਸ ਦਾ ਲਾਭ ਸਾਰਿਆਂ ਨੂੰ ਮਿਲਣਾ ਚਾਹੀਦਾ ਹੈ। ਸੀਨੀਅਰ ਸਿਟੀਜ਼ਨ ਕੌਂਸਲ ਰਜਿਸਟਰ ਫਿਰੋਜ਼ਪੁਰ ਪ੍ਰਧਾਨ ਮੰਤਰੀ ਨੂੰ ਯਾਦ ਕਰਵਾਉਣਾ ਚਾਹੁੰਦੀ ਹੈ ਕਿ ਪਿਛਲੀਆਂ ਸਰਕਾਰਾਂ ਨੇ ਵੀ ਸੀਨੀਅਰ ਸਿਟੀਜ਼ਨ ਨੂੰ ਵਿਸ਼ੇਸ਼ ਲਾਭ ਦਿੱਤਾ ਹੈ, ਭਾਵੇਂ ਰੇਲਵੇ ਵਿੱਚ ਰਿਆਇਤ ਦਾ ਹੋਵੇ ਜਾਂ ਹੋਰ ਸਹੂਲਤਾਂ, ਸੀਨੀਅਰ ਸਿਟੀਜ਼ਨਾਂ ਨੂੰ ਵਿਸ਼ੇਸ਼ ਲਾਭ ਦਿੱਤੇ ਗਏ ਹਨ। ਸੀਨੀਅਰ ਸਿਟੀਜ਼ਨ ਕੌਂਸਲ ਰਜਿ ਫ਼ਿਰੋਜ਼ਪੁਰ ਜ਼ਿਲ੍ਹਾ ਫ਼ਿਰੋਜ਼ਪੁਰ ਭਾਰਤ ਸਰਕਾਰ ਨੂੰ ਬੇਨਤੀ ਕਰਦੀ ਹੈ ਕਿ ਸਾਰੇ ਸੀਨੀਅਰ ਨਾਗਰਿਕਾਂ ਨੂੰ ਆਯੂਸ਼ਮਾਨ ਭਾਰਤ ਦਾ ਲਾਭ ਦਿੱਤਾ ਜਾਵੇ। ਉਹ ਘਰ ਜਾਂ ਦੇਸ਼ ਜਿੱਥੇ ਬਜ਼ੁਰਗਾਂ ਦਾ ਆਦਰ—ਸਤਿਕਾਰ ਹੁੰਦਾ ਹੈ, ਉਹ ਰੱਬ ਦੀ ਕਿਰਪਾ ਨਾਲ ਸਦਾ ਖੁਸ਼ ਰਹਿੰਦੇ ਹਨ। ਸੀਨੀਅਰ ਸਿਟੀਜਨ ਨੇ ਕਿਹਾ ਕਿ ਪ੍ਰਧਾਨ ਮੰਤਰੀ ਸ਼੍ਰੀ ਨਰੇਂਦਰ ਮੋਦੀ ਦੀ ਸਰਕਾਰ ਬਣਨ ਦੇ ਸਮੇਂ, ਭਾਜਪਾ ਦੇ ਪ੍ਰਧਾਨ ਅਤੇ ਕੈਬਨਿਟ ਮੰਤਰੀ ਸ਼੍ਰੀ ਜੇਪੀ ਨੱਡਾ ਕਿਹਾ ਸੀ ਕਿ ਉਹ ਪਹਿਲੇ 100 ਦਿਨਾਂ ਵਿਚ 70 ਸਾਲ ਤੋਂ ਵੱਧ ਉਮਰ ਦੇ ਸਾਰੇ ਬਜ਼ੁਰਗਾਂ ਨੂੰ ਆਯੁਸ਼ਮਾਨ ਭਾਰਤ ਦਾ ਲਾਭ ਪ੍ਰਦਾਨ ਕਰਨਗੇ ਅਤੇ 70 ਸਾਲ ਤੋਂ ਵੱਧ ਉਮਰ ਵਾਲੇ ਸਾਰੇ ਬਜ਼ੁਰਗ ਨਾਗਰਿਕਾਂ ਆਯੁਸ਼ਮਾਨ ਭਾਰਤ ਯੋਜਨਾ ਵਿੱਚ ਸ਼ਾਮਲ ਕੀਤੀ ਜਾਵੇਗਾ। ਸੀਨੀਅਰ ਸਿਟੀਜਨ ਕੌਂਸਲ ਰਜਿਸਟਰਡ ਫਿਰੋਜਪੁਰ ਜਿਲਾ ਫਿਰੋਜ਼ਪੁਰ ਪੂਰੀ ਆਸ ਹੈ ਕਿ ਨਰੇਂਦਰ ਮੋਦੀ ਨਾ ਸਿਰਫ਼ 70 ਸਾਲ ਤੋਂ ਵੱਧ ਉਮਰ ਦੇ ਲੋਕਾਂ ਨੂੰ ਬਲਕਿ ਸਾਰੇ ਬਜ਼ੁਰਗਾਂ ਨੂੰ ਆਯੁਸ਼ਮਾਨ ਭਾਰਤ ਯੋਜਨਾ ਵਿੱਚ ਸ਼ਾਮਲ ਕਰਕੇ ਦੇਸ਼ ਦਾ ਮਾਣ ਵਧਾਉਣਗੇ ਅਤੇ ਦੇਸ਼ ਦੇ ਬਜ਼ੁਰਗਾਂ ਦਾ ਸਤਿਕਾਰ ਕਰਨਗੇ।

### ਯੂਨੀਵਰਸਲ ਮਨੁੱਖੀ ਅਧਿਕਾਰ ਫਰੰਟ ਵੱਲੋਂ

# ਨਸ਼ਿਆਂ ਖਿਲਾਫ ਲੋਕਾਂ ਨੂੰ ਲਾਮਬੰਦ ਕੀਤਾ ਜਾਵੇਗਾ : ਕੌਮੀ ਚੇਅਰਮੈਨ



ਮੋਗਾ, 12 ਜੂਨ (ਰਾਜਿੰਦਰ ਸਿੰਘ ਕੋਟਲਾ, ਗੁਰਪ੍ਰੀਤ ਸਿੰਘ) ਆਵਾਜਿ ਕੌਮ ਬਿਊਰੋ ਰਿਪੋਰਟ- ਯੂਨੀਵਰਸਲ ਮਨੁੱਖੀ ਅਧਿਕਾਰ ਫਰੰਟ ਦੇ ਕੌਮੀ ਚੇਅਰਮੈਨ ਤਜਿੰਦਰ ਪਾਲ ਸਿੰਘ ਚੀਮਾ ਨੇ ਆਖਿਆ ਕਿ ਪੰਜਾਬ ਅੰਦਰ੍ਹ ਲੋਕਾਂ ਨੂੰ ਨਸ਼ਿਆਂ ਦੇ ਖਿਲਾਫ ਲਾਮ ਬੰਦ ਕਰਨ ਲਈ ਇੱਕ ਸਮਾਜਿਕ ਚੇਤਨਾ ਲਹਿਰ ਦੀ ਆਰੰਭਤਾ ਕੀਤੀ ਜਾ ਰਹੀ ਹ੍ਰੈ ਇਸ ਸਬੰਧੀ ਯੂਨੀਵਰਸਲ ਮਨੁੱਖੀ ਅਧਿਕਾਰ ਫਰੰਟ ਦੀ ਇੱਕ ਭਰਮੀ ਮੀਟਿੰਗ ਸ਼੍ਰੋਮਣੀ ਸ਼ਹੀਦ ਗੁਰਦੁਆਰਾ ਬਾਬਾ ਜੀਵਨ ਸਿੰਘ ਜੀ ਪਿੰਡ ਚੀਮਾ ਵਿਖੇ ਕੀਤੀ ਗਈ੍ਹ ਇਸ ਸਮੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਸੱਚੇ ਪਾਤਸ਼ਾਹ ਤੋਂ ਸੇਧ ਲੈ ਕੇ ਉਸ ਦੀ ਪ੍ਰੇਰਨਾ ਅਨੁਸਾਰ ਗੁਰੂ ਨਾਨਕ ਦੀ ਖਾਲਸਾਈ ਪ੍ਰਕਿਰਿਆ ਨੂੰ ਸਮਾਜਿਕ ਤੌਰ ਤੇ ਫੈਲਾਉਣ ਦਾ ਯਤਨ ਕਰਨ ਦੀ ਲੋੜ ਤੇ ਜ਼ੋਰ ਦਿੱਤਾ ਇਸ ਮੌਕੇ ਅਹੁਦੇਦਾਰਾਂ ਦੀ ਚੋਣ ਵੀ ਕੀਤੀ ਗਈ੍ਹ ਜਿਸ ਵਿੱਚ ਭਾਈ ਬਲਵੰਤ ਸਿੰਘ ਖਾਲਸਾ ਸਕੱਤਰ ਪੰਜਾਬ, ਭਾਈ ਅਮਨਦੀਪ ਸਿੰਘ ਖਾਲਸਾ ਸਲਾਹਕਾਰ ਸੂਬਾ ਪੰਜਾਬ, ਕ੍ਰਿਸ਼ਨ ਸਿੰਘ ਜੀ ਹਰਾਜ ਪ੍ਰਧਾਨ ਬਲਾਕ ਘੱਲ ਖੁਰਦ ਫਿਰੋਜ਼ਪੁਰ ਆਜ ਤੋਂ ਇਲਾਵਾ ਹੋਰ ਅਹੁਦੇਦਾਰ ਵੀ ਨਿਯੁਕਤ ਕੀਤੇ ਗਏ ਬੜੇ ਉਤਸ਼ਾਹ ਅਤੇ ਪਿਆਰ ਸਾਹਿਤ ਅਮਰਜੀਤ ਸਿੰਘ ਜੀਰਾ ਸੂਬਾ ਪ੍ਰਧਾਨ, ਹਰਨਾਮ ਸਿੰਘ ਵਧਾਵਨ ਸਕੱਤਰ ਪੰਜਾਬ, ਬਾਬਾ ਜਗਤਾਰ ਸਿੰਘ ਖੋਸਾ ਦਲ ਸਿੰਘ ਵਾਲਾ ਪ੍ਰਧਾਨ ਮਾਲਵਾ ਜੋਨ, ਭਾਈ ਲਖਵੀਰ ਸਿੰਘ ਘੋਲੀਆ ਕੌਮੀ ਸਕੱਤਰ, ਰਾਜਿੰਦਰ ਸਿੰਘ ਕੋਟਲਾ ਕੌਮੀ ਯੂਥ ਪਰਧਾਨ, ਤਰਸੇਮ ਸਿੰਘ ਖੋਖਰ ਜਿਲਾ ਪ੍ਰਧਾਨ ਫਿਰੋਜ਼ਪੁਰ ਆਸ ਤੋਂ ਇਲਾਵਾ ਭਾਈ ਹਰਜਿੰਦਰ ਸਿੰਘ ਕੋਟ ਇਸੇ ਖਾਂ, ਆਦ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਯੂਨੀਵਰਸਲ ਮਨੁੱਖੀ ਅਧਿਕਾਰ ਫਰੰਟ ਦੀ ਵਿਸ਼ੇਸ਼ ਇਕੱਤਰਤਾ ਵਿੱਚ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਕੰਮ ਕਰਨ ਵਾਲੇ ਲੋਕਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਗੁਰੂ ਗ੍ਰੰਥ ਸਾਹਿਬ ਸੱਚੇ ਪਾਤਸ਼ਾਹ ਜੀ ਦੀ ਪ੍ਰੇਰਨਾ ਲੈ ਕੇ ਭਾਵਨਾਤਮਕ ਤੌਰ ਤੇ ਫਰੰਟ ਦੇ ਕੌਮੀ ਚੇਅਰਮੈਨ ਤਜਿੰਦਰ ਪਾਲ ਸਿੰਘ ਚੀਮਾ ਨੇ ਕਿਹਾ ਕਿ ਮਨੁੱਖੀ ਕਦਰਾਂ ਕੀਮਤਾਂ ਦੀ ਰਾਖੀ ਲਈ ਹਰ ਸੰਭਵ ਯਤਨਸ਼ੀਲ ਰਹਾਂਗਾ, ਅਤੇ ਮਨੁੱਖੀ ਅਧਿਕਾਰਾਂ ਦੀ ਰਾਖੀ ਕਰਨ ਲਈ ਹਰ ਸਮੇਂ ਤਿਆਰ ਬਰ ਤਿਆਰ ਰਹਾਂਗਾ, ਉਹਨਾਂ ਕਿਹਾ ਕਿ ਮਨੁੱਖੀ ਅਧਿਕਾਰਾਂ ਦੀ ਰਾਖੀ ਲਈ ਮਰਜੀਵੜੇ ਲੋਕਾਂ ਦੀ ਲੋੜ ਹੈ।

# ਬਿੱਟੂ ਨੂੰ ਕੁਰਸੀ ਤੇ ਬੈਠ ਨਵੇਂ ਕੰਮ ਕਰਨ ਦੀ ਅਪੀਲ ਇਹ ਬਿੱਟੂ ਲਈ ਸਰਹੱਦੀ ਇਲਾਕੇ ਲਈ ਕੰਮ ਦੀ ਅਪੀਲ : ਹਰਪਾਲ ਸਿੰਘ ਭੁੱਲਰ




**ਫ਼ਿਰੋਜ਼ਪੁਰ, 12 ਜੂਨ (ਮਨੋਹਰ ਲਾਲ) :—** ਨਵੇਂ ਬਣੇ ਰਾਜ ਮੰਤਰੀ ਰਵਨੀਤ ਸਿੰਘ ਬਿੱਟੂ ਨੂੰ ਅਪੀਲ ਕਰਦੇ ਹੋਏ ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ ਨੇ ਆਖਿਆ ਕਿ ਬਿੱਟੂ ਵੱਲੋਂ ਸਭ ਤੋਂ ਪਹਿਲਾਂ ਰੇਲਵੇ ਮੰਤਰੀ ਬਨਣ ਉਪਰੰਤ ਫ਼ਿਰੋਜ਼ਪੁਰ ਵਿਖੇ ਰੇਲਵੇ ਇਲੈਕਟ੍ਰੋਨਿਕ ਇੰਜਨਾਂ ਦੀ ਵਰਕਸ਼ਾਪ ਅਤੇ ਇਕ ਡਿੱਬਾ ਰੇਲਵੇ ਦਾ ਬਨਾਉਣ ਦੀ ਨੀਂਹ ਪੱਥਰ ਰੱਖਿਆ ਜਾਵੇ, ਫ਼ਿਰੋਜ਼ਪੁਰ ਸਰਹੱਦੀ ਇਲਾਕਾ ਹੋਣ ਕਰਕੇ ਰੇਲਵੇ ਦਾ ਸਭ ਤੋਂ ਪੁਰਾਣਾ ਰੇਲਵੇ ਡਵੀਜਨ ਹੈ। ਭਾਈ ਮਰਦਾਨਾ ਯਾਦਗਾਰੀ ਕੀਰਤਨ ਦਰਬਾਰ ਸੁਸਾਇਟੀ ਦੇ ਪ੍ਰਧਾਨ ਹਰਪਾਲ ਸਿੰਘ ਭੁੱਲਰ, ਜਰਨਲ ਸਕੱਤਰ ਸਰਬਜੀਤ ਸਿੰਘ ਛਾਬੜਾ ਨੇ ਪੱਤਰਕਾਰਾਂ ਨੂੰ ਦਸਦੇ ਹੋਏ ਆਖਿਆ ਕਿ ਰੇਲਵੇ ਵਰਕਸ਼ਾਪ ਜਗਾਧਰੀ ਸਭ ਤੋਂ ਵੱਡੀ ਹੈ, ਅੰਮ੍ਰਿਤਸਰ ਦੇ ਬਰਾਬਰ ਫ਼ਿਰੋਜ਼ਪੁਰ ਵਰਕਸ਼ਾਪ ਬਣਾਈ ਜਾਵੇ, ਜੇਕਰ ਰੇਲਵੇ ਵਰਕਸ਼ਾਪ ਫ਼ਿਰੋਜ਼ਪੁਰ ਬਣ ਜਾਵੇ ਅਤੇ ਇਸ ਦਾ ਨੀਂਹ ਪੱਥਰ ਰੇਲਵੇ ਮੰਤਰੀ ਜਾ ਗ੍ਰਹਿ ਮੰਤਰੀ ਤੋਂ ਰਖਵਾਇਆ ਜਾਵੇ ਅਤੇ ਬੰਦੀ ਸਿੰਘਾਂ ਦੀ ਰਿਹਾਈ ਲਈ ਤਾਂ ਬਿੱਟੂ ਪਹਿਲਾਂ ਹੀ ਆਖ ਚੁੱਕੇ ਵਰਕਸ਼ਾਪ ਦੀ ਨੀਂਹ ਨਾਲ ਫ਼ਿਰੋਜ਼ਪੁਰ ਜਿਉਂ ਦੀਆਂ ਵਿਚ ਹੋ ਜਾਵੇਗਾ ਅਤੇ ਸਰਹੱਦੀ ਇਲਾਕੇ ਨੂੰ ਰੁਜਗਾਰ ਮਿਲ ਜਾਵੇਗਾ। ਸਭ ਤੋਂ ਪਹਿਲਾਂ ਅੰਮ੍ਰਿਤਪਾਲ ਸਿੰਘ ਖਾਲਸਾ ਦੀ ਰਿਹਾਈ, ਬੰਦੀ ਸਿੰਘ ਰਿਹਾਈ ਕਈ ਸਾਲਾਂ ਤੋਂ ਜੇਲ੍ਹਾਂ ਵਿਚ ਬੰਦ ਬੈਠੇ ਹੋਏ, ਉਨ੍ਹਾਂ ਦੀ ਰਿਹਾਈ ਕਿਸਾਨਾਂ ਦੀ ਮੰਗਾਂ ਮੰਨ ਕੇ ਉਨ੍ਹਾਂ ਵਾਸਤੇ ਕਾਨੂੰਨ ਬਣਾਉਣਾ ਸਰਕਾਰ ਦਾ ਫੈਸਲਾ ਹੋਣਾ ਚਾਹੀਦਾ ਹੈ।

# ਪਿੰਡ ਬਹੋਨਾ ਵਾਸੀਆਂ (ਮੋਗਾ) ਨੇ ਦੁਖੀ ਹੋ ਕੇ ਟਿੱਪਰਾਂ ਦੀ ਆਵਾਜਾਈ ਰੋਕੀ, ਲਾਇਆ ਧਰਨਾ



**ਮੋਗਾ, 12 ਜੂਨ (ਆਵਾਜਿ ਕੌਮ ਬਿਊਰੋ ਰਿਪੋਰਟ)**-ਜੰਮੂ ਕਟੜਾ ਰੋਡ ਦੀ ਚੱਲ ਰਹੀ ਉਸਾਰੀ ਦੌਰਾਨ ਸੜਕ ਤੇ ਮਿੱਟੀ ਪਾਉਣ ਲਈ ਪਿੰਡ ਬਹੋਨਾ ਦੀ ਜਮੀਨ ਵਿੱਚੋਂ ਪਿਛਲੇ ਇੱਕ ਮਹੀਨੇ ਤੋਂ ਟਿੱਪਰਾਂ ਰਾਹੀਂ ਮਿੱਟੀ ਦੀ ਢੋਆ-ਢੁਆਈ ਕੀਤੀ ਜਾ ਰਹੀ ਹੈ ਤੇ ਇਹ ਓਵਰਲੋਡ ਟਿੱਪਰ ਸਾਰਾ ਦਿਨ ਪਿੰਡ ਦੀ ਫਿਰਨੀ ਅਤੇ ਲਿੰਕ ਰੋਡ ਦੀ ਵਰਤੋਂ ਕਰ ਰਹੇ ਹਨ, ਜਿਸ ਕਾਰਨ ਪਿੰਡ ਵਾਸੀ ਪ੍ਰੇਸ਼ਾਨ ਹਨ। ਇਨ੍ਹਾਂ ਟਿੱਪਰਾਂ ਨੇ ਨਵੀਂ ਬਣੀ ਸੜਕ ਦਾ ਸੱਤਿਆਨਾਸ਼ ਕੀਤਾ ਹੀ ਨਾਲ ਪਿੰਡ ਦੇ ਸੀਵਰੇਜ ਦੇ ਇੱਕ ਹਿੱਸੇ ਨੂੰ ਤੋੜ ਦਿੱਤਾ, ਜਿਸ ਕਾਰਨ ਅੱਧੇ ਪਿੰਡ ਦੇ ਪਾਣੀ ਦੀ ਨਿਕਾਸੀ ਰੁਕ ਗਈ। ਪਿਛਲੇ ਕੁੱਝ ਦਿਨਾਂ ਤੋਂ ਪਿੰਡ ਵਾਸੀਆਂ ਅੰਦਰ ਰੋਸ ਚੱਲ ਰਿਹਾ ਸੀ ਜੋ ਸੀਵਰੇਜ ਟੁੱਟਣ ਨਾਲ ਭਾਂਬੜ ਬਣ ਗਿਆ ਤੇ ਪਿੰਡ ਵਾਸੀਆਂ ਨੇ ਅੱਜ ਸਾਬਕਾ ਸਰਪੰਚ ਹਰਭਜਨ ਸਿੰਘ ਬਹੋਨਾ ਦੀ ਅਗਵਾਈ ਵਿੱਚ ਪਿੰਡ ਦੀ ਫਿਰਨੀ ਤੇ ਧਰਨਾ ਲਗਾ ਦਿੱਤਾ ਤੇ ਟਿੱਪਰਾਂ ਦਾ ਚੱਕਾ ਜਾਮ ਕਰ ਦਿੱਤਾ। ਖਬਰ ਲਿਖੇ ਜਾਣ ਤੱਕ ਕੋਈ ਵੀ ਜਿੰਮੇਵਾਰ ਸਰਕਾਰੀ ਜਾਂ ਗੈਰ ਸਰਕਾਰੀ ਅਧਿਕਾਰੀ ਪਿੰਡ ਵਾਸੀਆਂ ਨਾਲ ਗੱਲਬਾਤ ਕਰਨ ਲਈ ਨਹੀਂ ਪਹੁੰਚਿਆ ਸੀ। ਪਿੰਡ ਵਾਸੀ ਮੰਗ ਕਰ ਰਹੇ ਹਨ ਕਿ ਠੇਕੇਦਾਰ ਸੀਵਰੇਜ ਦੀ ਰਿਪੇਅਰ ਕਰਵਾਏ ਅਤੇ ਮਿੱਟੀ ਚੁੱਕਣ, ਪਿੰਡ ਦੀ ਫਿਰਨੀ ਅਤੇ ਲਿੰਕ ਸੜਕ ਦੀ ਵਰਤੋਂ ਕਰਨ ਦੀ ਮਨਜ਼ੂਰੀ ਦਿਖਾਵੇ ਨਹੀਂ ਤਾਂ ਟਿੱਪਰਾਂ ਦਾ ਚੱਕਾ ਜਾਮ ਅਣਮਿੱਥੇ ਸਮੇਂ ਲਈ ਜਾਰੀ ਰਹੇਗਾ। ਉਨ੍ਹਾਂ ਜਿਲ੍ਹਾ ਅਧਿਕਾਰੀਆਂ ਤੋਂ ਇਹ ਵੀ ਮੰਗ ਕੀਤੀ ਕਿ ਜੇਕਰ ਇਹ ਸਭ ਗੈਰ ਕਾਨੂੰਨੀ ਤਰੀਕੇ ਨਾਲ ਕੀਤਾ ਜਾ ਰਿਹਾ ਹੈ ਤਾਂ ਜਿੰਮੇਵਾਰ ਠੇਕੇਦਾਰ ਖਿਲਾਫ ਕਨੂੰਨੀ ਕਾਰਵਾਈ ਕੀਤੀ ਜਾਵੇ। ਇਸ ਮੌਕੇ ਨਗਰ ਨਿਵਾਸੀ ਮਰਦ ਅਤੇ ਔਰਤਾਂ ਵੱਡੀ ਗਿਣਤੀ ਵਿੱਚ ਹਾਜਰ ਸਨ।

ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਭਾਈ ਸੁਖਵਿੰਦਰ ਸਿੰਘ ਨਾਲ ਵਾਪਰੀ ਘਟਨਾ ਦੀ ਜਾਣਕਾਰੀ ਲੈਣ

# ਸਰਕਾਰੀ ਹਸਪਤਾਲ ਕੈਂਥਲ ਵਿਖੇ ਜਥੇ. ਦਾਦੂਵਾਲ ਤੇ ਹੋਰ ਪੰਥਕ ਸ਼ਖਸੀਅਤਾਂ ਪਹੁੰਚੀਆਂ

**ਹਰਿਆਣਾ ਕਮੇਟੀ ਵੱਲੋਂ ਪ੍ਰੈਸ ਕਾਨਫਰੰਸ ਕਰਕੇ ਦੋਸ਼ੀਆਂ ਉੱਪਰ ਧਾਰਾ 307 ਦਾ ਵਾਧਾ ਕਰਨ ਲਈ ਕਿਹਾ,ਪੀੜਤ ਭਾਈ ਸੁਖਵਿੰਦਰ ਸਿੰਘ ਦੇ ਇਲਾਜ ਦਾ ਸਾਰਾ ਖਰਚਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਕੀਤਾ ਜਾਵੇਗਾ ਅਤੇ ਕਨੂੰਨੀ ਲੜਾਈ ਲੜਨ ਵਾਸਤੇ ਐਡਵੋਕੇਟ ਮਨਿੰਦਰ ਸਿੰਘ ਦੀ ਹਰਿਆਣਾ ਕਮੇਟੀ ਵਲੋਂ ਡਿਊਟੀ ਲਗਾਈ ਗਈ**











ਕੈਂਥਲ ਹਰਿਆਣਾ ਵਿਖੇ 10 ਜੂਨ ਰਾਤ ਨੂੰ ਭਾਈ ਸੁਖਵਿੰਦਰ ਸਿੰਘ ਨਾਲ ਵਾਪਰੀ ਘਟਨਾ ਦੀ ਜਾਣਕਾਰੀ ਲੈਣ ਸਰਕਾਰੀ ਹਸਪਤਾਲ ਕੈਂਥਲ ਵਿਖੇ ਉਸਦਾ ਹਾਲ ਚਾਲ ਜਾਨਣ ਲਈ ਅੱਜ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਜਥੇਦਾਰ ਭੁਪਿੰਦਰ ਸਿੰਘ ਅਸੰਧ,ਜਥੇਦਾਰ ਬਲਜੀਤ ਸਿੰਘ ਦਾਦੂਵਾਲ ਚੇਅਰਮੈਨ ਧਰਮ ਪ੍ਰਚਾਰ,ਸੁਖਵਿੰਦਰ ਸਿੰਘ ਮੰਡੇਬਰ ਯਮੁਨਾਨਗਰ ਜਰਨਲ ਸਕੱਤਰ,ਗਿਆਨੀ ਸਾਹਿਬ ਸਿੰਘ ਚੱਕੂ ਮੈਂਬਰ,ਕੰਵਲਜੀਤ ਸਿੰਘ ਅਜਰਾਨਾ ਸਪੋਕਸਮੈਨ ਸਾਥੀਆਂ ਸਮੇਤ ਪੁੱਜੇ,ਭਾਈ ਸੁਖਵਿੰਦਰ ਸਿੰਘ ਦਾ ਹਾਲ ਚਾਲ ਜਾਣਿਆ,ਹਰਿਆਣਾ ਕਮੇਟੀ ਵੱਲੋਂ ਪ੍ਰੈਸ ਕਾਨਫਰੰਸ ਕਰਕੇ ਦੋਸ਼ੀਆਂ ਉੱਪਰ ਧਾਰਾ 307 ਦਾ ਵਾਧਾ ਕਰਨ ਲਈ ਕਿਹਾ,ਪੀੜਤ ਭਾਈ ਸੁਖਵਿੰਦਰ ਸਿੰਘ ਦੇ ਇਲਾਜ ਦਾ ਸਾਰਾ ਖਰਚਾ ਹਰਿਆਣਾ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਵਲੋਂ ਕੀਤਾ ਜਾਵੇਗਾ ਅਤੇ ਕਨੂੰਨੀ ਲੜਾਈ ਲੜਨ ਵਾਸਤੇ ਐਡਵੋਕੇਟ ਮਨਿੰਦਰ ਸਿੰਘ ਦੀ ਹਰਿਆਣਾ ਕਮੇਟੀ ਵਲੋਂ ਡਿਊਟੀ ਲਗਾਈ ਗਈ। (ਰਿਪੋਰਟ : ਭਾਈ ਜਗਮੀਤ ਸਿੰਘ ਬਰਾੜ)

ਆਵਾਜ਼ਿ ਕੌਮ
AWAZE QAUM
International Newspaper & WEB TV





ਆਵਾਜ਼ਿ ਕੌਮ
AWAZE QAUM
International Newspaper & WEB TV

ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਕਿਸਾਨਾਂ ਦੇ ਖ਼ੂਨ ਨਾਲ ਰੰਗੇ ਸ਼ਿਵਰਾਜ ਸਿੰਘ ਚੌਹਾਨ ਨੂੰ

# ਕੇਂਦਰੀ ਖੇਤੀਬਾੜੀ ਮੰਤਰਾਲੇ ਦੀ ਅਲਾਟਮੈਂਟ ਦਾ ਸਖ਼ਤ ਵਿਰੋਧ: ਸੰਯੁਕਤ ਕਿਸਾਨ ਮੋਰਚਾ





**ਨਵੀਂ ਦਿੱਲੀ, 12 ਜੂਨ (ਮਨਪ੍ਰੀਤ ਸਿੰਘ ਖਾਲਸਾ):-** ਐਸਕੇਐਮ 6 ਜੂਨ 2017 ਨੂੰ ਮੰਦਸੌਰ ਦੇ 6 ਕਿਸਾਨਾਂ ਦੀ ਹੱਤਿਆ ਲਈ ਜ਼ਿੰਮੇਵਾਰ ਸ਼ਿਵਰਾਜ ਸਿੰਘ ਚੌਹਾਨ ਨੂੰ ਕੇਂਦਰੀ ਖੇਤੀਬਾੜੀ ਅਤੇ ਕਿਸਾਨ ਭਲਾਈ ਮੰਤਰਾਲਾ ਅਲਾਟ ਕਰਨ ਦੇ ਐਨਡੀਏ ਲੀਡਰਸ਼ਿਪ ਦੇ ਫੈਸਲੇ ਦਾ ਸਖ਼ਤ ਵਿਰੋਧ ਕਰਦੀ ਹੈ। ਕਿਸਾਨਾਂ ਦੀ ਹੱਤਿਆ ਉਸ ਸਮੇਂ ਕੀਤੀ ਗਈ ਜਦੋਂ ਉਹ ਸੀ 2+50% 'ਤੇ ਘੱਟੋ-ਘੱਟ ਸਮਰਥਨ ਮੁੱਲ, ਕਰਜ਼ਾ ਮੁਆਫ਼ੀ ਅਤੇ ਕਿਸਾਨ ਖ਼ੁਦਕੁਸ਼ੀਆਂ ਦੇ ਵਧਦੇ ਰੁਝਾਨ ਵਿਰੁੱਧ ਤਿੱਖੇ ਸੰਘਰਸ਼ ਵਿੱਚ ਹਿੱਸਾ ਲੈ ਰਹੇ ਸਨ। ਇਹ ਫੈਸਲਾ ਪਿਛਲੀਆਂ ਭਾਜਪਾ ਸਰਕਾਰਾਂ ਵੱਲੋਂ 2014 ਅਤੇ 2019 ਵਿੱਚ ਪੂਰਨ ਬਹੁਮਤ ਨਾਲ ਦਿਖਾਏ ਗਏ ਹੰਕਾਰ ਅਤੇ ਅਸੰਵੇਦਨਸ਼ੀਲਤਾ ਦਾ ਪ੍ਰਤੀਕ ਹੈ। ਇਸ ਨਾਲ ਦੇਸ਼ ਭਰ ਦੇ ਕਿਸਾਨਾਂ ਅਤੇ ਪੇਂਡੂ ਲੋਕਾਂ ਵਿੱਚ ਗੁੱਸਾ ਹੈ।ਐਨਡੀਏ ਸਰਕਾਰ ਦੀ ਪਹਿਲੀ ਕੈਬਨਿਟ ਮੀਟਿੰਗ ਵਿੱਚ ਵਧ ਰਹੇ ਖੇਤੀ ਸੰਕਟ ਅਤੇ ਕਿਸਾਨ ਖ਼ੁਦਕੁਸ਼ੀਆਂ (ਭਾਰਤ ਭਰ ਵਿੱਚ ਹਰ ਰੋਜ਼ 31 ਕਿਸਾਨ ਖ਼ੁਦਕੁਸ਼ੀਆਂ ਕਰ ਰਹੇ ਹਨ) ਅਤੇ ਕਿਸਾਨਾਂ ਦੀਆਂ ਲੰਬੇ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੰਗਾਂ ਜਿਵੇਂ ਕਿ ਸੀ2+50% 'ਤੇ ਗਾਰੰਟੀ ਏਐਸਪੀ, ਨੂੰ ਸੰਬੋਧਿਤ ਕਰਨ ਦੀ ਉਮੀਦ ਸੀ, ਵਿਆਪਕ ਫੈਸਲਾ ਨਹੀਂ ਹੋਇਆ। ਕਰਜ਼ਾ ਮੁਆਫੀ, ਬਿਜਲੀ ਦੇ ਨਿੱਜੀਕਰਨ ਨੂੰ ਰੱਦ ਕਰਨ, ਉਤਪਾਦਨ ਦੀ ਲਾਗਤ ਵਿੱਚ ਕਮੀ ਅਤੇ ਯਕੀਨੀ ਬੀਮਾ ਅਤੇ ਪੈਨਸ਼ਨ ਨੂੰ ਪੂਰਾ ਕਰਨ ਲਈ ਲਿਆ ਗਿਆ ਸੀ। ਪ੍ਰਧਾਨ ਮੰਤਰੀ ਕਿਸਾਨ ਸਨਮਾਨ ਨਿਧੀ ਦੇ ਬਕਾਇਆ 20,000 ਕਰੋੜ ਰੁਪਏ ਜਾਰੀ ਕੀਤੇ ਜਾਣ ਨੂੰ ਲੈ ਕੇ ਰੌਲਾ-ਰੱਪਾ ਪਾਇਆ ਜਾ ਰਿਹਾ ਹੈ, ਜੋ ਪਹਿਲਾਂ ਤੋਂ ਚੱਲ ਰਹੀ ਇੱਕ ਯੋਜਨਾ ਹੈ ਜੋ ਪ੍ਰਤੀ ਕਿਸਾਨ ਪਰਿਵਾਰ ਔਸਤਨ 500 ਰੁਪਏ ਪ੍ਰਤੀ ਮਹੀਨਾ ਦੀ ਨਾਕਾਫ਼ੀ ਰਕਮ ਪ੍ਰਦਾਨ ਕਰਦੀ ਹੈ। ਇਹ ਕਿਸਾਨਾਂ ਨੂੰ ਸੰਤੁਸ਼ਟ ਨਹੀਂ ਕਰੇਗਾ ਕਿਉਂਕਿ ਇਹ ਲਾਹੇਵੰਦ ਘੱਟੋ-ਘੱਟ ਸਮਰਥਨ ਮੁੱਲ ਪ੍ਰਦਾਨ ਕਰਨ ਦੀ ਰਾਜ ਦੀ ਝਿਜਕ ਅਤੇ ਖੇਤੀਬਾੜੀ ਸੈਕਟਰ ਦੇ ਕਾਰਪੋਰੇਟ ਕਬਜ਼ੇ ਦੀਆਂ ਨੀਤੀਆਂ ਨੂੰ ਲੁਕਾਉਂਦਾ ਹੈ। ਇਨ੍ਹਾਂ ਫੈਸਲਿਆਂ ਤੋਂ ਸਪੱਸ਼ਟ ਹੁੰਦਾ ਹੈ ਕਿ ਐਨਡੀਏ ਅਤੇ ਭਾਜਪਾ ਨੇ 159 ਦਿਹਾਤੀ ਹਲਕਿਆਂ ਵਿੱਚ ਆਪਣੀ ਹਾਰ ਤੋਂ ਕੋਈ ਸਬਕ ਨਹੀਂ ਸਿੱਖਿਆ ਹੈ, ਜਿਸ ਵਿੱਚ ਇਕੱਲੀ ਭਾਜਪਾ ਨੂੰ 63 ਵਿੱਚੋਂ 60 ਸੀਟਾਂ ਦਾ ਨੁਕਸਾਨ ਹੋਇਆ ਹੈ। ਕਿਸਾਨਾਂ ਨੂੰ ਕੋਈ ਭੁਲੇਖਾ ਨਹੀਂ ਹੈ ਕਿ ਬੀਜੇਪੀ ਖੇਤੀ ਵਿੱਚ ਕਾਰਪੋਰੇਟ ਨੀਤੀਆਂ ਵਿੱਚ ਕੋਈ ਬਦਲਾਅ ਕਰੇਗੀ। ਕਿਸਾਨਾਂ ਨੂੰ ਮਜ਼ਦੂਰਾਂ, ਛੋਟੇ ਵਪਾਰੀਆਂ ਅਤੇ ਛੋਟੇ ਉਤਪਾਦਕਾਂ ਨਾਲ ਹੱਥ ਮਿਲਾਉਣਾ ਚਾਹੀਦਾ ਹੈ ਅਤੇ ਪੂਰੇ ਭਾਰਤ ਵਿੱਚ ਵਿਆਪਕ, ਜੀਵੰਤ ਅਤੇ ਵਿਸ਼ਾਲ ਸੰਘਰਸ਼ਾਂ ਦੇ ਇੱਕ ਹੋਰ ਦੌਰ ਦੀ ਤਿਆਰੀ ਕਰਨੀ ਚਾਹੀਦੀ ਹੈ। ਐਸਕੇਐਮ ਲੋਕਾਂ ਦੀ ਵੱਧ ਤੋਂ ਵੱਧ ਏਕਤਾ ਪੈਦਾ ਕਰਦੇ ਹੋਏ, ਆਮ ਲੋਕਾਂ ਦੇ ਵਿਕਾਸ ਲਈ ਆਪਣੀਆਂ ਕਾਰਪੋਰੇਟ ਸੰਚਾਲਿਤ ਨੀਤੀਆਂ ਨੂੰ ਕਿਸਾਨ ਅਤੇ ਮਜ਼ਦੂਰ ਕੇਂਦਰਿਤ ਨੀਤੀਆਂ ਨਾਲ ਬਦਲਣ ਲਈ ਐਨਡੀਏ ਸਰਕਾਰ 'ਤੇ ਦਬਾਅ ਬਣਾਉਣ ਲਈ ਵਚਨਬੱਧ ਹੈ। ਇਸ ਸੰਦਰਭ ਵਿੱਚ, ਐਸਕੇਐਮ ਨੇ ਚੋਣਾਂ ਤੋਂ ਬਾਅਦ ਦੇ ਦ੍ਰਿਸ਼ ਦਾ ਮੁਲਾਂਕਣ ਕਰਨ ਲਈ 10 ਜੁਲਾਈ 2024 ਨੂੰ ਨਵੀਂ ਦਿੱਲੀ ਵਿੱਚ ਆਪਣੀ ਜਨਰਲ ਬਾਡੀ ਦੀ ਮੀਟਿੰਗ ਨਿਸ਼ਚਿਤ ਕੀਤੀ ਹੈ। ਇਸ ਮੀਟਿੰਗ ਵਿੱਚ ਦੇਸ਼ ਭਰ ਦੇ ਵੱਖ-ਵੱਖ ਰਾਜਾਂ ਤੋਂ ਐਸਕੇਐਮ ਦੀਆਂ ਕਿਸਾਨ ਜਥੇਬੰਦੀਆਂ ਦੇ ਆਗੂ ਸ਼ਾਮਲ ਹੋਣਗੇ। ਐਸਕੇਐਮ ਨੇ ਇਤਿਹਾਸਕ ਕਿਸਾਨ ਅੰਦੋਲਨ ਵਿਰੁੱਧ ਸੰਸਦ ਮੈਂਬਰ ਕੰਗਨਾ ਰਣੌਤ ਦੇ ਹੰਕਾਰੀ ਅਤੇ ਭੈੜੇ ਬਿਆਨਾਂ ਦੀ ਆਲੋਚਨਾ ਕੀਤੀ। ਐਸਕੇਐਮ ਦਾ ਇੱਕ ਵਫ਼ਦ 13 ਜੂਨ 2024 ਨੂੰ ਲਖੀਮਪੁਰ ਖੇੜੀ ਦੇ ਸ਼ਹੀਦਾਂ ਦੇ ਪਰਿਵਾਰਾਂ ਨੂੰ ਮਿਲੇਗਾ ਅਤੇ ਭਾਜਪਾ ਦੀ ਅਗਵਾਈ ਵਾਲੀ ਸੂਬਾ ਸਰਕਾਰ ਦੁਆਰਾ ਇਸ ਘਟਨਾ ਵਿੱਚ ਗਲਤ ਤਰੀਕੇ ਨਾਲ ਫਸਾਏ ਗਏ ਕਿਸਾਨਾਂ ਨੂੰ ਕਾਨੂੰਨੀ ਸਹਾਇਤਾ ਜਾਰੀ ਰੱਖਣ ਨੂੰ ਯਕੀਨੀ ਬਣਾਏਗਾ।

**ਖੇਤੀਬਾੜੀ ਨੂੰ ਕਾਰਪੋਰੇਟ ਹਮਲੇ ਤੋਂ ਬਚਾਉਣ ਅਤੇ ਨੀਤੀਆਂ ਬਦਲਣ ਲਈ ਕਿਸਾਨੀ ਸੰਘਰਸ਼ ਨੂੰ ਮੁੜ ਸੁਰਜੀਤ ਕਰਨ ਲਈ ਹੋਣਗੇ ਵਿਚਾਰ**

ਆਵਾਜ਼ਿ ਕੌਮ AWAZE QAUM International Newspaper & WEB TV

## ਸਿਆਸੀ ਜਮਾਤਾਂ ਦੇਸ਼ ਨਿਵਾਸੀਆਂ ਨਾਲ ਝੂਠੇ ਵਾਅਦੇ ਕਰਕੇ, ਜਮਹੂਰੀਅਤ ਕਦਰਾਂ ਕੀਮਤਾਂ ਦਾ ਪੂਰਨ ਰੂਪ ਵਿਚ ਜਨਾਜ਼ਾ ਕੱਢਣ ਵਿਚ ਬਣ ਰਹੀਆ ਹਨ ਭਾਗੀ: ਮਾਨ



ਨਵੀਂ ਦਿੱਲੀ, 12 ਜੂਨ (ਮਨਪ੍ਰੀਤ ਸਿੰਘ ਖਾਲਸਾ) :- ਸ. ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਮੌਜੂਦਾ ਕੌਮੀ ਸਿਆਸੀ ਪਾਰਟੀਆ ਵੱਲੋ ਆਪਣੇ ਨਿਵਾਸੀਆ ਨਾਲ ਸਮੇ-ਸਮੇ ਤੇ ਆਪਣੇ ਰਾਜ ਭਾਗ ਦੀ ਉਮਰ ਨੂੰ ਲੰਮਾਂ ਕਰਨ ਦੀ ਸਵਾਰਥੀ ਸੋਚ ਹਿੱਤ ਝੂਠੇ ਵਾਅਦੇ ਕਰਕੇ ਇਥੋ ਦੇ ਮਾਹੌਲ ਨੂੰ ਗੈਰ ਸਮਾਜਿਕ ਅਤੇ ਗੈਰ ਇਖਲਾਕੀ ਬਣਾਉਣ ਦੀਆਂ ਕਾਰਵਾਈਆ ਉਤੇ ਗਹਿਰਾ ਦੁੱਖ ਜਾਹਰ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਕਿੰਨੇ ਅਫਸੋਸ ਅਤੇ ਸਰਮ ਵਾਲੀ ਗੱਲ ਹੈ ਕਿ ਸੁਪਰੀਮ ਕੋਰਟ ਦੇ ਮੁੱਖ ਜੱਜ ਅਹੁਦੇ ਤੇ ਬਿਰਾਜਮਾਨ ਲੋਕ ਵੀ ਇਨ੍ਹਾਂ ਸਿਆਸੀ ਪਾਰਟੀਆ ਦੇ ਕੋਲ ਵਿਕਣ ਲੱਗ ਪਏ ਹਨ । ਜਿਵੇਕਿ ਜਸਟਿਸ ਗੰਗੋਈ ਜੋ ਸੁਪਰੀਮ ਕੋਰਟ ਦੇ ਮੁੱਖ ਜੱਜ ਰਹਿ ਚੁੱਕੇ ਹਨ । ਉਨ੍ਹਾਂ ਨੂੰ ਹੁਕਮਰਾਨਾਂ ਨੇ ਰਾਮ ਮੰਦਰ-ਮਸਜਿਦ ਦੇ ਚੱਲ ਰਹੇ ਕੇਸ ਵਿਚ ਮੰਦਰ ਦੇ ਹੱਕ ਵਿਚ ਫੈਸਲਾ ਕਰਨ ਲਈ ਲਾਲਚ ਦਿੱਤਾ ਗਿਆ । ਜਦੋ ਜਸਟਿਸ ਗੰਗੋਈ ਨੇ ਸਭ ਕਦਰਾਂ ਕੀਮਤਾਂ, ਕਾਨੂੰਨੀ ਪ੍ਰਕਿਰਿਆ ਨੂੰ ਨਜਰਅੰਦਾਜ ਕਰਕੇ ਰਾਮ ਮੰਦਰ ਦੇ ਹੱਕ ਵਿਚ ਫੈਸਲਾ ਕਰ ਦਿੱਤਾ ਤਾਂ ਉਨ੍ਹਾਂ ਦੀ ਰਿਟਾਇਰਮੈਟ ਹੋਣ ਉਪਰੰਤ ਇਵਜਾਨੇ ਵੱਜੋ ਉਨ੍ਹਾਂ ਨੂੰ ਰਾਜ ਸਭਾ ਦਾ ਮੈਬਰ ਬਣਾ ਦਿੱਤਾ ਗਿਆ । ਜਦੋ ਚੀਫ ਜਸਟਿਸ ਵਰਗੀ ਸਖਸੀਅਤ ਹੀ ਹੁਕਮਰਾਨਾਂ ਵੱਲੋ ਖਰੀਦ ਲਈ ਜਾਂਦੀ ਹੈ ਫਿਰ ਇਥੇ ਜਮਹੂਰੀਅਤ ਕਿਥੇ ਬਾਕੀ ਰਹਿ ਜਾਂਦੀ ਹੈ। ਅਜਿਹੇ ਅਮਲ ਤਾਂ ਨਿਰਪੱਖਤਾ ਤੇ ਜਮਹੂਰੀਅਤ ਲਈ ਵੱਡਾ ਖਤਰਾ ਹਨ। ਉਨ੍ਹਾਂ ਲਹਿੰਦੇ ਵਾਲੇ ਜਮਹੂਰੀਅਤ ਪਸ਼ੰਦ ਮੁਲਕਾਂ ਨੂੰ, ਇੰਡੀਆਂ ਦੇ ਸਮਾਜਿਕ ਅਤੇ ਜਮਹੂਰੀਅਤ ਵਿਗੜਦੇ ਜਾ ਰਹੇ ਮਾਹੌਲ ਅਤੇ ਖਤਰੇ ਨੂੰ ਭਾਪਦੇ ਹੋਏ ਸੰਜੀਦਾ ਅਪੀਲ ਕਰਦੇ ਹੋਏ ਕਿਹਾ ਕਿ ਇਸ ਗੰਭੀਰ ਵਿਸੇ ਉਤੇ ਇਨ੍ਹਾਂ ਸਭ ਜਮਹੂਰੀਅਤ ਪਸ਼ੰਦ ਮੁਲਕਾਂ ਨੂੰ ਇੰਡੀਆ ਦੇ ਤਾਨਾਸਾਹ ਅਤੇ ਗੈਰ ਵਿਧਾਨਿਕ ਕਾਰਵਾਈਆ ਕਰਨ ਵਾਲੇ ਹੁਕਮਰਾਨਾਂ ਵਿਰੁੱਧ, ਮਨੁੱਖੀ ਹੱਕਾਂ ਦੀ ਸਹੀ ਮਾਇਨਿਆ ਵਿਚ ਰਾਖੀ ਕਰਨ ਹਿੱਤ ਕੌਮਾਂਤਰੀ ਕਾਨੂੰਨਾਂ, ਨਿਯਮਾਂ ਅਨੁਸਾਰ ਤੁਰੰਤ ਅੱਗੇ ਆਉਣਾ ਚਾਹੀਦਾ ਹੈ । ਇੰਡੀਆ ਵਿਚ ਜਮਹੂਰੀਅਤ ਦਾ ਘਾਣ ਹੋਣ ਦੇ ਵੱਧਦੇ ਜਾ ਰਹੇ ਖਤਰੇ ਨੂੰ ਰੋਕਣ ਲਈ ਆਪਣੀਆ ਇਨਸਾਨੀਅਤ ਤੇ ਮਨੁੱਖਤਾ ਪੱਖੀ ਸੋਚ ਅਨੁਸਾਰ ਅਮਲ ਕਰਨੇ ਚਾਹੀਦੇ ਹਨ ਤਾਂ ਕਿ ਇਹ ਸਿਆਸੀ ਜਮਾਤਾਂ ਆਪਣੇ ਸਵਾਰਥੀ ਰਾਜ ਭਾਗ ਪ੍ਰਾਪਤ ਕਰਨ ਵਾਲੇ ਹਿੱਤਾ ਅਧੀਨ ਇੰਡੀਆ ਦੀ ਜਮਹੂਰੀਅਤ ਲਈ ਹੋਰ ਨੁਕਸਾਨ ਨਾ ਕਰ ਸਕਣ ਅਤੇ ਇਥੋ ਦੇ ਨਿਵਾਸੀ ਇਨ੍ਹਾਂ ਛੋਟੀਆ-ਛੋਟੀਆ ਲਾਲਸਾਵਾ ਵਿਚ ਗ੍ਰਸਤ ਹੋ ਕੇ ਇਥੋ ਦੀ ਵਿਧਾਨਿਕ ਆਜਾਦੀ ਅਤੇ ਮਨੁੱਖੀ ਆਜਾਦੀ ਨੂੰ ਖਤਮ ਕਰਨ ਵਿਚ ਗੁੰਮਰਾਹ ਨਾ ਹੋ ਸਕਣ ।

ਆਵਾਜ਼ਿ ਕੌਮ AWAZE QAUM International Newspaper & WEB TV

### ਡੀ.ਸੀ ਜਤਿੰਦਰ ਜੋਰਵਾਲ ਦੀਆਂ ਹਦਾਇਤਾਂ 'ਤੇ ਸਿਹਤ ਵਿਭਾਗ ਦੀਆਂ ਟੀਮਾਂ ਵੱਲੋਂ ਤੜਕਸਾਰ ਡੇਅਰੀਆਂ ਅਤੇ ਦੁਕਾਨਾਂ 'ਤੇ ਛਾਪਾਮਾਰੀ

# ਧੂਰੀ ਨੇੜਲੇ ਕਈ ਪਿੰਡਾਂ ਵਿੱਚੋਂ ਦੁੱਧ, ਦੇਸੀ ਘਿਓ ਸਮੇਤ ਹੋਰ ਵਸਤਾਂ ਦੇ ਲਏ ਸੈਂਪਲ



**ਧੂਰੀ/ਸੰਗਰੂਰ ( ਰਣਜੀਤ ਸਿੰਘ ਪੇਧਨੀ)**-ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਵੱਲੋਂ ਸਿਹਤ ਵਿਭਾਗ ਦੇ ਅਧਿਕਾਰੀਆਂ ਨੂੰ ਦੁੱਧ ਜਾਂ ਦੁੱਧ ਨਾਲ ਬਣਨ ਵਾਲੀਆਂ ਵਸਤਾਂ ਦੀ ਮਿਲਾਵਟਖੋਰੀ ਨੂੰ ਸੌ ਫੀਸਦੀ ਠੱਲ੍ਹ ਪਾਉਣ ਦੇ ਦਿੱਤੇ ਸਖ਼ਤ ਦਿਸ਼ਾ ਨਿਰਦੇਸ਼ਾਂ ਤਹਿਤ ਅੱਜ ਜ਼ਿਲ੍ਹਾ ਸਿਹਤ ਅਫ਼ਸਰ ਡਾ. ਬਲਜੀਤ ਸਿੰਘ ਦੀ ਅਗਵਾਈ ਹੇਠਲੀ ਟੀਮ ਨੇ ਧੂਰੀ ਦੇ ਪਿੰਡਾਂ ਬੰਗਾਵਾਲੀ, ਧਾਂਦਰਾ, ਘਨੌਰ ਕਲਾਂ, ਬਮਾਲ ਆਦਿ ਵਿਖੇ ਡੇਅਰੀਆਂ ਅਤੇ ਦੁਕਾਨਾਂ 'ਤੇ ਤੜਕਸਾਰ ਛਾਪਾਮਾਰੀ ਕੀਤੀ ਅਤੇ ਇਸ ਦੌਰਾਨ ਵੱਖ-ਵੱਖ ਥਾਈਂ ਦੁੱਧ, ਸਰੋਂ ਦੇ ਤੇਲ, ਦੇਸੀ ਘਿਓ, ਮਿਰਚ ਪਾਊਡਰ ਤੇ ਚਟਨੀ ਦੇ ਸੈਂਪਲ ਲਏ ਗਏ। ਅੱਜ ਦੀ ਕਾਰਵਾਈ ਬਾਰੇ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਸਿਹਤ ਅਫ਼ਸਰ ਡਾ. ਬਲਜੀਤ ਸਿੰਘ ਨੇ ਦੱਸਿਆ ਕਿ ਜਿਹੜੇ ਦੁਕਾਨਦਾਰਾਂ ਤੇ ਡੇਅਰੀ ਮਾਲਕਾਂ ਵੱਲੋਂ ਆਪਣੇ ਨਿੱਜੀ ਹਿੱਤਾਂ ਦੀ ਪੂਰਤੀ ਅਤੇ ਵਿੱਤੀ ਫਾਇਦਿਆਂ ਲਈ ਮਿਲਾਵਟੀ ਸਮਾਨ ਦੀ ਵਿਕਰੀ ਕਰਕੇ ਲੋਕਾਂ ਦੀ ਸਿਹਤ ਨਾਲ ਖਿਲਵਾੜ ਕੀਤਾ ਜਾ ਰਿਹਾ ਹੈ ਉਨ੍ਹਾਂ ਵਿਰੁੱਧ ਸਖ਼ਤ ਕਾਰਵਾਈ ਕਰਨ ਦੇ ਮਿਲੇ ਆਦੇਸ਼ਾਂ ਤੋਂ ਬਾਅਦ ਸਿਹਤ ਵਿਭਾਗ ਦੀਆਂ ਚੌਕਸੀ ਟੀਮਾਂ ਪੂਰੀ ਤਰ੍ਹਾਂ ਮੁਸਤੈਦ ਹਨ।ਉਨ੍ਹਾਂ ਕਿਹਾ ਕਿ ਜ਼ਿਲ੍ਹੇ ਦੀਆਂ ਵੱਖ ਵੱਖ ਸਬ ਡਵੀਜਨਾਂ ਵਿੱਚ ਸਮੇਂ ਸਮੇਂ 'ਤੇ ਅਚਨਚੇਤ ਛਾਪਾਮਾਰੀ ਕਰਕੇ ਦੋਸ਼ੀ ਪਾਏ ਜਾਣ ਵਾਲੇ ਵਿਅਕਤੀਆਂ ਖਿਲਾਫ਼ ਕਾਨੂੰਨੀ ਕਾਰਵਾਈ ਅਮਲ ਵਿੱਚ ਲਿਆਂਦੀ ਜਾ ਰਹੀ ਹੈ। ਉਨ੍ਹਾਂ ਦੱਸਿਆ ਕਿ ਸੈਂਪਲ ਜਾਂਚ ਲਈ ਸਟੇਟ ਫੂਡ ਲੈਬਾਰਟਰੀ ਖਰੜ ਵਿਖੇ ਭੇਜੇ ਗਏ ਹਨ ਅਤੇ ਰਿਪੋਰਟ ਪ੍ਰਾਪਤ ਹੋਣ 'ਤੇ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਜਾਂਚ ਟੀਮ ਵਿਚ ਐਫ ਐਸ ਓ ਦਿਵਿਆਜੋਤ ਕੌਰ ਵੀ ਸ਼ਾਮਿਲ ਸਨ। ਇਸੇ ਦੌਰਾਨ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਕਿਹਾ ਕਿ ਖਾਣ-ਪੀਣ ਦੀਆਂ ਵਸਤਾਂ ਵਿੱਚ ਮਿਲਾਵਟਖੋਰੀ ਇੱਕ ਬੇਹੱਦ ਚਿੰਤਾਜਨਕ ਰੁਝਾਨ ਹੈ ਜਿਸ ਨੂੰ ਰੋਕਣ ਲਈ ਸਖ਼ਤ ਕਦਮ ਪੁੱਟੇ ਜਾ ਰਹੇ ਹਨ।ਉਨ੍ਹਾਂ ਮਿਲਾਵਟਖੋਰੀ ਕਰਨ ਵਾਲੇ ਸ਼ਰਾਰਤੀ ਅਨਸਰਾਂ ਨੂੰ ਸਖਤ ਤਾੜਨਾ ਕਰਦਿਆਂ ਇਸ ਮਾੜੇ ਰੁਝਾਨ ਨੂੰ ਬੰਦ ਕਰਨ ਦੀ ਹਦਾਇਤ ਕੀਤੀ ਹੈ ਤਾਂ ਜੋ ਕਿਸੇ ਵੀ ਕੀਮਤੀ ਜਾਨ ਨਾਲ ਖਿਲਵਾੜ ਨਾ ਹੋ ਸਕੇ।

ਆਵਾਜ਼ਿ ਕੌਮ AWAZE QAUM International Newspaper & WEB TV





## ਜਨਮ ਦਿਨ ਮੁਬਾਰਕ



**ਏਕਮਜੋਤ ਸਿੰਘ**
ਪਿਤਾ : ਜਤਿੰਦਰ ਸਿੰਘ
ਮਾਤਾ : ਸਨਦੀਪ ਕੌਰ
ਮਹਿਤਾ ਚੌਕ

ਆਵਾਜ਼ਿ ਕੌਮ AWAZE QAUM International Newspaper & WEB TV

### ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਸਮੂਹ ਸ਼ਹੀਦਾਂ ਸਿੰਘਾਂ ਦੇ

# ਸ਼ਹੀਦੀ ਦਿਹਾੜੇ ਸਮਰਪਿਤ ਮਹਾਨ ਗੁਰਮਤਿ ਸਮਾਗਮ

## ਇੰਟਰਨੈਸ਼ਨਲ ਪੰਥਕ ਦਲ ਅਤੇ ਹੋਰ ਪੰਥਕ ਸ਼ਖਸ਼ੀਅਤਾਂ ਨੇ ਭਰੀ ਹਾਜ਼ਰੀ












(ਹੋਰ ਤਸਵੀਰਾਂ ਅਗਲੇ ਪੰਨਿਆਂ 'ਤੇ)

**ਤਰਨਤਾਰਨ, (ਮਨਪ੍ਰੀਤ ਸਿੰਘ ਵਾੜਾ ਸ਼ੇਰ ਸਿੰਘ)**-ਜੂਨ 1984 ਦੇ ਘੱਲੂਘਾਰੇ ਵਿੱਚ ਸ਼੍ਰੀ ਅਕਾਲ ਤਖਤ ਸਾਹਿਬ ਵਿਖੇ 20ਵੀਂ ਸਦੀ ਦੇ ਮਹਾਨ ਸਿੱਖ ਜਰਨੈਲ ਸੰਤ ਗਿਆਨੀ ਜਰਨੈਲ ਸਿੰਘ ਜੀ ਖਾਲਸਾ ਭਿੰਡਰਾਂ ਵਾਲਿਆਂ ਦੀ ਅਗਵਾਈ ਵਿੱਚ ਜੂਝ ਕੇ ਸ਼ਹਾਦਤ ਦਾ ਜਮ ਪੀਣ ਵਾਲੇ ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਸਮੂਹ ਸ਼ਹੀਦਾ ਸਿੰਘਾਂ ਦੀ ਯਾਦ ਵਿੱਚ ਸ਼ਹੀਦੀ ਸਮਾਗਮ ਨਗਰ ਵਾੜਾ ਸ਼ੇਰ ਸਿੰਘ ਜਿਲਾ ਤਰਨ ਤਾਰਨ ਵਿਖੇ ਖਾਲਸਾਈ ਸ਼ਾਨੋ ਸ਼ੌਕਤ ਨਾਲ ਕਰਵਾਇਆ ਗਿਆ।ਸ਼ਹੀਦ ਭਾਈ ਸਰਵਣ ਸਿੰਘ ਜੀ ਦੇ ਗ੍ਰਹਿ ਵਿਖੇ ਸ੍ਰੀ ਸਹਿਜ ਪਾਠ ਸਾਹਿਬ ਜੀ ਦੇ ਭੋਗ ਪਾਏ ਗਏ ਉਪਰੰਤ ਗੁਰਦੁਆਰਾ ਧੰਨ ਧੰਨ ਬਾਬਾ ਬੀਰ ਸਿੰਘ ਜੀ ਵਿਖੇ ਪੰਡਾਲ ਸਜੇ।ਸ਼੍ਰੀ ਹਰਿਮੰਦਰ ਸਾਹਿਬ ਜੀ ਦੇ ਹਜੂਰੀ ਰਾਗੀ ਭਾਈ ਜਸ਼ਨਪ੍ਰੀਤ ਸਿੰਘ ਜੀ ਦੇ ਜਥੇ ਵੱਲੋਂ ਮਨੋਹਰ ਗੁਰਬਾਣੀ ਦੇ ਕੀਰਤਨ ਨਾਲ ਸੰਗਤਾਂ ਨੂੰ ਨਿਹਾਲ ਕੀਤਾ।ਸੰਤ ਬਾਬਾ ਪ੍ਰਤਾਪ ਸਿੰਘ ਜੀ ਗੋਬਿੰਦ ਬਾਗ ਵਾਲਿਆਂ ਨੇ ਸ਼ਬਦ ਧਾਰਨਾ ਰਾਹੀਂ ਨਿਹਾਲ ਕੀਤਾ। ਇਸ ਤੋਂ ਬਾਅਦ ਸਿੱਖ ਕੌਮ ਦਾ ਮਹਾਨ ਢਾਡੀ ਜਥਾ ਬੀਬੀ ਦਲੇਰ ਕੌਰ ਜੀ ਵੱਲੋਂ ਜੋਧੇ ਸੂਰਬੀਰਾਂ ਦੀਆਂ ਢਾਡੀ ਵਾਰਾਂ ਸੁਣਾ ਕੇ ਸੰਗਤਾਂ ਵਿੱਚ ਜੋਸ਼ ਭਰਿਆ।ਸਮਾਗਮ ਵਿੱਚ ਆਏ ਇੰਟਰਨੈਸ਼ਨਲ ਪੰਥਕ ਦਲ ਅਤੇ ਪੰਥਕ ਸ਼ਖਸ਼ੀਅਤਾਂ ਅਤੇ ਸੰਤਾਂ ਮਹਾਂਪੁਰਖਾਂ ਨੇ ਆਪਣੀ ਹਾਜ਼ਰੀ ਭਰੀ ਜਿਸ ਵਿਚ ਸੰਤ ਬਾਬਾ ਅਵਤਾਰ ਸਿੰਘ ਜੀ ਸੁਰ ਸਿੰਘ ਵਾਲੇ, ਸੰਤ ਬਾਬਾ ਜਸਵੰਤ ਸਿੰਘ ਜੀ ਸੋਢੀ ਆਸਲ ਉਤਾੜ ਵਾਲੇ, ਸੰਤ ਬਾਬਾ ਬਲਵਿੰਦਰ ਸਿੰਘ ਜੀ ਮਾੜੀ ਕੰਬੋਕੇ ਵਾਲੇ ਵਿਸ਼ੇਸ਼ ਤੌਰ ਤੇ ਪਹੁੰਚੇ। ਸਮਾਗਮ ਵਿੱਚ ਇੰਟਰਨੈਸ਼ਨਲ ਪੰਥਕ ਦਲ ਵੱਲੋਂ ਸੰਤ ਬਾਬਾ ਜਤਿੰਦਰ ਸਿੰਘ ਜੀ ਗੋਬਿੰਦ ਬਾਗ ਵਾਲੇ ਕਾਰਜ ਕਰੀ ਪੰਜਾਬ ਪ੍ਰਧਾਨ, ਸੰਤ ਬਾਬਾ ਸਤਨਾਮ ਸਿੰਘ ਜੀ ਵੱਲੀਆਂ ਪੰਜਾਬ ਪ੍ਰਧਾਨ ਧਾਰਮਿਕ ਵਿੰਗ, ਜਥੇਦਾਰ ਵਜ਼ੀਰ ਸਿੰਘ ਜੀ ਵਾਂ ਬਾਬਾ ਤਾਰਾ ਸਿੰਘ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ ਧਾਰਮਿਕ ਵਿੰਗ, ਭਾਈ ਜੋਗਿੰਦਰ ਸਿੰਘ ਜੀ ਸ਼ਾਮ ਸਿੰਘ ਵਾਲਾ ਮੀਤ ਪ੍ਰਧਾਨ ਪੰਜਾਬ, ਭਾਈ ਮਲਕੀਤ ਸਿੰਘ ਜੀ ਜ਼ਿਲ੍ਹਾ ਪ੍ਰਧਾਨ ਫਿਰੋਜ਼ਪੁਰ, ਭਾਈ ਕਾਰਜ ਸਿੰਘ ਜੀ ਡਲੀਰੀ ਜਿਲਾ ਪ੍ਰਧਾਨ ਤਰਨ ਤਾਰਨ, ਭਾਈ ਪਿੱਪਲ ਸਿੰਘ ਜੀ ਜ਼ਿਲ੍ਹਾ ਪ੍ਰਧਾਨ, ਭਾਈ ਮਨਪ੍ਰੀਤ ਸਿੰਘ ਜੀ ਸੈਦੋਲੇਹਲ ਇਕਾਈ ਪ੍ਰਧਾਨ, ਭਾਈ ਗੁਰਭੇਜ ਸਿੰਘ ਜੀ ਜ਼ਿਲ੍ਹਾ ਪ੍ਰਧਾਨ ਤਰਨ ਤਾਰਨ, ਭਾਈ ਰਜਿੰਦਰ ਸਿੰਘ ਜੀ ਰਾਜਾ ਜ਼ਿਲ੍ਹਾ ਪ੍ਰਧਾਨ ਗੁਰਦਾਸਪੁਰ, ਭਾਈ ਈਸ਼ਰ ਸਿੰਘ ਜੀ ਸੀਨੀਅਰ ਮੀਤ ਪ੍ਰਧਾਨ ਅੰਮ੍ਰਿਤਸਰ ਧਾਰਮਿਕ ਵਿੰਗ ਅਤੇ ਹੋਰ ਸਮੂਹ ਵਰਕਰ ਸਾਹਿਬਾਨ ਵਿਸ਼ੇਸ਼ ਤੌਰ ਤੇ ਪਹੁੰਚੇ। ਇਸੇ ਤਰ੍ਹਾਂ ਸਮੂਹ ਪੰਥਕ ਸ਼ਖਸੀਅਤਾਂ ਵੱਲੋਂ ਸ਼ਹੀਦ ਭਾਈ ਸਰਵਣ ਸਿੰਘ ਜੀ ਦੀ ਧਰਮ ਪਤਨੀ ਬੀਬੀ ਗੁਰਵਿੰਦਰ ਕੌਰ ਜੀ ਦਾ ਵਿਸ਼ੇਸ਼ ਤੌਰ ਤੇ ਸਨਮਾਨ ਕੀਤਾ ਗਿਆ। ਸਟੇਜ ਸੈਕਟਰੀ ਦੀ ਸੇਵਾ ਇੰਟਰਨੈਸ਼ਨਲ ਪੰਥਕ ਦਲ ਦੇ ਚੀਫ ਐਡਵਾਈਜ਼ਰ ਪੰਜਾਬ ਬਾਬਾ ਸੱਜਣ ਸਿੰਘ ਜੀ ਵਾੜਾ ਸ਼ੇਰ ਸਿੰਘ ਵਾਲਿਆਂ ਨੇ ਨਿਭਾਈ।ਆਈਆਂ ਸੰਗਤਾਂ ਵਾਸਤੇ ਗੁਰੂ ਕਾ ਲੰਗਰ ਅਤੁੱਟ ਵਰਤਿਆ।ਸ਼ਹੀਦੀ ਦਿਹਾੜੇ ਸਮਾਗਮ ਵਿੱਚ ਸ਼ਹੀਦ ਭਾਈ ਬੇਅੰਤ ਸਿੰਘ ਜੀ ਦੇ ਸਪੁੱਤਰ ਭਾਈ ਸਰਬਜੀਤ ਸਿੰਘ ਜੀ ਦੀ ਧਰਮਪਤਨੀ ਬੀਬੀ ਸੰਦੀਪ ਕੌਰ ਅਤੇ ਭਾਈ ਅੰਮ੍ਰਿਤਪਾਲ ਸਿੰਘ ਜੀ ਦੇ ਪਿਤਾ ਸ੍ਰ ਤਰਸੇਮ ਸਿੰਘ ਜੀ ਵਿਸ਼ੇਸ਼ ਤੌਰ ਤੇ ਪਹੁੰਚ ਕੇ ਆਪਣੀ ਹਾਜ਼ਰੀ ਲਗਵਾਈ ਅਤੇ ਸੰਗਤਾਂ ਨਾਲ ਕੁਝ ਵਿਚਾਰ ਸਾਂਝੇ ਕੀਤੇ। ਇਸ ਮੌਕੇ ਸ੍ਰ ਚਾਨਣ ਸਿੰਘ ਸਰਪੰਚ, ਬਾਬਾ ਗੁਰਸਾਹਿਬ ਸਿੰਘ ਜੀ ਮੁੱਖ ਸੇਵਾਦਾਰ ਸਮਾਗਮ ਸੇਵਕ ਵਰਨਾਲਾ, ਡਾਕਟਰ ਗੁਰਬਖਸ਼ ਸਿੰਘ, ਬਾਬਾ ਹਰਦੇਵ ਸਿੰਘ ਜੀ ਇਕਾਈ ਪ੍ਰਧਾਨ ਭੈਣੀ ਮੱਸਾ ਸਿੰਘ, ਬਾਬਾ ਦਇਆ ਸਿੰਘ , ਸ੍ਰ ਪਿਆਰਾ ਸਿੰਘ ਸ੍ਰ ਮਹਿੰਦਰ ਪਾਲ ਸਿੰਘ ਇਸ ਪੁੱਤਰ ਸ਼ਹੀਦ ਭਾਈ ਸਰਵਣ ਸਿੰਘ ਜੀ, ਜਥੇਦਾਰ ਦੇਵਾ ਸਿੰਘ ਜੀ, ਰਮਨਬੀਰ ਸਿੰਘ ਨੰਬਰਦਾਰ, ਗੁਰਦੇਵ ਸਿੰਘ ਸਪੁੱਤਰ ਕਰਮ ਸਿੰਘ, ਹਰਦੇਵ ਸਿੰਘ ਸਪੱਤਰ ਹਰਜੀਤ ਸਿੰਘ, ਬਾਬਾ ਜਰਨੈਲ ਸਿੰਘ ਜੀ, ਸ੍ਰ ਲਖਵਿੰਦਰ ਸਿੰਘ ਫਿਰੋਜ਼ਪੁਰ, ਭਾਈ ਨਿਰਮਲ ਸਿੰਘ ਜੀ ਸਪੁੱਤਰ ਸ਼ਹੀਦ ਭਾਈ ਰਸਾਲ ਸਿੰਘ ਜੀ,ਰਿੰਕੂ ਮੋਗਾ, ਸ੍ਰ ਦਇਆ ਸਿੰਘ ਮਲੂਕਾ, ਜਥੇਦਾਰ ਅਰੂੜ ਸਿੰਘ ਭਰਾਤਾ ਸ਼ਹੀਦ ਭਾਈ ਸਰਵਣ ਸਿੰਘ, ਗੁਰਸੇਵਕ ਸਿੰਘ ਸੁਖਦੇਵ ਸਿੰਘ ਜਸਵੰਤ ਸਿੰਘ ਸਤਨਾਮ ਸਿੰਘ ਭਤੀਜੇ ਸ਼ਹੀਦ ਭਾਈ ਸਰਵਣ ਸਿੰਘ, ਸ੍ਰ ਸੁਖਦੇਵ ਸਿੰਘ ਮੈਂਬਰ, ਭਾਈ ਗੁਰਵਿੰਦਰ ਸਿੰਘ ਕਾਮੀ ਖੁਰਦ, ਸ੍ਰ ਅਮਰਜੀਤ ਸਿੰਘ ਰੋਡੇ , ਗੁਰਪ੍ਰੀਤ ਸਿੰਘ ਸੰਗਰੂਰ , ਸ੍ਰ ਨਿਸ਼ਾਨ ਸਿੰਘ, ਸ੍ਰ ਗੁਰਜੀਤ ਸਿੰਘ ਅਤੇ ਹੋਰ ਬੇਅੰਤ ਪਤਵੰਤੇ ਹਾਜਰ ਸਨ।

ਆਵਾਜ਼ਿ ਕੌਮ
AWAZE QAUM
International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

ਸ਼ਹੀਦ ਭਾਈ ਸਰਵਣ ਸਿੰਘ ਜੀ ਵਾੜਾ ਸ਼ੇਰ ਸਿੰਘ ਅਤੇ ਸਮੂਹ ਸ਼ਹੀਦਾਂ ਸਿੰਘਾਂ ਦੇ

# ਸ਼ਹੀਦੀ ਦਿਹਾੜੇ ਸਮਰਪਿਤ ਮਹਾਨ ਗੁਰਮਤਿ ਸਮਾਗਮ

## ਇੰਟਰਨੈਸ਼ਨਲ ਪੰਥਕ ਦਲ ਅਤੇ ਹੋਰ ਪੰਥਕ ਸ਼ਖਸ਼ੀਅਤਾਂ ਨੇ ਭਰੀ ਹਾਜ਼ਰੀ










ਆਵਾਜ਼ਿ ਕੌਮ AWAZE QAUM International Newspaper & WEB TV




ਆਵਾਜ਼ਿ ਕੌਮ AWAZE QAUM International Newspaper & WEB TV
ਸਿੱਖ ਕੌਮ ਅਤੇ ਪੰਜਾਬੀਅਤ ਦਾ ਪਹਿਰੇਦਾਰ
ਆਵਾਜ਼ਿ ਕੌਮ
ਵਿੱਚ ਵਿਸ਼ਵ ਪੱਧਰ 'ਤੇ ਇਸ਼ਤਿਹਾਰ ਦੇਣ ਲਈ ਸੰਪਰਕ ਕਰੋ :
+447458381111 +447976210161 +919729091243

### ਪੰਜਾਬ ਸਰਕਾਰ ਦੀਆਂ ਭਲਾਈ ਯੋਜਨਾਵਾਂ ਤੇ ਲੋਕ ਪੱਖੀ ਫੈਸਲਿਆਂ ਨੂੰ

# ਜ਼ਮੀਨੀ ਪੱਧਰ 'ਤੇ ਲਾਗੂ ਕੀਤਾ ਜਾਵੇ: ਜਤਿੰਦਰ ਜੋਰਵਾਲ



ਡਿਪਟੀ ਕਮਿਸ਼ਨਰ ਵੱਲੋਂ ਨਾਗਰਿਕਾਂ ਨੂੰ ਸਰਕਾਰੀ ਸੇਵਾਵਾਂ ਪ੍ਰਦਾਨ ਕਰਨ 'ਚ ਬਿਨਾਂ ਵਜ੍ਹਾ ਦੇਰੀ ਕਰਨ ਵਾਲਿਆਂ ਨੂੰ ਸਖ਼ਤ ਤਾੜਨਾ

**ਸੰਗਰੂਰ, ( ਰਣਜੀਤ ਸਿੰਘ ਪੇਧਨੀ)**-ਅੱਜ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਵੱਖ-ਵੱਖ ਵਿਕਾਸ ਕਾਰਜਾਂ ਤੇ ਭਲਾਈ ਯੋਜਨਾਵਾਂ ਨੂੰ ਜ਼ਿਲ੍ਹਾ ਸੰਗਰੂਰ ਵਿਖੇ ਜ਼ਮੀਨੀ ਪੱਧਰ 'ਤੇ ਲਾਗੂ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ ਦਾ ਜਾਇਜ਼ਾ ਲੈਂਦਿਆਂ ਡਿਪਟੀ ਕਮਿਸ਼ਨਰ ਜਤਿੰਦਰ ਜੋਰਵਾਲ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠਲੀ ਪੰਜਾਬ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਲੋਕ ਪੱਖੀ ਯੋਜਨਾਵਾਂ ਨੂੰ ਸਫ਼ਲਤਾ ਨਾਲ ਲਾਗੂ ਕਰਨ ਵਿੱਚ ਕੋਈ ਕਸਰ ਬਾਕੀ ਨਾ ਛੱਡੀ ਜਾਵੇ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਕਾਰ, ਨਾਗਰਿਕਾਂ ਨੂੰ ਸਰਵੋਤਮ ਪ੍ਰਸ਼ਾਸਨਿਕ ਸੇਵਾਵਾਂ ਮੁਹੱਈਆ ਕਰਵਾਉਣ ਦੇ ਦਿਸ਼ਾ ਵਿੱਚ ਅਨੇਕਾਂ ਅਹਿਮ ਉਪਰਾਲੇ ਕਰ ਰਹੀ ਹੈ ਅਤੇ ਜੇਕਰ ਕੋਈ ਵਿਭਾਗੀ ਅਧਿਕਾਰੀ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਦੀ ਪਾਲਣਾ ਕਰਨ ਵਿੱਚ ਅਸਫ਼ਲ ਰਹੇਗਾ ਤਾਂ ਉਸ ਖਿਲਾਫ਼ ਕਾਰਵਾਈ ਕੀਤੀ ਜਾਵੇਗੀ। ਡਿਪਟੀ ਕਮਿਸ਼ਨਰ ਨੇ ਕਿਹਾ ਕਿ ਸਰਕਾਰੀ ਦਫ਼ਤਰਾਂ ਵਿੱਚ ਆਮ ਲੋਕਾਂ ਨੂੰ ਪਾਰਦਰਸ਼ੀ ਤੇ ਸਮਾਂਬੱਧ ਸੇਵਾਵਾਂ ਪ੍ਰਦਾਨ ਕਰਨ ਦੀ ਪ੍ਰਕਿਰਿਆ ਦੀ ਲਗਾਤਾਰ ਨਿਗਰਾਨੀ ਕੀਤੀ ਜਾ ਰਹੀ ਹੈ ਇਸ ਲਈ ਨਾਗਰਿਕਾਂ ਦਾ ਸਮਾਂ ਅਜਾਈਂ ਨਸ਼ਟ ਕਰਨ ਤੋਂ ਗੁਰੇਜ਼ ਕਰਦੇ ਹੋਏ ਲੋਕ ਪੱਖੀ ਸੋਚ ਨੂੰ ਅਪਣਾਇਆ ਜਾਵੇ। ਡਿਪਟੀ ਕਮਿਸ਼ਨਰ ਨੇ ਸਮੂਹ ਉਪ ਮੰਡਲ ਮੈਜਿਸਟਰੇਟ ਨੂੰ ਹਦਾਇਤ ਕੀਤੀ ਕਿ ਆਮ ਆਦਮੀ ਕਲੀਨਿਕਾਂ ਦੀ ਕਾਰਗੁਜ਼ਾਰੀ, ਜਲ ਸਪਲਾਈ ਸਕੀਮਾਂ, ਸੀਵਰੇਜ ਕਾਰਜਾਂ, ਇਰੀਗੇਸ਼ਨ ਦੇ ਕਾਰਜਾਂ, ਮਿਡ ਡੇਅ ਮੀਲ, ਜਨਤਕ ਸ਼ਿਕਾਇਤ ਨਿਵਾਰਨ ਪ੍ਰਣਾਲੀ ਤੇ ਈ-ਸੇਵਾ 'ਤੇ ਬਕਾਇਆ ਸ਼ਿਕਾਇਤਾਂ ਦੇ ਨਿਪਟਾਰੇ ਸਬੰਧੀ ਨਿਯਮਤ ਸਮੀਖਿਆਵਾਂ ਕੀਤੀਆਂ ਜਾਣ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਤੁਹਾਡੇ ਦੁਆਰ ਤਹਿਤ ਲੱਗਣ ਵਾਲੇ ਕੈਂਪਾਂ ਵਿੱਚ ਵੱਖ-ਵੱਖ ਸਰਕਾਰੀ ਸੇਵਾਵਾਂ ਲੋਕਾਂ ਨੂੰ ਸਮੇਂ ਸਿਰ ਮੁਹੱਈਆ ਕਰਵਾਉਣ ਲਈ ਵੀ ਕਦਮ ਪੁੱਟੇ ਜਾਣ। ਮੀਟਿੰਗ ਦੌਰਾਨ ਐਸ.ਡੀ.ਐਮ ਸੰਗਰੂਰ ਚਰਨਜੋਤ ਸਿੰਘ ਵਾਲੀਆ, ਐਸ.ਡੀ.ਐਮ ਧੂਰੀ ਅਮਿਤ ਗੁਪਤਾ, ਐਸ.ਡੀ.ਐਮ ਭਵਾਨੀਗੜ੍ਹ ਵਿਨੀਤ ਕੁਮਾਰ, ਐਸ.ਡੀ.ਐਮ ਦਿੜ੍ਹਬਾ ਰਾਜੇਸ਼ ਸ਼ਰਮਾ, ਐਸ.ਡੀ.ਐਮ ਸੁਨਾਮ ਪ੍ਰਮੋਦ ਸਿੰਗਲਾ, ਸਹਾਇਕ ਕਮਿਸ਼ਨਰ ਉਪਿੰਦਰਜੀਤ ਕੌਰ ਬਰਾੜ ਸਮੇਤ ਵੱਖ-ਵੱਖ ਵਿਭਾਗਾਂ ਦੇ ਮੁਖੀ ਵੀ ਹਾਜ਼ਰ ਸਨ।

### ਜ਼ਮੀਨੀ ਝਗੜੇ ਦੇ ਚੱਲਦਿਆਂ ਚਚੇਰੇ ਭਰਾ ਨੇ ਆਪਣੇ ਤਾਏ ਦੇ ਲੜਕੇ ਦਾ

# ਤੇਜ਼ਧਾਰ ਹਥਿਆਰਾਂ ਨਾਲ ਹਮਲਾ ਕਰ ਕੇ ਕੀਤਾ ਕਤਲੇਆਮ

### ਮ੍ਰਿਤਕ ਗੁਰਜੀਤ ਸਿੰਘ ਪੁਰਤਗਾਲ ਤੋਂ ਆਇਆ ਸੀ ਘਰ







**ਸ੍ਰੀ ਹਰਗੋਬਿੰਦਪੁਰ ਸਾਹਿਬ ਜੀ, 12 ਜੂਨ (ਕੁਲਜੀਤ ਸਿੰਘ ਖੋਖਰ)**-ਪੁਲਿਸ ਥਾਣਾ ਭੈਣੀ ਮੀਆਂ ਖਾਂ ਅਧੀਨ ਪੈਂਦੇ ਪਿੰਡ ਚੱਕ ਸ਼ਰੀਫ ਵਿਖੇ ਜਮੀਨੀ ਝਗੜੇ ਦੇ ਚੱਲਦਿਆਂ ਇੱਕ ਨੌਜਵਾਨ ਦਾ ਕਤਲ ਹੋ ਗਿਆ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਮ੍ਰਿਤਕ ਦੀ ਮਾਤਾ ਅਮਰਜੀਤ ਕੌਰ ਨੇ ਦੱਸਿਆ ਕਿ ਵਾਹੀ ਯੋਗ ਜ਼ਮੀਨ ਨੂੰ ਲੈ ਕੇ ਸਾਡਾ ਝਗੜਾ ਪਿੰਡ ਦੇ ਹੀ ਗੁਰਪ੍ਰੀਤ ਸਿੰਘ ਪੁੱਤਰ ਸੁਖਦੇਵ ਸਿੰਘ ਨਾਲ ਖਾਲ ਦਾ ਝਗੜਾ ਚੱਲ ਰਿਹਾ ਸੀ। ਜੋ ਕਿ ਰਿਸ਼ਤੇ ਵਿੱਚ ਮੇਰੇ ਪੁੱਤਰ ਗੁਰਜੀਤ ਸਿੰਘ ਦੇ ਤਾਏ ਦਾ ਪੁੱਤ ਭਰਾ ਹੈ। ਬੀਤੀ ਦੇਰ ਸ਼ਾਮ ਜਦੋਂ ਉਹ ਜ਼ਮੀਨ ਵਿੱਚ ਪਾਈ ਪਾਣੀ ਵਾਲੀ ਖਾਲ ਵਿਵਾਦਿਤ ਵੱਟ ਨੂੰ ਢਾਉਣ ਗਿਆ ਤਾਂ ਉਸ ਉੱਤੇ ਗੁਰਪ੍ਰੀਤ ਸਿੰਘ ਪੁੱਤਰ ਸੁਖਦੇਵ ਸਿੰਘ ਨੇ ਤੇਜ਼ ਧਾਰ ਹਥਿਆਰਾਂ ਨਾਲ ਹਮਲਾ ਕਰ ਦਿੱਤਾ। ਉਨ੍ਹਾਂ ਦੋਸ਼ ਲਗਾਇਆ ਕਿ ਇਸ ਮੌਕੇ ਹਮਲਾ ਕਰਨ ਵਾਲਿਆਂ ਵਿੱਚ ਗੁਰਪ੍ਰੀਤ ਸਿੰਘ ਉਰਫ (ਰਿੰਕੂ)। ਦੀ ਮਾਤਾ ਸੁਰਿੰਦਰ ਕੌਰ, ਪਤਨੀ ਮਨਜੀਤ ਕੌਰ ਨਵਦੀਪ ਕੌਰ ਰੂਹੀ ਪੁਤਰੀ ਗੁਰਪ੍ਰੀਤ ਸਿੰਘ ਨਵਰੀਤ ਕੌਰ ਅਤ ਨੈਨਸੀ ਪੁਤਰੀ ਗੁਰਪ੍ਰੀਤ ਸਿੰਘ ਅਗੇ ਉਹਨਾਂ ਕਿਹਾ ਕਿ ਸੁਰਿੰਦਰ ਕੌਰ ਨੇ ਘਰ ਵਿੱਚ ਦਾਖਿਲ ਹੋ ਕੇ ਲਲਕਾਰੇ ਮਾਰਦੇ ਹੋਏ ਕਿਹਾ ਕਿ ਗੁਰਜੀਤ ਸਿੰਘ ਨੂੰ ਅਜ ਛੱਡਣਾ ਨਹੀਂ ਇਹਨੂੰ ਖ਼ਤਮ ਕਰ ਦਿਉ ਅਗੇ ਉਹਨਾਂ ਕਿਹਾ ਕਿ ਇਸ ਵਾਰਦਾਤ ਵਿਚ ਗੁਰਪ੍ਰੀਤ ਸਿੰਘ ਅਤੇ ਉਸ ਦੀਆਂ ਪੁੱਤਰੀਆਂ ਵੀ ਸ਼ਾਮਲ ਸਨ। ਹਮਲਾ ਹੋਣ ਤੋਂ ਬਾਅਦ ਪਿੰਡ ਵਾਸੀਆਂ ਨੇ ਮੌਕੇ ਉੱਤੇ ਪਹੁੰਚ ਕੇ ਗੁਰਜੀਤ ਸਿੰਘ ਨੂੰ ਜ਼ਖਮੀ ਹਾਲਤ ਵਿੱਚ ਚੁੱਕੇ ਕੇ ਸਿਵਲ ਹਸਪਤਾਲ ਗੁਰਦਾਸਪੁਰ ਪਹੁੰਚਾਇਆ ਗਿਆ। ਜਿੱਥੇ ਜੇਰੇ ਇਲਾਜ ਦੌਰਾਨ ਦੇਰ ਰਾਤ ਉਸ ਦੀ ਮੌਤ ਹੋ ਗਈ। ਜਦੋਂ ਇਸ ਸਬੰਧੀ ਥਾਣਾ ਭੈਣੀ ਮੀਆਂ ਖਾਂ ਦੇ ਐਸ ਐਚ ਓ ਨਾਲ਼ ਗੱਲ ਕੀਤੀ ਤਾਂ ਉਹਨਾਂ ਕਿਹਾ ਕਿ ਅਮਰਜੀਤ ਕੌਰ ਦੇ ਬਿਆਨਾਂ ਤਹਿਤ ਪੰਜ ਦੋਸ਼ੀਆਂ ਖਿਲਾਫ ਵੱਖ ਵੱਖ ਧਾਰਾਵਾਂ 302,,452,,148,,149, ਤਹਿਤ ਪੁਲਿਸ ਵੱਲੋਂ ਮਾਮਲਾ ਦਰਜ ਕਰ ਕੇ ਦੋਸ਼ੀਆਂ ਨੂੰ ਕਾਬੂ ਕਰ ਲਿਆ ਗਿਆ ਹੈ। ਤੇ ਅਗੇ ਤਫਤੀਸ਼ ਜਾਰੀ ਹੈ।

# ਹਰ ਇੱਕ ਮਨੁੱਖ ਨੂੰ ਪੰਜ ਪੰਜ ਬੂਟੇ ਲਗਾਉਣੇ ਚਾਹੀਦੇ ਹਨ : ਹਰਜਿੰਦਰ ਸਿੰਘ ਜਲਾਲ ਉਸਮਾ



**ਚੌਕ ਮਹਿਤਾ, 12 ਜੂਨ ( ਬਾਬਾ ਸੁਖਵੰਤ ਸਿੰਘ ਚੰਨਣਕੇ )**-ਹਰੇਕ ਆਦਮੀ ਨੂੰ ਪੰਜ ਪੰਜ ਬੂਟੇ ਲਗਾਕੇ ਬੂਟਿਆਂ ਦੀ ਪਾਲਣਾ ਪੋਸਣਾ ਕਰਨੀ ਚਾਹੀਦੀ ਹੈ। ਕਿਉਂਕਿ ਹਰ ਸਾਲ ਪਾਣੀ ਦਾ ਪਧਰ ਹੇਠਾਂ ਨੂੰ ਜਾ ਰਿਹਾ ਹੈ। ਸਾਨੂੰ ਆਪਣੇ ਪਾਣੀ ਦਾ ਖਿਆਲ ਰੱਖਣਾ ਚਾਹੀਦਾ ਹੈ। ਲੋਕ ਧੜਾ ਧੜਾ ਦਰਖਤਾਂ ਦੀ ਕਟਾਈ ਕਰੀ ਜਾਂਦਾ ਹੈ। ਆਉਣ ਵਾਲੇ ਸਮੇਂ ਸਾਨੂੰ ਇਸ ਦਾ ਖਾਮੇਜਾ ਭੁਗਤਣਾ ਪੈ ਸਕਦਾ ਹੈ। ਇਹ ਵੀਚਾਰ ਸਮਾਜ ਸੇਵਕ ਸ, ਹਰਜਿੰਦਰ ਸਿੰਘ ਜਲਾਲ ਉਸਮਾ ਪ੍ਰਧਾਨ ਵਈਸ ਜਿਲਾ ਪਰਧਾਨ ਨੇ ਪੱਤਰਕਾਰਾ ਨਾਲ ਸਾਂਝੇ ਕੀਤੇ।

# ਪੁਲਿਸ ਕਮਿਸ਼ਨਰ ਸ੍ਰੀ ਰਾਮ ਤੀਰਥ ਵਿਖੇ ਹੋਏ ਨਤਮਸਤਕ



**ਚੌਕ ਮਹਿਤਾ, 12 ਜੂਨ (ਬਾਬਾ ਸੁਖਵੰਤ ਸਿੰਘ ਚੰਨਣਕੇ)**-ਸੀਤਾ ਮਾਤਾ ਲਵ ਕੁਸ਼ ਜਨਮ ਭੂਮੀ ਭਗਵਾਨ ਵਾਲਮੀਕ ਤੀਰਥ ਸਥਲ ਸ੍ਰੀ ਰਾਮ ਤੀਰਥ ਵੱਖ-ਵੱਖ ਇਤਿਹਾਸ ਦਾ ਸੋਮਾ ਹੈ ਇਹ ਵਿਚਾਰ ਨਵ ਨਿਯੁਕਤ ਕਮਿਸ਼ਨਰ ਪੁਲਿਸ ਅੰਮ੍ਰਿਤਸਰ ਰਣਜੀਤ ਸਿੰਘ ਆਈਪੀਐਸ ਸ੍ਰੀ ਰਾਮ ਤੀਰਥ ਵਿਖੇ ਨਤ ਮਸਤਕ ਹੋਣ ਉਪਰੰਤ ਪਰਮਾਤਮਾ ਦਾ ਸ਼ੁਕਰਾਨਾ ਕਰਦਿਆਂ ਪ੍ਰੈਸ ਨਾਲ ਗੱਲਬਾਤ ਕਰਦਿਆਂ ਸਾਂਝੀ ਕੀਤੇ ਇਸ ਮੌਕੇ ਸੀਤਾ ਮਾਤਾ ਲਵ ਕੁਸ਼ ਪਾਠਸ਼ਾਲਾ ਦੇ ਗੱਦੀ ਨਸ਼ੀਨ ਮਨਜੀਤ ਗਿਰ ਜਨਰਲ ਮੈਨੇਜਰ ਸਰਾਇਨ ਬੋਰਡ ਖੁਸ਼ ਰਾਜ ਵੱਲੋਂ ਜੀ ਆਇਆ ਆਖਦਿਆਂ ਉਹਨਾਂ ਨੂੰ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ ਇਸ ਮੌਕੇ ਹਰਜੋਤ ਸਿੰਘ ਇੰਚਾਰਜ ਰਾਮ ਤੀਰਥ ਪਰਸੋਤਮ ਕੁਲਵੰਤ ਸਿੰਘ ਲੋਪੋਕੇ ਤੋਂ ਇਲਾਵਾ ਸੰਗਤਾਂ ਹਾਜ਼ਰ ਸਨ

# ਪਠਾਨਕੋਟ ਪੁਲਿਸ ਵੱਲੋਂ ਨਸ਼ਿਆਂ ਵਿਰੁੱਧ ਆਯੋਜਿਤ ਕੀਤੀ ਗਈ ਮੈਗਾ ਸਾਈਕਲਿੰਗ ਰੈਲੀ

**ਪਠਾਨਕੋਟ,12 ਜੂਨ (ਆਵਾਜ਼ਿ ਕੌਮ ਬਿਊਰੋ)**-ਨਸ਼ਿਆਂ ਦੀ ਅਲਾਮਤ ਨੂੰ ਨੱਥ ਪਾਉਣ ਲਈ ਇੱਕ ਅਹਿਮ ਕਦਮ ਚੁੱਕਦਿਆਂ ਪਠਾਨਕੋਟ ਪੁਲਿਸ ਨੇ ਡਾਇਰੈਕਟਰ ਜਨਰਲ ਪੁਲਿਸ (ਡੀ.ਜੀ.ਪੀ) ਪੰਜਾਬ, ਸ੍ਰੀ ਗੌਰਵ ਯਾਦਵ, ਆਈ.ਪੀ.ਐਸ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਪਠਾਨਕੋਟ ਵਿਖੇ ਡੀ.ਆਈ.ਜੀ ਬਾਰਡਰ ਰੇਜ਼ ਸ੍ਰੀ ਰਾਕੇਸ ਕੌਸਲ, ਆਈ.ਪੀ.ਐਸ ਅਤੇ ਐਸ.ਐਸ.ਪੀ ਪਠਾਨਕੋਟ ਸ੍ਰੀ ਸੁਹੇਲ ਕਾਸਿਮ ਮੀਰ, ਆਈ.ਪੀ.ਐਸ ਵੱਲੋਂ ਅੱਜ ਲਮੀਣੀ ਵਿਖੇ ਸਥਿਤ ਮਲਟੀਪਰਪਜ ਸਪੋਰਟਸ ਸਟੇਡੀਅਮ ਤੋਂ ਜਾਗਰੂਕਤਾਂ ਮੁਹਿੰਮ ਦੀ ਸੁਰੂਆਤ ਕੀਤੀ।

ਸਾਈਕਲੋਥਨ-2024, ਜਿਸ ਦਾ ਉਦੇਸ ਨਸ਼ਿਆਂ ਦੀ ਦੁਰਵਰਤੋਂ ਦੇ ਖਤਰਿਆਂ ਬਾਰੇ ਜਾਗਰੂਕਤਾ ਪੈਦਾ ਕਰਨਾ ਅਤੇ ਇੱਕ ਸਿਹਤਮੰਦ ਜੀਵਨ ਸੈਲੀ ਦੇ ਰੂਪ ਵੱਜੋਂ ਸਾਈਕਲ ਚਲਾਉਣ ਨੂੰ ਉਤਸਾਹਿਤ ਕਰਨਾ ਹੈ, ਦੀ ਸੁਰੂਆਤ ਮਲਟੀਪਰਪਜ ਸਪੋਰਟਸ ਸਟੇਡੀਅਮ, ਲਮੀਨੀ ਪਠਾਨਕੋਟ ਤੋਂ ਸਵੇਰੇ 7:00 ਵਜੇ ਕੀਤੀ ਗਈ। 10 ਕਿਲੋਮੀਟਰ ਦੇ ਇਸ ਰੂਟ ਵਿੱਚ ਸਿਵਲ ਪ੍ਰਸਾਸ਼ਨ, ਨਿਆਪਾਲਿਕਾ, ਸ਼ੈਨਾਂ, ਸੀਮਾ ਸੁਰੱਖਿਆ ਬਲ (ਬੀ.ਐਸ.ਐਫ), ਵਪਾਰਕ ਯੂਨੀਅਨਾਂ, ਕਲਾਕਾਰਾਂ, ਖਿਡਾਰੀਆਂ, ਮੈਡੀਕਲ ਐਸੋਸੀਏਸਨ, ਬਾਰ ਐਸੋਸੀਏਸਨ, ਗੈਰਸਰਕਾਰੀ ਸੰਗਠਨਾਂ ਅਤੇ ਸਾਈਕਲਿੰਗ ਕਲੱਬ ਦੇ ਮੈਂਬਰਾਂ ਸਮੇਤ ਸਮਾਜ ਦੇ ਵੱਖ-ਵੱਖ ਸਥਾਨਾਂ ਤੋਂ ਹਿੱਸਿਆਂ ਤੋਂ ਇਸ ਸਾਈਕਲੋਥਨ-2024 ਵਿੱਚ ਉਤਸਾਹ ਨਾਲ ਹਿੱਸਾ ਲਿਆ।

ਸਾਈਕਲ ਰੈਲੀ ਵਿੱਚ ਕਰੀਬ 2000 ਲੋਕਾਂ ਨੇ ਹਿੱਸਾ ਲਿਆ , ਜਿਹਨਾਂ ਵਿੱਚ ਸਕੂਲ ਜਾਣ ਵਾਲੇ ਛੋਟੇ ਬੱਚਿਆਂ ਤੋਂ ਲੈ ਕੇ ਬਜੁਰਗ ਨਾਗਰਿਕ ਸਾਮਲ ਸਨ। ਸਵੇਰ ਦੇ ਸਮਾਗਮ ਦੀ ਸੁਰੂਆਤ ਸੱਭਿਆਚਾਰਕ ਪੇਸਕਾਰੀ ਨਾਲ ਕੀਤੀ ਗਈ, ਜਿਸ ਨੇ ਹਾਜਰ ਪਬਲਿਕ ਦਾ ਮਨ ਮੋਹ ਲਿਆ। ਇਸ ਰੈਲੀ ਨੂੰ ਡੀ.ਆਈ.ਜੀ ਬਾਰਡਰ ਰੇਜ਼ ਸ੍ਰੀ ਰਾਕੇਸ ਕੌਸਲ, ਜ਼ਿਲ੍ਹਾ ਅਤੇ ਸੈਸਨ ਜੱਜ ਪਠਾਨਕੋਟ, ਸ੍ਰੀ ਜਤਿੰਦਰਪਾਲ ਸਿੰਘ ਖੁਰਮੀ ਅਤੇ ਐਸ.ਐਸ.ਪੀ ਪਠਾਨਕੋਟ ਸ੍ਰੀ ਸੁਹੇਲ ਕਾਸਿਮ ਮੀਰ ਵੱਲੋਂ ਪਹਿਲਾ ਹਵਾਂ ਵਿੱਚ ਗੁਬਬਾਰੇ ਛੱਡੇ ਗਏ ਅਤੇ ਫਿਰ ਹਰੀ ਝੰਡੀ ਦਿਖਾ ਕੇ ਸਾਈਕਲੋਥਨ-2024 ਦੀ ਸੁਰੂਆਤ ਕੀਤੀ ਗਈ।

ਜਿਕਰਯੋਗ ਹੈ ਕਿ ਸਾਈਕਲੋਥਨ-2024 ਦੋਰਾਨ ਸਪੋਰਟਸ ਸਟੇਡੀਅਮ ਲਮੀਣੀ ਵਿਖੇ ਯਾਦਗਾਰ ਬਣਾਉਂਣ ਲਈ ਵਿਸ਼ੇਸ ਤੋਰ ਤੇ ਸੈਲਫੀ ਪੁਆਇੰਟ ਸਥਾਪਿਤ ਕੀਤੇ ਗਏ ਸਨ। ਡੀ.ਆਈ.ਜੀ ਬਾਰਡਰ ਰੇਜ਼, ਸ੍ਰੀ ਰਾਕੇਸ ਕੌਸਲ, ਜ਼ਿਲ੍ਹਾ ਅਤੇ ਸੈਸਨ ਜੱਜ ਪਠਾਨਕੋਟ, ਸ੍ਰੀ ਜਤਿੰਦਰਪਾਲ ਸਿੰਘ ਖੁਰਮੀ ਅਤੇ ਐਸ.ਐਸ.ਪੀ ਪਠਾਨਕੋਟ ਸ੍ਰੀ ਸੁਹੇਲ ਕਾਸਿਮ ਮੀਰ ਸਮੇਤ ਹੋਰ ਅਧਿਕਾਰੀਆਂ ਵੱਲੋਂ ਸਾਈਕਲੋਥਨ-2024 ਦੀ ਅਗਾਵਾਈ ਕੀਤੀ ਗਈ ਅਤੇ 10 ਕਿਲੋਮੀਟਰ ਰੂਟ ਤੇ ਸਾਈਕਲ ਚਲਾਇਆ ਗਿਆ। ਇਸ ਪ੍ਰੋਗਰਾਮ ਨੇ ਨਸ਼ਿਆਂ ਵਿਰੁੱਧ ਜਾਗਰੂਕਤਾ ਦੇ ਗੰਭੀਰ ਸ਼ੰਦੇਸ ਨੂੰ ਮਨੋਰੰਜਨ ਦੇ ਨਾਲ ਜੋੜਿਆ, ਜਿਸ ਨਾਲ ਭਾਗੀਦਾਰਾਂ ਦੇ ਪੈਦਲ ਚੱਲਣ ਤੇ ਖੁਸੀ ਭਰੇ ਮਾਹੌਲ ਨੂੰ ਯਕੀਨੀ ਬਣਾਇਆ ਗਿਆ। ਅਧਿਕਾਰੀਆਂ ਅਤੇ ਭਾਗੀਦਾਰਾਂ ਨੂੰ ਪੂਰੀ ਯਾਤਰਾ ਦੋਰਾਨ ਉਤਸਾਹਿਤ ਕਰਨ ਲਈ ਵੱਖ-ਵੱਖ ਥਾਵਾਂ ਤੇ ਲੋਕਾਂ ਵੱਲੋਂ ਉਨ੍ਹਾਂ ਤੇ ਫੁੱਲਾਂ ਦੀ ਵਰਖਾ ਕਰਕੇ ਭਰਵਾਂ ਸਵਾਗਤ ਕੀਤਾ ਗਿਆ। ਸਮਾਗਮ ਦੇ ਅੰਤ ਵਿੱਚ ਸਾਰੇ ਭਾਗੀਦਾਰਾਂ ਨੂੰ ਭਾਗੀਦਾਰੀ ਦੇ ਸਰਟੀਫਿਕੇਟ ਵੰਡੇ ਗਏ ਅਤੇ ਮਹਿਮਾਨਾਂ ਨੂੰ ਡੀ.ਆਈ.ਜੀ ਬਾਰਡਰ ਰੇਜ਼, ਜ਼ਿਲ੍ਹਾ ਅਤੇ ਸੈਸਨ ਜੱਜ ਪਠਾਨਕੋਟ ਅਤੇ ਐਸ.ਐਸ.ਪੀ ਪਠਾਨਕੋਟ ਵੱਲੋਂ ਯਾਦਗਾਰੀ ਚਿੰਨ ਦੇ ਕੇ ਸਨਮਾਨਿਤ ਕੀਤਾ ਗਿਆ।

ਇਸ ਮੋਕੇ ਤੇ ਸੰਬੋਧਤ ਕਰਦਿਆਂ ਡੀ.ਆਈ.ਜੀ ਬਾਰਡਰ ਰੇਜ਼ ਸ੍ਰੀ ਰਾਕੇਸ ਕੌਸਲ, ਆਈ.ਪੀ.ਐਸ ਨੇ ਇਸ ਉਪਰਾਲੇ ਦੀ ਸਲਾਘਾ ਕਰਦਿਆਂ ਡੀ.ਜੀ.ਪੀ ਪੰਜਾਬ ਦੇ ਦਿਸਾਂ ਨਿਰਦੇਸਾਂ ਅਨੁਸਾਰ ਅਜਿਹੇ ਪ੍ਰੋਗਰਾਮਾਂ ਦੀ ਮਹੱਤਤਾ ਤੇ ਜੋਰ ਦਿੱਤਾ ਅਤੇ ਕਿਹਾ ਕਿ ਪਠਾਨਕੋਟ ਅਜਿਹਾ ਪਹਿਲਾ ਜਿਲ੍ਹਾ ਹੈ, ਜਿਸ ਨੇ ਨਸਿਆਂ ਵਿਰੁੱਧ ਜਾਗਰੂਕਤਾ ਪ੍ਰੋਗਰਾਮਾਂ ਦੇ ਚੌਥੇ ਦੌਰ ਦੀ ਸੁਰੂਆਤ ਕੀਤੀ ਅਤੇ ਇਸ ਸਮਾਗਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਨ ਲਈ ਐਸ.ਐਸ.ਪੀ ਪਠਾਨਕੋਟ ਤੇ ਉਨ੍ਹਾਂ ਦੀ ਟੀਮ ਦੀ ਸਲਾਘਾ ਕੀਤੀ।

ਐਸ.ਐਸ.ਪੀ ਪਠਾਨਕੋਟ ਸ੍ਰੀ ਸੁਹੇਲ ਮੀਰ, ਆਈ.ਪੀ.ਐਸ ਨੇ ਆਮ ਲੋਕਾਂ, ਖਾਸ ਤੌਰ ਤੇ ਨੌਜਵਾਨਾਂ ਨੂੰ ਜਾਗਰੂਕ ਕਰਨ ਲਈ ਅਜਿਹੇ ਪ੍ਰੋਗਰਾਮ ਦੀ ਅਹਿਮ ਭੂਮਿਕਾ ਨੂੰ ਉਜਾਗਰ ਕੀਤਾ। ਉਨ੍ਹਾਂ ਇਹ ਵੀ ਦੱਸਿਆ ਕਿ ਪਠਾਨਕੋਟ ਪੁਲਿਸ ਨੇ ਨਸ਼ਾ ਤਸਕਰਾਂ ਨੂੰ ਨੱਥ ਪਾਉਣ ਲਈ ਹਾਲ ਹੀ ਵਿੱਚ 40 ਦੇ ਕਰੀਬ ਨਸ਼ਾ ਤਸਕਰਾਂ ਦੀਆਂ ਜਾਇਦਾਦਾਂ ਅਟੈਚ ਕਰ ਦਿੱਤੀਆਂ ਗਈਆਂ ਹਨ, ਜਿਨ੍ਹਾਂ ਦੀ ਕੀਮਤ ਲਗਭਗ 06 ਕਰੋੜ ਹੈ। ਉਨ੍ਹਾਂ ਭਰੋਸਾ ਦਵਾਇਆ ਕਿ ਨਸਿਆਂ ਵਿਰੁੱਧ ਲੜਾਈ ਅਡੋਲ ਇਰਾਦੇ ਨਾਲ ਜਾਰੀ ਰਹੇਗੀ।